@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 8 September 2024

Punjabi National Daily

Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 8 ਸਤੰਬਰ 2024, 23 ਭਾਦੋ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 303, qpatrika@gmail.com ਫੋਨ : 9971359517 www.qaumipatrika.org

## ਕਾਂਗਰਸ ਕੋਲ ਆਪਣੇ ਦਮ 'ਤੇ ਚੋਣ ਲੜਨ ਦੀ ਤਾਕਤ ਨਹੀਂ : ਅਨਿਲ ਵਿਜ

ਹਰਿਆਣਾ 7 ਸਤੰਬਰ। ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਨੇਤਾ ਅਨਿਲ ਵਿਜ ਨੇ ਕਿਹਾ ਕਿ ਹਰਿਆਣਾ 'ਚ ਕਾਂਗਰਸ ਕੋਲ ਆਪਣੇ ਦਮ 'ਤੇ ਚੋਣ ਲੜਨ ਦੀ ਤਾਕਤ ਨਹੀਂ ਹੈ, ਇਸ ਲਈ ਆਮ ਆਦਮੀ ਪਾਰਟੀ (ਆਪ) ਨਾਲ ਨਜਦੀਕੀਆਂ ਵਧਾ ਰਹੀ ਹੈ। ਉਨ੍ਹਾਂ ਨੇ 5 ਅਕਤੂਬਰ ਨੂੰ ਹੋਣ ਵਾਲੀਆਂ ਰਾਜ ਵਿਧਾਨ ਸਭਾ ਚੋਣਾਂ ਲਈ ਗਠਜੋੜ 'ਤੇ ਗੱਲਬਾਤ ਕਰ ਰਹੀਆਂ ਦੋਵੇਂ ਪਾਰਟੀਆਂ 'ਤੇ ਤੰਜ ਕੱਸਦੇ ਹੋਏ ਇਹ ਕਿਹਾ। ਕਾਂਗਰਸ ਅਤੇ 'ਆਪ' ਦੇ ਕਰੀਬੀ ਸੂਤਰਾਂ ਨੇ ਮੰਗਲਵਾਰ ਨੂੰ ਦੱਸਿਆ ਕਿ ਦੋਵੇਂ ਦਲ ਹਰਿਆਣਾ 'ਚ ਗਠਜੋੜ 'ਤੇ ਗੱਲਬਾਤ ਕਰ ਰਹੇ ਹਨ ਪਰ ਹੁਣ ਤੱਕ ਅੰਤਿਮ ਫੈਸਲਾ ਨਹੀਂ ਲਿਆ ਗਿਆ ਹੈ। ਹਰਿਆਣਾ ਦੇ ਸਾਬਕਾ ਗ੍ਰਹਿ ਮੰਤਰੀ ਨੇ ਕਿਹਾ,"ਕਾਂਗਰਸ ਕੋਲ ਹਰਿਆਣਾ 'ਚ ਆਪਣੇ ਦਮ 'ਤੇ ਚੋਣ ਲੜਨ ਦੀ ਤਾਕਤ ਨਹੀਂ ਹੈ, ਇਹੀ ਵਜ੍ਹਾ ਹੈ ਕਿ ਉਹ ਹੁਣ 'ਆਪ' ਨਾਲ ਨਜਦੀਕੀਆਂ ਵਧਾ ਰਹੇ ਹਨ ਅਤੇ ਪਾਰਟੀ ਨਾਲ ਗਠਜੋੜ ਕਰ ਰਹੇ ਹਨ।" ਉਨ੍ਹਾਂ ਕਿਹਾ ਕਿ ਕੱਲ੍ਹ ਤੱਕ ਸਾਬਕਾ ਮੁੱਖ ਮੰਤਰੀ ਭੂਪਿੰਦਰ ਸਿੰਘ ਹੁੱਡਾ ਸਮੇਤ ਹਰਿਆਣਾ ਕਾਂਗਰਸ ਦੇ ਸਾਰੇ ਨੇਤਾ ਇਹ ਦਾਅਵਾ ਕਰ ਰਹੇ ਸਨ ਕਿ ਕਾਂਗਰਸ ਦੇ ਟਿਕਟ ਲਈ ਬਹੁਤ ਸਾਰੇ ਦਾਅਵੇਦਾਰ ਹਨ। ਵਿਜ ਨੇ ਕਿਹਾ,"ਹੁਣ ਸ਼ਾਇਦ ਇਹ ਪੂਰੀ ਗਿਣਤੀ ਵੀ ਨਹੀਂ ਜੁਟਾ ਪਾ ਰਹੇ ਸਨ, ਇਸ ਲਈ ਉਹ ਬਾਹਰੋਂ ਸਮਰਥਨ ਮੰਗ ਰਹੇ ਹਨ। ਸਿਰਫ ਕਮਜੋਰ ਹੀ ਬਾਹਰੀ ਸਮਰਥਨ ਮੰਗਦਾ ਹੈ।" ਹਰਿਆਣਾ ਵਿਧਾਨ ਸਭਾ ਚੋਣਾਂ ਲਈ ਆਪ-ਕਾਂਗਰਸ ਗਠਜੋੜ ਬਣਾਉਣ ਦੀਆਂ ਕੋਸ਼ਿਸ਼ਾਂ ਤੇਜ ਹੋ ਗਈਆਂ ਹਨ ਅਤੇ ਦੋਵੇਂ ਪਾਰਟੀਆਂ ਸੀਟ ਵੰਡ ਨੂੰ ਲੈ ਕੇ ਗੱਲਬਾਤ ਕਰ ਰਹੀਆਂ ਹਨ। 'ਆਪ' ਦੇ ਸੂਤਰਾਂ ਅਨੁਸਾਰ, ਆਮ ਆਦਮੀ ਪਾਰਟੀ 90 'ਚੋਂ 10 ਸੀਟਾਂ ਦੀ ਮੰਗ ਕਰ ਰਹੀ ਹੈ, ਜਦੋਂ ਕਿ ਕਾਂਗਰਸ ਸਿਰਫ 7 ਸੀਟਾਂ ਦੇਣ ਨੂੰ ਤਿਆਰ ਹੈ। 'ਆਪ' ਦੇ ਸੂਤਰਾਂ ਨੇ ਮੰਗਲਵਾਰ ਨੂੰ ਦੱਸਿਆ ਕਿ ਪਾਰਟੀ ਦੇ ਸੀਨੀਅਰ ਨੇਤਾ ਅਤੇ ਰਾਜ ਸਭਾ ਮੈਂਬਰ ਰਾਘਵ ਚੱਢਾ ਅਤੇ ਕਾਂਗਰਸ ਦੇ ਕੇ.ਸੀ. ਵੇਣੂਗੋਪਾਲ ਦਰਮਿਆਨ ਪਹਿਲੇ ਹੀ 2 ਦੌਰ ਦੀ ਗੱਲਬਾਤ ਹੋ ਚੁੱਕੀ ਹੈ ਅਤੇ ਇਕ-ਦੋ ਦਿਨ 'ਚ ਉਹ ਮੁੜ ਬੈਠਕ ਕਰ ਸਕਦੇ ਹਨ।



# ਜੰਮੂ-ਕਸ਼ਮੀਰ 'ਚ ਰਾਸ਼ਟਰੀ ਝੰਡੇ ਤੇ ਸੰਵਿਧਾਨ ਹੇਠ ਹੋ ਰਹੀਆਂ ਨੇ 'ਇਤਿਹਾਸਕ' ਵਿਧਾਨ ਸਭਾ ਚੋਣਾਂ: ਅਮਿਤ ਸ਼ਾਹ

**ਸਿੰਮੀ ਕੌਰ ਬੱਬਰ**

ਜੰਮੂ 7 ਸਤੰਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਨੇ ਵਿਧਾਨ ਸਭਾ ਚੋਣਾਂ ਤੋਂ ਬਾਅਦ ਜੰਮੂ-ਕਸਮੀਰ ਨੂੰ ਰਾਜ ਦਾ ਦਰਜਾ ਬਹਾਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਧਾਰਾ 370 ਨੂੰ ਖਤਮ ਕਰਨ ਤੋਂ ਬਾਅਦ ਜੰਮੂ-ਕਸਮੀਰ ਵਿੱਚ ਰਾਸਟਰੀ ਝੰਡੇ ਅਤੇ ਸੰਵਿਧਾਨ ਹੇਠ ਹੋਣ ਵਾਲੀ ਇਹ ਪਹਿਲੀ ਵਿਧਾਨ ਸਭਾ ਚੋਣ ਹੈ। ਸਾਹ ਨੇ ਕਾਂਗਰਸ-ਨੈਸਨਲ ਕਾਨਫਰੰਸ (ਐੱਨਸੀ) ਗਠਜੋੜ 'ਤੇ "ਪੁਰਾਣੀ ਪ੍ਰਣਾਲੀ" ਨੂੰ ਮੁੜ ਸੁਰਜੀਤ ਕਰਨ ਦੀ ਕੋਸ਼ਿਸ਼ ਕਰਨ ਦਾ ਦੋਸ ਲਗਾਇਆ। ਉਨ੍ਹਾਂ ਕਿਹਾ ਕਿ ਕੌਮੀ ਜਮਹੂਰੀ ਗਠਜੋੜ ਦੀ ਸਰਕਾਰ ਅੱਤਵਾਦ ਨੂੰ ਮੁੜ ਸਿਰ ਚੁੱਕਣ ਨਹੀਂ ਦੇਵੇਗੀ ਅਤੇ ਭਾਜਪਾ ਸਰਕਾਰ ਵੱਲੋਂ ਰਾਖਵਾਂਕਰਨ ਦਿੱਤੇ ਗਏ ਗੁਰਜਰਾਂ, ਪਹਾੜੀਆਂ, ਬੱਕਰਵਾਲਾਂ ਅਤੇ ਦਲਿਤਾਂ ਸਮੇਤ ਕਿਸੇ ਵੀ ਭਾਈਚਾਰੇ ਨਾਲ ਬੇਇਨਸਾਫੀ ਨਹੀਂ ਹੋਣ ਦੇਵੇਗੀ, ਜਿਨ੍ਹਾਂ ਨੂੰ ਭਾਜਪਾ ਸਰਕਾਰ ਨੇ ਰਾਖਵਾਂਕਰਨ ਦਿੱਤਾ ਹੈ। ਸਾਹ 18 ਸਤੰਬਰ ਤੋਂ ਤਿੰਨ ਗੇੜਾਂ 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਭਾਜਪਾ ਦੀ ਚੋਣ ਮੁਹਿੰਮ ਨੂੰ ਮਜਬੂਤ ਕਰਨ ਲਈ ਜੰਮੂ ਦੇ ਦੋ ਦਿਨਾਂ ਦੌਰੇ 'ਤੇ ਹਨ। ਉਨ੍ਹਾਂ ਨੇ ਦੌਰੇ ਦੇ ਪਹਿਲੇ ਦਿਨ ਸ਼ੁੱਕਰਵਾਰ ਨੂੰ ਪਾਰਟੀ ਦਾ ਚੋਣ ਮੈਨੀਫੈਸਟੋ ਜਾਰੀ ਕੀਤਾ ਅਤੇ ਪ੍ਰਚਾਰ ਰਣਨੀਤੀ 'ਤੇ ਚਰਚਾ ਕਰਨ ਲਈ ਸੀਨੀਅਰ ਮੰਤਰੀਆਂ ਨਾਲ ਦੋ ਅਹਿਮ ਮੀਟਿੰਗਾਂ ਦੀ ਪ੍ਰਧਾਨਗੀ ਵੀ ਕੀਤੀ। ਗ੍ਰਹਿ ਮੰਤਰੀ ਨੇ ਸ਼ਨੀਵਾਰ ਨੂੰ ਇਥੇ ਭਾਜਪਾ ਵਰਕਰਾਂ ਦੀ ਇਕ ਰੈਲੀ ਨੂੰ ਸੰਬੋਧਨ ਕਰਦੇ ਹੋਏ ਕਿਹਾ, 'ਜੰਮੂ-ਕਸਮੀਰ 'ਚ ਹੋਣ ਵਾਲੀਆਂ ਚੋਣਾਂ ਇਤਿਹਾਸਕ ਹਨ, ਕਿਉਂਕਿ ਆਜਾਦੀ ਤੋਂ ਬਾਅਦ ਪਹਿਲੀ ਵਾਰ ਇੱਥੇ ਸਾਡੇ ਰਾਸਟਰੀ ਝੰਡੇ ਅਤੇ ਸੰਵਿਧਾਨ ਹੇਠ ਚੋਣਾਂ ਹੋ ਰਹੀਆਂ ਹਨ, ਜਦਕਿ ਇਸ ਤੋਂ ਪਹਿਲਾਂ ਚੋਣਾਂ ਦੋ ਝੰਡਿਆਂ ਅਤੇ ਦੋ ਸੰਵਿਧਾਨਾਂ ਹੇਠ ਹੋਈਆਂ ਸਨ। ਸਾਡੇ ਕੋਲ ਕਸਮੀਰ ਤੋਂ ਕੰਨਿਆਕੁਮਾਰੀ ਤੱਕ ਸਿਰਫ ਇਕ ਪ੍ਰਧਾਨ ਮੰਤਰੀ ਹੈ ਅਤੇ ਉਹ ਹੈ ਨਰਿੰਦਰ ਮੋਦੀ।' ਐੱਨਸੀ-ਕਾਂਗਰਸ ਗਠਜੋੜ 'ਤੇ ਨਿਸਾਨਾ ਸਾਧਦੇ ਹੋਏ ਸਾਹ ਨੇ ਦੋਸ ਲਾਇਆ ਕਿ ਉਹ ਇਕ ਵਾਰ ਫਿਰ ਤੋਂ ਜੰਮੂ-ਕਸਮੀਰ ਨੂੰ ਅਜਿਹੇ ਸਮੇਂ 'ਚ ਅੱਤਵਾਦ ਦੀ ਅੱਗ 'ਚ ਧੱਕਣ ਦੀ ਕੋਸ਼ਿਸ਼ ਕਰ ਰਹੇ ਹਨ,ਜਦੋਂ ਸਰਕਾਰ ਨੇ ਕੇਂਦਰ ਸਾਸਤ ਪ੍ਰਦੇਸ 'ਚ ਅੱਤਵਾਦ ਦੀਆਂ ਘਟਨਾਵਾਂ 'ਚ 70 ਫੀਸਦੀ ਕਮੀ ਲਿਆਂਦੀ ਹੈ। ਉਨ੍ਹਾਂ ਨੇ ਪਾਰਟੀ ਵਰਕਰਾਂ ਨੂੰ ਕਿਹਾ, " ਅਤੇ ਕਾਂਗਰਸ ਜੰਮੂ-ਕਸਮੀਰ ਵਿੱਚ ਕਦੇ ਵੀ ਸਰਕਾਰ ਨਹੀਂ ਬਣਾ ਸਕਣਗੀਆਂ, ਇਸ ਗੱਲ ਦਾ ਯਕੀਨ ਰੱਖੋ।" ਸਾਹ ਨੇ ਭਾਜਪਾ ਵਰਕਰਾਂ ਨੂੰ ਅਗਲੀ ਸਰਕਾਰ ਬਣਾਉਣ ਲਈ ਪਾਰਟੀ ਉਮੀਦਵਾਰਾਂ ਦੀ ਸਫਲਤਾ ਯਕੀਨੀ ਬਣਾਉਣ ਲਈ ਉਤਸਾਹਿਤ ਕੀਤਾ।



# ਮੁਫਤ ਬਿਜਲੀ ਨੇ ਗਰੀਬ ਪਰਿਵਾਰਾਂ ਨੂੰ ਦਿੱਤੀ ਵੱਡੀ ਆਰਥਿਕ ਰਾਹਤ

**ਨਵਦੀਪ ਸਿੰਘ ਸਾਹਨੀ**

ਜਲੰਧਰ 7 ਸਤੰਬਰ। ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਦਿੱਤੀ ਜਾ ਰਹੀ ਮੁਫਤ ਬਿਜਲੀ ਕਾਰਨ ਗਰੀਬ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ ਹੈ। ਜਿਹੜਾ ਪੈਸਾ ਗਰੀਬ ਪਰਿਵਾਰ ਪਹਿਲਾਂ ਬਿਜਲੀ ਬਿੱਲਾਂ ਦੇ ਭੁਗਤਾਣ ਵਿਚ ਖਰਚ ਕਰਦਾ ਸੀ, ਹੁਣ ਉਹੀ ਪੈਸਾ ਪਰਿਵਾਰ ਲਈ ਖਰਚ ਕੀਤਾ ਜਾ ਰਿਹਾ ਹੈ, ਇਸ ਨਾਲ ਘਰੇਲੂ ਖਪਤਕਾਰਾਂ ਨੂੰ ਆਰਥਿਕ ਰਾਹਤ ਮਿਲੀ ਹੈ। ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦੀ ਪਹਿਲ ਨਾਲ 90 ਫੀਸਦੀ ਘਰੇਲੂ ਖਪਤਕਾਰਾਂ ਨੂੰ ਮੁਫਤ ਬਿਜਲੀ ਦੀ ਸਹੂਲਤ ਮਿਲ ਰਹੀ ਹੈ। ਸਾਲ 2022 ਵਿਚ ਜਦੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਅਹੁਦਾ ਸੰਭਾਲਿਆ ਸੀ ਤਾਂ ਪੰਜਾਬ ਦੇ 3 ਕਰੋੜ ਤੋਂ ਵੱਧ ਲੋਕਾਂ ਲਈ ਇਕ ਵੱਡੀ ਚਿੰਤਾ ਇਹ ਸੀ ਕਿ ਕੀ ਕੋਈ ਨਵੀਂ ਸਰਕਾਰ ਪਹਿਲੇ ਤਿੰਨ ਮਹੀਨਿਆਂ ਤੋਂ 300 ਯੂਨਿਟ ਮੁਫਤ ਬਿਜਲੀ ਦੇਵੇਗੀ। ਸੱਤਾ ਵਿਚ ਆਉਣ ਦੇ ਕੁਝ ਹਫਤਿਆਂ ਬਾਅਦ ਹੀ 16 ਅਪ੍ਰੈਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਨੇ ਇਤਿਹਾਸਕ ਐਲਾਨ ਕੀਤਾ, ਜਿਸ ਦਾ ਲੋਕਾਂ 'ਤੇ ਬੇਹੱਦ ਅਸਰ ਹੋਇਆ। ਉਨ੍ਹਾਂ ਵੱਲੋਂ 300 ਯੂਨਿਟ ਮੁਫਤ ਬਿਜਲੀ ਦੇਣ ਦਾ ਐਲਾਨ ਕੀਤਾ। ਇਹ ਇਕ ਅਜਿਹਾ ਕਦਮ ਹੈ, ਜੋ ਨਾ ਸਿਰਫ ਉਨ੍ਹਾਂ ਵੱਲੋਂ ਕੀਤੇ ਗਏ ਵਾਅਦੇ ਨੂੰ ਪੂਰਾ ਕਰਦਾ ਸੀ ਸਗੋਂ ਸੂਬੇ ਦੇ ਸ਼ਾਸਨ ਵਿਚ ਇਕ ਮਹੱਤਵਪੂਰਨ ਮੀਲ ਦਾ ਪੱਥਰ ਵੀ ਸਾਬਤ ਹੋਇਆ। ਹਰ ਮਹੀਨੇ 300 ਯੂਨਿਟ ਮੁਫਤ ਬਿਜਲੀ ਦੇਣ ਦਾ ਮਤਲਬ ਇਹ ਹੈ ਕਿ ਪਰਿਵਾਰਾਂ ਨੂੰ ਇਕ ਜੁਲਾਈ 2022 ਤੋਂ ਹਰ ਦੋ ਮਹੀਨਿਆਂ ਵਿਚ ਕੁੱਲ 600 ਯੂਨਿਟ ਮੁਫਤ ਬਿਜਲੀ ਮਿਲੇਗੀ। ਇਸ ਦੇ ਨਾਲ 2023-24 ਵਿਚ 5590.40 ਕਰੋੜ ਦਾ ਸਬਸਿਡੀ ਲਾਭ ਮਿਲੇਗਾ। ਇਸ ਦੇ ਇਲਾਵਾ ਘਰੇਲੂ ਉਪਭੋਗਤਾਵਾਂ ਨੂੰ 7 ਕਿਲੋਵਾਟ ਤੱਕ ਪ੍ਰਤੀ ਯੂਨਿਟ ਦੀ ਸਬਸਿਡੀ ਦਿੱਤੀ ਜਾ ਰਹੀ ਹੈ, ਜਿਸ ਨਾਲ ਵਿੱਤੀ ਸਾਲ 2023-24 ਵਿਚ 1643.42 ਕਰੋੜ ਦਾ ਲਾਭ ਹੋਵੇਗਾ। ਦੱਸਣਯੋਗ ਹੈ ਕਿ ਪੰਜਾਬ ਵਿਚ ਪੈ ਰਹੀ ਅੱਤ ਦੇ ਗਰਮੀ ਦੇ ਬਾਵਜੂਦ ਪੰਜਾਬ ਦੇ 90 ਫੀਸਦੀ ਘਰਾਂ ਵਿਚ ਬਿਜਲੀ ਦਾ ਬਿੱਲ ਨਾ ਆਉਣ ਦੀ ਗੱਲ ਸਾਹਮਣੇ ਆਈ ਹੈ। ਪੰਜਾਬ ਸਰਕਾਰ ਵੱਲੋਂ ਚੁੱਕੇ ਗਏ ਇਸ ਕਦਮ ਦਾ ਉਦੇਸ਼ ਉਨ੍ਹਾਂ ਪਰਿਵਾਰਾਂ 'ਤੇ ਊਰਜਾ ਦੀਆਂ ਵਧਦੀਆਂ ਕੀਮਤਾਂ ਦੇ ਬੋਝ ਨੂੰ ਘੱਟ ਕਰਨਾ ਹੈ। ਮੁਫਤ ਬਿਜਲੀ ਦੇ ਕੇ ਪੰਜਾਬ ਸਰਕਾਰ ਦੇ ਇਸ ਪਹਿਲਕਦਮੀ ਨੇ ਨਾ ਸਿਰਫ ਪੰਜਾਬ ਦੇ ਲੋਕਾਂ ਦੇ ਜੀਵਨ ਪੱਧਰ ਵਿਚ ਸੁਧਾਰ ਕੀਤਾ ਸਗੋਂ ਉਨ੍ਹਾਂ ਦੇ ਵਿੱਤੀ ਬੋਝ ਨੂੰ ਵੀ ਘਟਾਇਆ। ਪੰਜਾਬ ਸਟੇਟ ਪਾਵਰ ਕਾਰਪੋਰੇਸਨ ਲਿਮਟਿਡ () ਨੇ ਵਿੱਤੀ ਸਾਲ 2023-24 ਲਈ 804.94 ਕਰੋੜ ਦਾ ਮੁਨਾਫਾ ਦਰਜ ਕਰਦੇ ਹੋਏ ਇਕ ਸਾਨਦਾਰ ਪ੍ਰਾਪਤੀ ਕੀਤੀ। ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕਰਨਾ ਬਣਦਾ ਹੈ, ਜਿਸ ਨੇ ਨੂੰ ਬਿਜਲੀ ਸਬਸਿਡੀਆਂ ਦੇ ਸਮੇਂ ਸਿਰ ਭੁਗਤਾਨ ਨੂੰ ਤਰਜੀਹ ਦਿੱਤੀ।



## ਸੁਪਰੀਮ ਕੋਰਟ ਨੇ ਮੰਤਰੀਆਂ 'ਤੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਨੂੰ ਬਹਾਲ ਕਰਨ ਦੇ ਹਾਈ ਕੋਰਟ ਦੇ ਆਦੇਸ਼ 'ਤੇ ਲਾਈ ਰੋਕ

ਨਵੀਂ ਦਿੱਲੀ 7 ਸਤੰਬਰ। ਸੁਪਰੀਮ ਕੋਰਟ ਨੇ ਤਾਮਿਲਨਾਡੂ ਦੇ ਮੰਤਰੀਆਂ - ਕੇ.ਕੇ.ਐੱਸ.ਆਰ. ਮਦਰਾਸ ਹਾਈ ਕੋਰਟ ਨੇ ਸੁੱਕਰਵਾਰ ਨੂੰ ਰਾਮਚੰਦਰਨ ਅਤੇ ਥੰਗਮ ਥੇਨਾਰਾਸੂ ਅਤੇ ਉਨ੍ਹਾਂ ਦੇ ਪਰਿਵਾਰ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਰੱਖਣ ਦੇ ਸਬੰਧਤ ਭ੍ਰਿਸਟਾਚਾਰ ਦੇ ਦੋਸਾਂ ਨੂੰ ਬਹਾਲ ਕਰਨ ਦੇ ਆਪਣੇ ਆਦੇਸ 'ਤੇ ਰੋਕ ਲਗਾ ਦਿੱਤੀ। ਜਸਟਿਸ ਰਿਸੀਕੇਸ ਰਾਏ ਅਤੇ ਜਸਟਿਸ ਪ੍ਰਸਾਂਤ ਕੁਮਾਰ ਮਿਸਰਾ ਦੇ ਬੈਂਚ ਨੇ ਸਬੰਧਤ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਹਾਈ ਕੋਰਟ ਦੇ ਹੁਕਮਾਂ 'ਤੇ ਰੋਕ ਲਾਉਣ ਸਬੰਧੀ ਇਹ ਹੁਕਮ ਦਿੱਤਾ ਹੈ। ਬੈਂਚ ਨੇ ਹਾਈ ਕੋਰਟ ਦੇ ਹੁਕਮਾਂ ਖਿਲਾਫ ਦਾਇਰ ਪਟੀਸਨ 'ਤੇ ਤਾਮਿਲਨਾਡੂ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ। ਸੀਨੀਅਰ ਵਕੀਲ - ਮੁਕੁਲ ਰੋਹਤਗੀ, ਏ.ਐੱਮ. ਸਿੰਘਵੀ, ਕਪਿਲ ਸਿੱਬਲ, ਸਿਧਾਰਥ ਲੂਥਰਾ ਅਤੇ ਐੱਸ. ਮੁਰਲੀਧਰ ਨੇ ਦਲੀਲ ਦਿੱਤੀ ਕਿ ਹਾਈ ਕੋਰਟ ਵਿਜੀਲੈਂਸ ਅਤੇ ਭ੍ਰਿਸਟਾਚਾਰ ਵਿਰੋਧੀ ਡਾਇਰੈਕਟੋਰੇਟ (ਡੀਵੀਏਸੀ) ਦੁਆਰਾ ਅਪਰਾਧਿਕ ਸੰਸੋਧਨ ਵਿੱਚ ਦਾਇਰ ਕਲੋਜਰ ਰਿਪੋਰਟ ਨੂੰ ਰੱਦ ਨਹੀਂ ਕਰ ਸਕਦੀ ਸੀ। ਇਕ ਵਕੀਲ ਨੇ ਇਹ ਵੀ ਦਲੀਲ ਦਿੱਤੀ ਕਿ ਹਾਈ ਕੋਰਟ ਨੇ ਦੋਸ ਤੈਅ ਕਰਨ ਦੇ ਨਿਰਦੇਸ ਦੇ ਕੇ ਅਧਿਕਾਰ ਖੇਤਰ ਦੀ ਉਲੰਘਣਾ ਕੀਤੀ ਹੈ। ਤਾਮਿਲਨਾਡੂ ਸਰਕਾਰ ਦੇ ਵਕੀਲ ਨੇ ਕਿਹਾ ਕਿ ਉਹ ਹਾਈ ਕੋਰਟ ਦੇ ਹੁਕਮਾਂ ਵਿਰੁੱਧ ਵਿਸੇਸ ਛੁੱਟੀ ਪਟੀਸਨ ਦਾਇਰ ਕਰਨਗੇ। ਹਾਈ ਕੋਰਟ ਨੇ ਅਗਸਤ ਵਿੱਚ ਵਿਸੇਸ ਅਦਾਲਤਾਂ ਦੇ ਪਿਛਲੇ ਹੁਕਮਾਂ ਨੂੰ ਪਲਟ ਦਿੱਤਾ ਸੀ, ਜਿਨ੍ਹਾਂ ਨੇ ਭ੍ਰਿਸਟਾਚਾਰ ਦੇ ਮਾਮਲਿਆਂ ਵਿੱਚ ਤਾਮਿਲਨਾਡੂ ਦੇ ਮਾਲੀਆ ਅਤੇ ਆਫਤ ਪ੍ਰਬੰਧਨ ਮੰਤਰੀ ਕੇਐੱਸਆਰ ਰਾਮਚੰਦਰਨ ਅਤੇ ਮਨੁੱਖੀ ਸਰੋਤ ਪ੍ਰਬੰਧਨ ਮੰਤਰੀ ਥੰਗਮ ਥੇਨਾਰਾਸੂ ਨੂੰ ਬਰੀ ਕਰ ਦਿੱਤਾ ਸੀ। ਰਾਮਚੰਦਰਨ, ਆਪਣੀ ਪਤਨੀ ਅਤੇ ਇੱਕ ਦੋਸਤ ਨਾਲ 2006-2011 ਦੇ ਡੀਐੱਮਕੇ ਸਾਸਨ ਦੌਰਾਨ ਸਿਹਤ ਅਤੇ ਪੱਛੜੀਆਂ ਸ੍ਰੇਣੀਆਂ ਦੇ ਮੰਤਰੀ ਵਜੋਂ ਕੰਮ ਕਰਦੇ ਸਮੇਂ ਕਥਿਤ ਤੌਰ 'ਤੇ ਆਮਦਨ ਤੋਂ ਵੱਧ ਜਾਇਦਾਦ ਇਕੱਠੀ ਕੀਤੀ ਸੀ।

## ਗਲਤ ਢੰਗ ਨਾਲ ਪੇਸ਼ ਆਉਂਦੀ ਹੈ ਮਾਧਬੀ ਪੁਰੀ ਬੁਚ

ਨਵੀਂ ਦਿੱਲੀ 7 ਸਤੰਬਰ। ਬਾਜਾਰ ਰੈਗੂਲੇਟਰੀ ਸੇਬੀ ਦੀ ਮੁਖੀ ਮਾਧਬੀ ਪੁਰੀ ਬੁਚ ਦਾ ਵਿਵਾਦਾਂ ਤੋਂ ਪਿੱਛਾ ਹੀ ਨਹੀਂ ਛੁੱਟ ਰਿਹਾ ਹੈ। ਇਕ ਵਿਵਾਦ ਖਤਮ ਹੁੰਦਾ ਹੈ, ਉਸ ਤੋਂ ਪਹਿਲਾਂ ਦੂਜਾ ਨਵਾਂ ਵਿਵਾਦ ਖੜ੍ਹਾ ਹੋ ਜਾਂਦਾ ਹੈ। ਇਸ ਵਾਰ ਉਨ੍ਹਾਂ 'ਤੇ ਦਫਤਰ ਦਾ ਮਾਹੌਲ ਖਰਾਬ ਕਰਨ, ਨਾਲ ਕੰਮ ਕਰਨ ਵਾਲੇ ਲੋਕਾਂ ਨਾਲ ਮਾੜਾ ਵਤੀਰਾ ਅਪਨਾਉਣ ਅਤੇ ਗਲਤ ਭਾਸ਼ਾ ਦੀ ਵਰਤੋਂ ਕਰਨ ਵਰਗੇ ਗੰਭੀਰ ਦੋਸ਼ ਲੱਗੇ ਹਨ। ਇਕ ਰਿਪੋਰਟ ਅਨੁਸਾਰ ਸੇਬੀ ਦੇ ਚੇਅਰਪਰਸਨ 'ਤੇ ਇਹ ਦੋਸ਼ ਸੇਬੀ ਦੇ ਹੀ ਅਧਿਕਾਰੀਆਂ ਵੱਲੋਂ ਲਗਾਏ ਗਏ ਹਨ। ਰਿਪੋਰਟ 'ਚ ਕਿਹਾ ਗਿਆ ਹੈ ਕਿ ਸੇਬੀ ਦੇ ਅਧਿਕਾਰੀਆਂ ਨੇ ਰੈਗੂਲੇਟਰੀ ਦੀ ਮੁਖੀ ਮਾਧਬੀ ਪੁਰੀ ਬੁਚ ਦੇ ਖਰਾਬ ਰਵੱਈਏ ਦੀ ਸ਼ਿਕਾਇਤ ਸਰਕਾਰ ਨੂੰ ਕੀਤੀ ਹੈ ਅਤੇ ਕੰਮ ਕਰਨ ਦੇ ਮਾਹੌਲ ਨੂੰ ਖਰਾਬ ਕਰਨ (ਟਾਕਸਿਕ ਵਰਕ ਕਲਚਰ) ਦਾ ਦੋਸ਼ ਲਗਾਇਆ ਹੈ। ਸੇਬੀ ਦੇ ਅਧਿਕਾਰੀਆਂ ਨੇ ਇਹ ਸ਼ਿਕਾਇਤ ਪਿਛਲੇ ਮਹੀਨੇ ਵਿੱਤ ਮੰਤਰਾਲਾ ਨੂੰ ਕੀਤੀ ਸੀ। ਰਿਪੋਰਟ ਅਨੁਸਾਰ ਸੇਬੀ ਦੇ ਅਧਿਕਾਰੀਆਂ ਨੇ ਵਿੱਤ ਮੰਤਰਾਲਾ ਨੂੰ ਪੱਤਰ ਲਿਖ ਕੇ ਆਪਣੀਆਂ ਸ਼ਿਕਾਇਤਾਂ ਤੋਂ ਜਾਣੂ ਕਰਵਾਇਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਮਾਧਬੀ ਪੁਰੀ ਬੁਚ ਟਾਕਸਿਕ ਵਰਕ ਕਲਚਰ ਨੂੰ ਵਧਾ ਰਹੀ ਹੈ। ਉਨ੍ਹਾਂ ਦੇ ਦਫਤਰ 'ਚ ਬੈਠਕਾਂ 'ਚ ਲੋਕਾਂ 'ਤੇ ਚੀਕਣਾ ਅਤੇ ਸਾਰਿਆਂ ਦੇ ਸਾਹਮਣੇ ਜਲੀਲ ਕਰਨਾ ਆਮ ਗੱਲ ਹੋ ਗਈ ਹੈ। ਹਾਲਾਂਕਿ ਸੇਬੀ ਦਾ ਕਹਿਣਾ ਹੈ ਕਿ ਇਸ ਮੁੱਦੇ ਦਾ ਨਿਪਟਾਰਾ ਕੀਤਾ ਜਾ ਚੁੱਕਾ ਹੈ। ਇਨ੍ਹਾਂ ਦੋਸ਼ਾਂ ਨੂੰ ਲੈ ਕੇ ਸੇਬੀ ਨਾਲ ਸੰਪਰਕ ਕੀਤਾ ਗਿਆ ਤਾਂ ਈ-ਮੇਲ ਰਾਹੀਂ ਦੱਸਿਆ ਗਿਆ ਕਿ ਸੇਬੀ ਨੇ ਕਰਮਚਾਰੀਆਂ ਦੇ ਇਸ ਮੁੱਦੇ ਦਾ ਪਹਿਲਾਂ ਹੀ ਨਿਪਟਾਰਾ ਕਰ ਦਿੱਤਾ ਹੈ।



## ਸ਼ਿਵਾਜੀ ਮਹਾਰਾਜ ਦੀ ਮੂਰਤੀ ਡਿੱਗਣ ਦੇ ਮੁੱਦੇ 'ਤੇ ਨਹੀਂ ਹੋਣੀ ਚਾਹੀਦੀ ਰਾਜਨੀਤੀ : ਮਾਇਆਵਤੀ

ਲਖਨਊ 7 ਸਤੰਬਰ। ਬਹੁਜਨ ਸਮਾਜ ਪਾਰਟੀ (ਬਸਪਾ) ਮੁਖੀ ਮਾਇਆਵਤੀ ਨੇ ਮਹਾਰਾਸ਼ਟਰ 'ਚ ਛਤਰਪਤੀ ਸ਼ਿਵਾਜੀ ਮਹਾਰਾਜ ਦੀ ਮੂਰਤੀ ਡਿੱਗਣ ਦੇ ਮੁੱਦੇ 'ਤੇ ਸ਼ੁੱਕਰਵਾਰ ਨੂੰ ਕਿਹਾ ਕਿ ਅਜਿਹੇ ਮਾਮਲਿਆਂ 'ਚ ਕੋਈ ਰਾਜਨੀਤੀ ਨਹੀਂ ਹੋਣੀ ਚਾਹੀਦੀ ਅਤੇ ਸੰਬੰਧਤ ਅਧਿਕਾਰੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਬਸਪਾ ਨੇਤਾ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਪੋਸਟ 'ਚ ਕਿਹਾ,"ਕਿਸੇ ਵੀ ਭਾਈਚਾਰੇ ਅਤੇ ਧਰਮ ਨਾਲ ਜੁੜੇ ਰਾਜਾ, ਮਹਾਰਾਜਾਵਾਂ, ਸੰਤਾਂ, ਗੁਰੂਆਂ ਅਤੇ ਮਹਾਪੁਰਸ਼ਾਂ ਦੇ ਕਿਸੇ ਵੀ ਮਾਮਲੇ 'ਚ ਨਕਾਰਾਤਮਕ ਨਹੀਂ ਸਗੋਂ ਸਕਾਰਾਤਮਕ ਸੋਚ ਰੱਖਣੀ ਚਾਹੀਦੀ ਹੈ ਅਤੇ ਇਸ ਦੀ ਆੜ 'ਚ ਰਾਜਨੀਤੀ ਕਰਨਾ ਠੀਕ ਨਹੀਂ।" ਉਨ੍ਹਾਂ ਕਿਹਾ,"ਇਨ੍ਹਾਂ ਦੀਆਂ ਮੂਰਤੀਆਂ ਨੂੰ ਲਗਾਉਣ ਅਤੇ ਨਾਂ ਰੱਖਣ ਆਦਿ ਦਾ ਵੀ ਇਸਤੇਮਾਲ, ਸਕਾਰਾਤਮਕ ਸੋਚ ਨਾਲ ਹੋਣਾ ਚਾਹੀਦਾ ਨਾ ਕਿ ਇਨ੍ਹਾਂ ਦੀ ਆੜ 'ਚ ਕਿਸੇ ਵੀ ਤਰ੍ਹਾਂ ਦਾ ਰਾਜਨੀਤਕ ਸੁਆਰਥ ਲੁਕਿਆ ਹੋਣਾ ਚਾਹੀਦਾ। ਜੋ ਹੁਣ ਦੇਖਣ ਲਈ ਮਿਲ ਰਿਹਾ ਹੈ। ਬੇਹੱਦ ਮੰਦਭਾਗਾ।" ਬਸਪਾ ਮੁਖੀ ਨੇ ਕਿਹਾ,"ਮਹਾਰਾਸ਼ਟਰ ਦੀ ਤਰ੍ਹਾਂ ਹੋਰ ਕਿਸੇ ਵੀ ਰਾਜ 'ਚ ਖੁਦ ਮੂਰਤੀ ਡਿੱਗਣ 'ਤੇ, ਸੰਬੰਧਤ ਅਧਿਕਰੀਆਂ ਖਿਲਾਫ ਸਖਤ ਕਾਰਵਾਈ ਹੋਣੀ ਚਾਹੀਦੀ ਹੈ

# ਪੰਜਾਬ ਸਰਕਾਰ ਨਾਲ ਮੀਟਿੰਗ ਮਗਰੋਂ ਕਿਸਾਨਾਂ ਦਾ ਵੱਡਾ ਐਲਾਨ

**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ 7 ਸਤੰਬਰ। ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਤੇ ਪੰਜਾਬ ਖੇਤ ਮਜਦੂਰ ਯੂਨੀਅਨ ਵੱਲੋਂ ਚੰਡੀਗੜ੍ਹ ਵਿਖੇ ਲਾਇਆ ਮਜਦੂਰ ਕਿਸਾਨ ਅਤੇ ਵਾਤਾਵਰਨ ਪੱਖੀ ਖੇਤੀ ਨੀਤੀ ਮੋਰਚਾ ਅੱਜ ਛੇਵੇਂ ਦਿਨ ਜੇਤੂ ਨਾਹਰਿਆਂ ਦੀ ਗੂੰਜ ਵਿਚ ਸਮਾਪਤ ਕਰ ਦਿੱਤਾ ਗਿਆ। ਕੱਲ੍ਹ ਦੇਰ ਸਾਮ ਮੁੱਖ ਮੰਤਰੀ ਵੱਲੋਂ ਕਿਸਾਨ ਅਤੇ ਖੇਤ ਮਜਦੂਰ ਜਥੇਬੰਦੀ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ ਤੋਂ ਬਾਅਦ ਅੱਜ ਸਵੇਰੇ ਦੋਹਾਂ ਜਥੇਬੰਦੀਆਂ ਵੱਲੋਂ ਸਰਕਾਰ ਦੁਆਰਾ 30 ਸਤੰਬਰ ਤੱਕ ਖੇਤੀ ਨੀਤੀ ਜਨਤਕ ਕਰਨ ਸਮੇਤ ਕਈ ਹੋਰ ਅਹਿਮ ਮੰਗਾਂ ਨੂੰ ਪ੍ਰਵਾਨਗੀ ਦੇਣ ਦੇ ਮੱਦੇਨਜਰ ਇਹ ਮੋਰਚਾ ਸਮਾਪਤ ਕਰਨ ਦਾ ਐਲਾਨ ਕੀਤਾ ਗਿਆ। ਦੋਵਾਂ ਜਥੇਬੰਦੀਆਂ ਨੇ ਇਹ ਵੀ ਐਲਾਨ ਕੀਤਾ ਕਿ ਸਰਕਾਰ ਵਲੋਂ ਜਾਰੀ ਕੀਤੀ ਜਾਣ ਵਾਲੀ ਖੇਤੀ ਨੀਤੀ ਮਿਲਣ ਤੋਂ ਬਾਅਦ ਉਸ ਉੱਪਰ ਨਜਰਸਾਨੀ ਕਰਨ ਅਤੇ ਪ੍ਰਵਾਨ ਕੀਤੀਆਂ ਮੰਗਾਂ ਦੀ ਅਮਲਦਾਰੀ ਤਸੱਲੀਬਖਸ ਨਾ ਹੋਣ ਦੀ ਸੂਰਤ ਵਿਚ 30 ਸਤੰਬਰ ਤੋਂ ਪਿੱਛੋਂ ਅਗਲੇ ਐਕਸਨ ਦਾ ਐਲਾਨ ਕੀਤਾ ਜਾਵੇਗਾ ਜੋ ਚੰਡੀਗੜ੍ਹ ਮੋਰਚੇ ਨਾਲੋਂ ਵੀ ਸਖਤ ਹੋ ਸਕਦਾ ਹੈ। ਇਹ ਐਲਾਨ ਅੱਜ ਬੀਕੇਯੂ ਏਕਤਾ ਉਗਰਾਹਾਂ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਅਤੇ ਪੰਜਾਬ ਖੇਤ ਮਜਦੂਰ ਯੂਨੀਅਨ ਦੇ ਪ੍ਰਧਾਨ ਜੋਰਾ ਸਿੰਘ ਨਸਰਾਲੀ ਤੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਵੱਲੋਂ ਕੀਤਾ ਗਿਆ। ਅੱਜ ਮੋਰਚੇ ਦੇ ਆਖਰੀ ਦਿਨ ਜੁੜੇ ਭਾਰੀ ਇਕੱਠ ਨੂੰ ਕਿਸਾਨ ਆਗੂ ਝੰਡਾ ਸਿੰਘ ਜੇਠੂਕੇ, ਸ਼ਿਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾ, ਜਗਤਾਰ ਸਿੰਘ ਕਾਲਾਝਾੜ,ਜਨਕ ਸਿੰਘ ਭੁਟਾਲ, ਜਸਵਿੰਦਰ ਸਿੰਘ ਬਰਾਸ,ਮਹਿਲਾ ਕਿਸਾਨ ਆਗੂ ਕੁਲਦੀਪ ਕੌਰ ਕੁੱਸਾ,ਖੇਤ ਮਜਦੂਰ ਆਗੂ ਹਰਮੇਸ ਮਾਲੜੀ,ਹਰਭਗਵਾਨ ਸਿੰਘ ਮੂਣਕ, ਮੇਜਰ ਸਿੰਘ ਕਾਲੇਕੇ ਤੇ ਗੁਰਪਾਲ ਸਿੰਘ ਨੰਗਲ ਨੇ ਵੀ ਸੰਬੋਧਨ ਕੀਤਾ। ਕਿਸਾਨ ਮਜਦੂਰ ਆਗੂਆਂ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਅਨੇਕਾਂ ਦੁਸਵਾਰੀਆਂ ਦੇ ਬਾਵਜੂਦ ਛੇ ਦਿਨ ਮੋਰਚੇ 'ਚ ਵੱਡੀ ਗਿਣਤੀ ਔਰਤਾਂ ਸਮੇਤ ਕਿਸਾਨਾਂ ਤੇ ਖੇਤ ਮਜਦੂਰਾਂ ਵੱਲੋਂ ਪੂਰੀ ਦ੍ਰਿੜ੍ਹਤਾ ਤੇ ਜਬਤਬੱਧ ਤਰੀਕੇ ਨਾਲ ਡਟੇ ਰਹਿਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਆਖਿਆ ਕਿ ਆਪਣੀ ਰਾਜਧਾਨੀ ਚੰਡੀਗੜ੍ਹ ਵਿਖੇ ਛੇ ਦਿਨ ਲਈ ਮੋਰਚਾ ਲਾਉਣ ਅਤੇ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਜਮਹੂਰੀ ਹੱਕ ਪੁਗਾਉਣਨਿਪਟਾਰਾ ਕਰਨ, ਖੁਦਕੁਸੀ ਪੀੜਤਾਂ ਦਾ 2010 ਤੋਂ ਬਾਅਦ ਸਰਵੇਖਣ ਕਰਕੇ ਉਨ੍ਹਾਂ ਨੂੰ ਮੁਆਵਜਾ ਦੇਣ, ਮਜਦੂਰਾਂ ਦੇ ਕੱਟੇ ਪਲਾਟਾਂ ਦੇ ਤਿੰਨ ਤੋਂ ਛੇ ਮਹੀਨੇ 'ਚ ਕਬਜੇ ਦੇਣ, ਲਾਲ ਲਕੀਰ ਅੰਦਰਲੇ ਘਰਾਂ ਨੂੰ ਸਮਾਂਬੱਧ ਮਾਲਕੀ ਹੱਕ ਦੇਣ ਸਮੇਤ ਕਈ ਹੋਰ ਮੰਗਾਂ ਬਾਰੇ ਪੰਜਾਬ ਸਰਕਾਰ ਨੂੰ ਹਾਮੀ ਭਰਨ ਲਈ ਮਜਬੂਰ ਕਰਨਾ ਕਿਸਾਨਾਂ ਤੇ ਖੇਤ ਮਜਦੂਰਾਂ ਦੇ ਇਸ ਮੋਰਚੇ ਦੀਆਂ ਗਿਣਨਯੋਗ ਪ੍ਰਾਪਤੀਆਂ ਹਨ।





# ਬੱਸਾਂ ’ਚ ਹੋ ਰਹੀ ਧੱਕਾ-ਮੁੱਕੀ, ਰੇਲਵੇ ਸਟੇਸ਼ਨਾਂ ’ਤੇ ਖੁੱਲ੍ਹੇ ਆਸਮਾਨ ਹੇਠ ਲੰਘ ਰਹੀਆਂ ਰਾਤਾਂ, ਭਟਕਣ ਨੂੰ ਮਜਬੂਰ ਯਾਤਰੀ

ਜਲੰਧਰ 7 ਸਤੰਬਰ। ਟਰੇਨਾਂ ਦੇ ਸਫਰ ’ਚ ਪ੍ਰੇਸ਼ਾਨੀਆਂ ਖਤਮ ਹੋਣ ਦਾ ਨਾਂ ਨਹੀਂ ਲੈ ਰਹੀਆਂ, ਜਿਸ ਕਾਰਨ ਯਾਤਰੀਆਂ ਨੂੰ ਭਾਰੀ ਦਿੱਕਤਾਂ ਪੇਸ਼ ਆ ਰਹੀਆਂ ਹਨ। ਟਰੇਨਾਂ ਦੇ ਪ੍ਰਭਾਵਿਤ ਹੋਣ ਕਾਰਨ ਯਾਤਰੀ ਦੂਜੇ ਬਦਲਾਂ ਦੀ ਭਾਲ ਕਰਦਿਆਂ ਬੱਸ ਅੱਡੇ ਦਾ ਰੁਖ ਕਰਨ ਨੂੰ ਮਜਬੂਰ ਹਨ। ਦਿੱਲੀ ਤੇ ਅੰਮ੍ਰਿਤਸਰ ਰੂਟ ਦੀਆਂ ਵਧੇਰੇ ਬੱਸਾਂ ’ਚ ਡੇਢ ਗੁਣਾ ਯਾਤਰੀ ਹੋਣ ਕਾਰਨ ਸੀਟਾਂ ਮਿਲਣਾ ਬਹੁਤ ਮੁਸ਼ਕਿਲ ਹੋ ਰਿਹਾ ਹੈ। ਇਸ ਕਾਰਨ ਯਾਤਰੀਆਂ ਨੂੰ ਖੜ੍ਹੇ ਹੋ ਕੇ ਸਫਰ ਕਰਨਾ ਪੈ ਰਿਹਾ ਹੈ। ਕਈ ਰੂਟਾਂ ਦੀਆਂ ਬੱਸਾਂ ’ਚ ਚੜ੍ਹ ਪਾਉਣਾ ਵੀ ਆਸਾਨ ਨਹੀਂ ਹੈ। ਮੁਸ਼ਕਿਲਾਂ ਕਾਰਨ ਲੋਕਾਂ ਨੂੰ ਧੱਕਾ-ਮੁੱਕੀ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਪਿਛਲੇ ਦਿਨਾਂ ਤੋਂ ਸ਼ਤਾਬਦੀ ਤੋਂ ਲੈ ਕੇ ਗਰੀਬ ਰੱਥ ਵਰਗੀਆਂ ਵਧੇਰੇ ਟਰੇਨਾਂ ਦੇਰੀ ਨਾਲ ਪਹੁੰਚ ਰਹੀਆਂ ਹਨ। ਹਾਲਾਤ ਇਹ ਬਣ ਚੁੱਕੇ ਹਨ ਕਿ ਸਵੇਰੇ ਪਹੁੰਚਣ ਵਾਲੀਆਂ ਟਰੇਨਾਂ ਸ਼ਾਮ ਨੂੰ, ਜਦਕਿ ਰਾਤ ਨੂੰ ਆਉਣ ਵਾਲੀਆਂ ਟਰੇਨਾਂ ਸਵੇਰੇ ਸਟੇਸ਼ਨਾਂ ’ਤੇ ਪਹੁੰਚ ਰਹੀਆਂ ਹਨ। ਇਸ ਕਾਰਨ ਯਾਤਰੀਆਂ ਨੂੰ ਟਰੇਨਾਂ ਦੀ ਉਡੀਕ ’ਚ ਸਟੇਸ਼ਨਾਂ ’ਤੇ ਲੰਮਾ ਸਮਾਂ ਗੁਜਾਰਨਾ ਪੈ ਰਿਹਾ ਹੈ। ਟਰੇਨਾਂ ਲੇਟ ਹੋਣ ਕਾਰਨ ਕਈ ਯਾਤਰੀ ਰੇਲਵੇ ਸਟੇਸ਼ਨ ਦੇ ਬਾਹਰ ਨੀਂਦ ਪੂਰੀ ਕਰਦੇ ਦੇਖੇ ਜਾ ਸਕਦੇ ਹਨ। ਲੰਮੀ ਦੂਰੀ ਦੀਆਂ ਕਈ ਟਰੇਨਾਂ 6 ਤੋਂ 12 ਘੰਟਿਆਂ ਦੀ ਦੇਰੀ ਨਾਲ ਜਲੰਧਰ ਸਿਟੀ ਸਟੇਸ਼ਨ ’ਤੇ ਪਹੁੰਚ ਰਹੀਆਂ ਹਨ, ਜਿਸ ਕਾਰਨ ਯਾਤਰੀਆਂ ਨੂੰ ਦਿੱਕਤਾਂ



ਉਠਾਉਣੀਆਂ ਪੈ ਰਹੀਆਂ ਹਨ। ਦੇਰ ਰਾਤ 11.30 ਵਜੇ ਰੇਲਵੇ ਸਟੇਸ਼ਨ ਦੇ ਬਾਹਰ ਲਾਈਨਾਂ ’ਚ ਲੋਕਾਂ ਨੂੰ ਸੁੱਤੇ ਹੋਏ ਦੇਖਿਆ ਗਿਆ। ਉਕਤ ਪ੍ਰਤੀਨਿਧੀ ਨੇ ਜਮੀਨ ’ਤੇ ਸੌਂ ਰਹੇ ਲੋਕਾਂ ਤੋਂ ਪ੍ਰੇਸ਼ਾਨੀ ਦਾ ਕਾਰਨ ਪੁੱਛਿਆ ਤਾਂ ਉਨ੍ਹਾਂ ਦੱਸਿਆ ਕਿ ਟਰੇਨਾਂ ਦੀ ਉਡੀਕ ਕਰਨ ਤੋਂ ਇਲਾਵਾ ਉਨ੍ਹਾਂ ਕੋਲ ਕੋਈ ਬਦਲ ਨਹੀਂ ਹੈ, ਜਿਸ ਕਾਰਨ ਉਹ ਸਟੇਸ਼ਨ ਦੇ ਬਾਹਰ ਘਾਹ ’ਤੇ ਸੌਣ ਨੂੰ ਮਜਬੂਰ ਹਨ। ਵੱਖ-ਵੱਖ ਟਰੇਨਾਂ ਜਰੀਏ ਜਾਣ ਵਾਲੇ ਪ੍ਰਵਾਸੀ ਯਾਤਰੀਆਂ ਦਾ ਕਹਿਣਾ ਸੀ ਕਿ ਹੋਟਲਾਂ ’ਚ ਕਮਰੇ ਲੈਣਾ ਉਨ੍ਹਾਂ ਲਈ ਸੰਭਵ ਨਹੀਂ ਹੈ, ਜਿਸ ਕਾਰਨ ਉਹ ਸਟੇਸ਼ਨ ’ਤੇ ਸੌਂ ਰਹੇ ਹਨ। ਕੁਝ ਯਾਤਰੀਆਂ ਦਾ ਕਹਿਣਾ ਸੀ ਕਿ ਉਨ੍ਹਾਂ ਦੀ ਟਰੇਨ ਰਾਤ 11 ਵਜੇ ਪਹੁੰਚਣੀ ਸੀ ਪਰ ਸਟੇਸ਼ਨ ’ਤੇ ਪਹੁੰਚਣ ਉਪਰੰਤ ਉਨ੍ਹਾਂ ਨੂੰ ਪਤਾ ਲੱਗਾ ਕਿ ਟਰੇਨ ਸਵੇਰੇ ਪਹੁੰਚੇਗੀ, ਜਿਸ ਕਾਰਨ ਉਨ੍ਹਾਂ ਕੋਲ ਵਾਪਸ ਜਾਣ ਦਾ ਕੋਈ ਬਦਲ ਮੁਹੱਈਆ ਨਹੀਂ ਹੈ। ਸ਼ੰਭੂ ਸਟੇਸ਼ਨ ’ਤੇ ਰੇਲਵੇ ਟ੍ਰੈਕ ਤੇ ਹਾਈਵੇ ’ਤੇ ਬੈਠੇ ਕਿਸਾਨਾਂ ਕਾਰਨ ਅੰਬਾਲਾ ਤੋਂ ਅੰਮ੍ਰਿਤਸਰ ਤਕ ਦੇ ਸਫਰ ’ਚ ਦਿੱਕਤਾਂ ਪੇਸ਼ ਆ ਰਹੀਆਂ ਹਨ। ਇਸ ਕਾਰਨ ਲੁਧਿਆਣਾ, ਅੰਮ੍ਰਿਤਸਰ ਤੇ ਜਲੰਧਰ ਦੇ ਯਾਤਰੀਆਂ ਨੂੰ ਕਾਫੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜਲੰਧਰ ਸੈਂਟਰ ਪੁਆਇੰਟ ਹੈ, ਜਿਸ ਕਾਰਨ ਇਥੋਂ ਜਾਣ ਵਾਲੇ ਯਾਤਰੀਆਂ ਲਈ ਪ੍ਰੇਸ਼ਾਨੀ ਦੁੱਗਣੀ ਹੋ ਰਹੀ ਹੈ। ਅੰਮ੍ਰਿਤਸਰ ਤੇ ਲੁਧਿਆਣਾ ਤੋਂ ਆਉਣ ਵਾਲੀਆਂ ਬੱਸਾਂ ਪਿੱਛਿਓਂ ਭਰ ਕੇ ਆ ਰਹੀਆਂ ਹਨ, ਜਿਸ ਕਾਰਨ ਜਲੰਧਰ ਤੋਂ ਸਫਰ ਕਰਨ ਵਾਲਿਆਂ ਨੂੰ ਸੀਟਾਂ ਮਿਲ ਪਾਉਣਾ ਮੁਸ਼ਕਿਲ ਹੋ ਰਿਹਾ ਹੈ। ਇਸ ਕਾਰਨ ਜਾਣਕਾਰੀ ਰੱਖਣ ਵਾਲੇ ਯਾਤਰੀ ਜਲੰਧਰ ਤੋਂ ਬਣ ਕੇ ਚੱਲਣ ਵਾਲੀਆਂ ਬੱਸਾਂ ’ਚ ਸਫਰ ਕਰਨ ਨੂੰ ਮਹੱਤਵ ਦਿੰਦੇ ਹਨ ਕਿਉਂਕਿ ਉਨ੍ਹਾਂ ਨੂੰ ਪਤਾ ਹੈ ਕਿ ਜਲੰਧਰੋਂ ਚੱਲਣ ਵਾਲੀਆਂ ਬੱਸਾਂ ’ਚ ਸੀਟ ਆਸਾਨੀ ਨਾਲ ਮਿਲ ਜਾਵੇਗੀ।

## ਭਾਖੜਾ ਨਹਿਰ ਦੇ ਪੁਲ ‘ਤੇ ਟਰਾਲਾ ਅਤੇ ਟਰੱਕ ਆਪਸ ’ਚ ਟਕਰਾਏ

ਸ੍ਰੀ ਕੀਰਤਪੁਰ ਸਾਹਿਬ 7 ਸਤੰਬਰ। ਮਨਾਲੀ-ਚੰਡੀਗੜ੍ਹ ਕੌਮੀ ਮਾਰਗ ‘ਤੇ ਅੱਜ ਸਵੇਰੇ ਸ੍ਰੀ ਕੀਰਤਪੁਰ ਸਾਹਿਬ ਵਿਖੇ ਭਾਖੜਾ ਨਹਿਰ ਦੇ ਪੁਲ ’ਤੇ ਇਕ ਟਿੱਪਰ ਅਤੇ ਟਰੱਕ ਇਕ ਦੂਜੇ ਨੂੰ ਪਾਸ ਕਰਨ ਸਮੇਂ ਆਪਸ ’ਚ ਟਕਰਾ ਗਏ, ਜਿਸ ਤੋਂ ਬਾਅਦ ਟਿੱਪਰ ਦਾ ਸੰਤੁਲਣ ਵਿਗੜ ਗਿਆ ਅਤੇ ਟਿੱਪਰ ਭਾਖੜਾ ਨਹਿਰ ਨਾਲ ਬਣੀ ਸੀਮੈਂਟ ਦੀ ਰੇਲਿੰਗ ’ਤੇ ਜਾ ਚੜ੍ਹਿਆ ਪਰ ਪੁਲ ਦੀ ਰੇਲਿੰਗ ਪੱਕੀ ਹੋਣ ਕਾਰਨ ਟਿੱਪਰ ਰੇਲਿੰਗ ਦੇ ਉੱਪਰ ਹੀ ਰੁਕ ਗਿਆ ਨਹੀਂ ਤਾਂ ਟਿੱਪਰ ਨਹਿਰ ’ਚ ਡਿੱਗ ਸਕਦਾ ਸੀ। ਇਸ ਹਾਦਸੇ ਤੋਂ ਬਾਅਦ ਮਨਾਲੀ-ਚੰਡੀਗੜ੍ਹ ਕੌਮੀ ਮਾਰਗ ਦਾ ਇਕ ਹਿੱਸਾ ਕਰੀਬ



ਚਾਰ ਘੰਟੇ ਲਈ ਬੰਦ ਰਿਹਾ ਪੁਲਸ ਅਤੇ ਟਿੱਪਰ ਪ੍ਰਬੰਧਕਾਂ ਵੱਲੋਂ ਬੜੀ ਮੁਸਕਿਲ ਨਾਲ ਵਾਹਨਾਂ ਨੂੰ ਹਟਾ ਕੇ ਟ੍ਰੈਫਿਕ ਚਾਲੂ ਕਰਵਾਈ ਗਈ। ਜ਼ਿਕਰਯੋਗ ਹੈ ਕਿ ਦੋਵੇਂ ਵਾਹਨ ਪਿੰਡ ਮੱਸੇਵਾਲ ਵੱਲ ਤੋਂ ਸ੍ਰੀ ਕੀਰਤਪੁਰ ਸਾਹਿਬ ਦੇ ਪਤਾਲਪੁਰੀ ਚੌਂਕ ਵੱਲ ਨੂੰ ਜਾ ਰਹੇ ਸੀ ਤਾਂ ਪੁਲਸ ਥਾਣੇ ਦੇ ਸਾਹਮਣੇ ਭਾਖੜਾ ਨਹਿਰ ਦੇ ਉੱਪਰ ਬਣੇ ਪੁਲ ’ਤੇ ਦੋਵੇਂ ਵਾਹਨਾਂ ਦੀ ਇਕ ਦੂਜੇ ਨੂੰ ਪਾਸ ਕਰਦੇ ਸਮੇਂ ਆਪਸ ’ਚ ਟਕਰਾ ਗਏ ਅਤੇ ਟਿੱਪਰ ਪੁਲ ਦੀ ਰੈਲਿੰਗ ’ਤੇ ਚੜ੍ਹ ਗਿਆ ਜਿਸ ਨਾਲ ਟਿੱਪਰ ਦਾ ਲੱਖਾਂ ਰੁਪਏ ਦਾ ਨੁਕਸਾਨ ਹੋ ਗਿਆ। ਟਿੱਪਰ ’ਚ ਮਾਈਨਿੰਗ ਮਟੀਰੀਅਲ ਲੋਡ ਸੀ। ਮੌਕੇ ’ਤੇ ਪਹੁੰਚੀ ਸਥਾਨਕ ਪੁਲਸ ਵੱਲੋਂ ਕਰੀਬ ਚਾਰ ਘੰਟੇ ਦੀ ਮੁਸੱਕਤ ਤੋਂ ਬਾਅਦ ਦੋਵੇਂ ਵਾਹਨਾਂ ਨੂੰ ਸਾਈਡ ਕਰਵਾ ਕੇ ਆਵਾਜਾਈ ਨੂੰ ਚਾਲੂ ਕਰਵਾਇਆ ਗਿਆ।

## ਪੰਜਾਬ ‘ਚ ਵੱਡਾ ਹਾਦਸਾ, ਅੱਧੀ ਰਾਤ ਨੂੰ ਗੈਸ ਲੀਕ, ਇਲਾਕਾ ਕਰ ‘ਤਾ ਸੀਲ, ਮੌਕੇ ‘ਤੇ ਪੁੱਜੇ ਸਿਹਤ ਮੰਤਰੀ

ਪਟਿਆਲਾ 7 ਸਤੰਬਰ। ਪਟਿਆਲਾ ਜ਼ਿਲ੍ਹਾ ਦੇ ਹਲਕਾ ਰਾਜਪੁਰਾ ‘ਚ ਲਿਬਰਟੀ ਚੌਂਕ ਨਜਦੀਕ ਪੈਂਦੇ ਇਕ ਕੋਲਡ ਸਟੋਰ ‘ਚ ਜਹਿਰੀਲੀ ਗੈਸ ਲੀਕ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਦੌਰਾਨ ਕਈ ਮੁਲਾਜਮ ਬੇਹੋਸ਼ ਹੋ ਗਏ, ਜਿਨ੍ਹਾਂ ਨੂੰ ਤੁਰੰਤ ਹਸਪਤਾਲ ਦਾਖਲ ਕਰਾਇਆ ਗਿਆ। ਇਸ ਨੂੰ ਲੈ ਕੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਮੌਕੇ ‘ਤੇ ਪਹੁੰਚੇ, ਜਿਨ੍ਹਾਂ ਨੇ ਸਿਹਤ ਵਿਭਾਗ ਦੀ ਟੀਮ, ਪਟਿਆਲਾ ਦੇ ਡਿਪਟੀ ਕਮਿਸਨਰ ਅਤੇ ਐੱਸ. ਐੱਸ. ਪੀ. ਪਟਿਆਲਾ ਨੂੰ ਤੁਰੰਤ ਸੂਚਨਾ ਦਿੱਤੀ। ਇਸ ਤੋਂ ਬਾਅਦ ਸਾਰਾ ਪ੍ਰਸਾਸਨ ਮੌਕੇ ‘ਤੇ ਪਹੁੰਚ ਗਿਆ। ਜਿਹੜੇ ਵਰਕਰ ਅੰਦਰ ਫਸੇ ਹੋਏ ਸਨ, ਉਨ੍ਹਾਂ ਨੂੰ ਬਾਹਰ ਕੱਢਿਆ ਗਿਆ ਹੈ। ਇਹ ਸਾਰੀ ਘਟਨਾ ਦੌਰਾਨ ਫਾਇਰ ਬ੍ਰਿਗੇਡ ਦੇ 4 ਮੁਲਾਜਮ ਵੀ ਬੇਹੋਸ ਹੋਏ ਸਨ, ਜਿਨ੍ਹਾਂ ਨੂੰ ਤੁਰੰਤ ਰਾਜਪੁਰਾ ਦੇ ਸਿਵਲ ਹਸਪਤਾਲ ‘ਚ ਦਾਖਲ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਨੇੜੇ ਦੇ ਇਲਾਕੇ ਨੂੰ ਵੀ ਖਾਲੀ ਕਰਵਾ ਲਿਆ ਗਿਆ। ਉਨ੍ਹਾਂ ਦਾ ਹਾਲ-ਚਾਲ ਜਾਨਣ ਲਈ ਪਟਿਆਲਾ ਦੇ ਡਿਪਟੀ ਕਮਿਸਨਰ ਸੌਕਤ ਅਹਿਮਦ ਪਰੇ ਪਹੁੰਚੇ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਘਬਰਾਉਣ ਦੀ ਲੋੜ ਨਹੀਂ ਹੈ।

## ਭਾਰਤ ’ਚ 56 ਫੀਸਦੀ ਬਿਮਾਰੀਆਂ ਦਾ ਕਾਰਨ ਹੈ ਖਰਾਬ ਭੋਜਨ

ਨਵੀਂ ਦਿੱਲੀ, 7 ਸਤੰਬਰ। ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ (ਆਈ. ਸੀ. ਐੱਮ. ਆਰ.) ਨੇ ਬੁੱਧਵਾਰ ਨੂੰ ਕਿਹਾ ਕਿ ਭਾਰਤ ’ਚ 56.4 ਫੀਸਦੀ ਬਿਮਾਰੀਆਂ ਦਾ ਕਾਰਨ ਗੈਰ-ਸਿਹਤਮੰਦ ਖੁਰਾਕ ਦੇ ਸੇਵਨ ਕਰਨਾ ਹੈ। ਆਈ. ਸੀ. ਐੱਮ. ਆਰ. ਨੇ ਜਰੂਰੀ ਪੌਸਟਿਕ ਤੱਤਾਂ ਦੀਆਂ ਲੋੜਾਂ ਨੂੰ ਪੂਰਾ ਕਰਨ, ਮੋਟਾਪਾ ਅਤੇ ਸੂਗਰ ਵਰਗੀਆਂ ਬਿਮਾਰੀਆਂ ਤੋਂ ਬਚਣ ਲਈ 17 ਪ੍ਰਕਾਰ ਦੀ ਖੁਰਾਕ ਦੇ ਸੇਵਨ ਦੇ ਸਬੰਧ ’ਚ ਦਿਸਾ-ਨਿਰਦੇਸ ਜਾਰੀ ਕੀਤੇ ਹਨ। ਆਈ. ਸੀ. ਐੱਮ. ਆਰ. ਦੇ ਅਧੀਨ ਕੰਮ ਕਰਦੇ ਨੈਸਨਲ ਇੰਸਟੀਚਿਊਟ ਆਫ ਨਿਊਟ੍ਰੀਸਨ (ਐੱਨ. ਆਈ. ਐੱਨ.) ਨੇ ਕਿਹਾ ਕਿ ਪੌਸਟਿਕ ਤੱਤਾਂ ਨਾਲ ਭਰਪੂਰ ਖੁਰਾਕ ਖਾਣ ਨਾਲ ਦਿਲ ਦੀਆਂ ਬਿਮਾਰੀਆਂ ਅਤੇ ਹਾਈ ਬਲੱਡ ਪ੍ਰੈਸਰ ਨੂੰ ਕਾਫੀ ਹੱਦ ਤੱਕ ਘੱਟ ਕੀਤਾ ਜਾ ਸਕਦਾ ਹੈ ਅਤੇ ਸੂਗਰ ਤੋਂ ਵੀ ਬਚਿਆ ਜਾ ਸਕਦਾ ਹੈ। ਇਸ ਨੇ ਕਿਹਾ, “ਇਕ ਸਿਹਤਮੰਦ ਜੀਵਨ ਸੈਲੀ ਅਪਣਾਉਣ ਨਾਲ ਸਮੇਂ ਤੋਂ ਪਹਿਲਾਂ ਹੋਣ ਵਾਲੀ ਮੌਤ ਨੂੰ ਰੋਕਿਆ ਜਾ ਸਕਦਾ ਹੈ।”

## ਬਹਿਰਾਮਪੁਰ ਪੁਲਸ ਦੇ ਹੱਥ ਲੱਗੀ ਵੱਡੀ ਸਫਲਤਾ, 420 ਗ੍ਰਾਮ ਹੈਰੋਇਨ ਸਣੇ 2 ਮੁਲਜਮ ਕੀਤੇ ਕਾਬੂ

ਦੀਨਾਨਗਰ 7 ਸਤੰਬਰ। ਬਹਿਰਾਮਪੁਰ ਪੁਲਸ ਨੂੰ ਉਸ ਸਮੇ ਵੱਡੀ ਸਫਲਤਾ ਮਿਲੀ ਜਦ ਇਕ ਗੁਪਤ ਸੂਚਨਾ ਦੇ ਆਧਾਰ ‘ਤੇ ਪਿੰਡ ਮੱਲੀਆਂ ਤੋ ਥੋੜਾ ਅੱਗੇ ਪਿੰਡ ਕੌਹਲੀਆ ਵੱਲ ਨੂੰ ਜਾਦੀ ਸੜਕ ‘ਤੇ ਨਾਕਬੰਦੀ ਦੌਰਾਨ ਚੈਕਿੰਗ ਕਰਦੇ ਸਮੇ ਇਕ ਸਵਿਫਟ ਡਿਜਾਇਰ ਗੱਡੀ ਸਵਾਰ 2 ਨੌਜਵਾਨਾਂ ਕੋਲੋ 420 ਗ੍ਰਾਮ ਹੈਰੋਇਨ ਬਰਾਮਦ ਕਰ ਕੇ ਗ੍ਰਿਫਤਾਰ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਪੀ. ਗੁਰਦਾਸਪੁਰ ਦਾਯਮਾ ਹਰੀਸ਼ ਕੁਮਾਰ ਨੇ ਦੱਸਿਆ ਕਿ ਬਹਿਰਾਮਪੁਰ ਪੁਲਸ ਵੱਲੋਂ ਗੁਪਤ




ਸੂਚਨਾ ਦੇ ਆਧਾਰ ‘ਤੇ ਨਾਕਾਬੰਦੀ ਕਰ ਕੇ ਵਹੀਕਲਾਂ ਦੀ ਚੈਕਿੰਗ ਕੀਤੀ ਜਾ ਰਹੀ ਸੀ। ਜਦ ਇਕ ਕਾਰ ਨੂੰ ਟਾਰਚ ਮਾਰ ਕੇ ਰੋਕਿਆ ਗਿਆ ਤਾਂ ਕਾਰ ਦੀ ਅਗਲੀ ਸੀਟ ‘ਤੇ ਬੈਠਾ ਨੌਜਵਾਨ ਇਕਦਮ ਕਾਰ ਦੀ ਤਾਕੀ ਖੋਲ੍ਹ ਕੇ ਭੱਜਣ ਲੱਗਾ ਤਾਂ ਪੁਲਸ ਫੋਰਸ ਨੇ ਉਸ ਦੀ ਕੋਸ਼ਿਸ਼ ਨਾਕਾਮ ਕਰਦਿਆਂ ਉਸ ਨੂੰ ਤੁਰੰਤ ਕਾਬੂ ਕਰ ਲਿਆ ਗਿਆ। ਜਦ ਉਸ ਦੀ ਤਲਾਸ਼ੀ ਕੀਤੀ ਗਈ ਤਾਂ ਇਕ ਕਾਲੇ ਰੰਗ ਦੇ ਮੋਮੀ ਲਿਫਾਫੇ ਵਿਚ ਪੀਲੇ ਰੰਗ ਦੀ ਟੇਪ ਲਪੇਟੀ ਹੋਈ ਸੀ, ਜਿਸ ਦੀ ਜਾਂਚ ਕਰਨ ‘ਤੇ ਉਸ ‘ਚੋਂ 420 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਵੱਲੋ ਪੂਰੀ ਜਾਂਚ ਪੜਤਾਲ ਕਰਨ ਉਪਰੰਤ ਹਰਪ੍ਰੀਤ ਸਿੰਘ ਹੈਪੀ ਪੁੱਤਰ ਅਜੀਤ ਸਿੰਘ ਵਾਸੀ ਮੱਲੀਆਂ ਥਾਣਾ ਬਹਿਰਾਮਪੁਰ ਅਤੇ ਜਤਿੰਦਰ ਸਿੰਘ ਪੁੱਤਰ ਨਿਰੰਜਨ ਸਿੰਘ ਵਾਸੀ ਸ਼ਾਹਪੁਰਕੰਢੀ ਪਠਾਨਕੋਟ ਵਿਰੁੱਧ ਵੱਖ-ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਔਰਤ ਨੂੰ ਬੇਹੋਸ਼ ਕਰ ਕੀਤਾ ਵੱਡਾ ਕਾਂਡ, ਪੁਲਸ ਨੇ ਚਾਰ ਵਿਅਕਤੀਆਂ ਨੂੰ ਸਕਾਰਪੀਓ ਸਮੇਤ ਕੀਤਾ ਗ੍ਰਿਫਤਾਰ

ਤਰਨਤਾਰਨ 7 ਸਤੰਬਰ। ਤਰਨਤਾਰਨ ‘ਚ ਚੋਰੀਆਂ ਹੋਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਇਸ ਦੌਰਾਨ ਇਕ ਹੋਰ ਹੈਰਾਨ ਕਰਨ ਦੇਣ ਵਾਲੀ ਖਬਰ ਸਾਹਮਣੇ ਹੈ। ਜਿਥੇ ਘਰ ’ਚ ਮੌਜੂਦ ਔਰਤ ਨੂੰ ਬੇਹੋਸ਼ ਕਰਦੇ ਹੋਏ ਤਿੰਨ ਤੋੜੇ ਕਣਕ ਅਤੇ 5000 ਦੀ ਨਕਦੀ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਤੋਂ ਬਾਅਦ ਪੁਲਸ ਵੱਲੋਂ ਕਾਰਵਾਈ ਕਰਦੇ ਹੋਏ ਫਰਾਰ ਚਾਰਾਂ ਵਿਅਕਤੀਆਂ ਨੂੰ ਤਿੰਨ ਤੋੜੇ ਕਣਕ, 3900 ਰੁਪਏ ਦੀ ਨਕਦੀ ਅਤੇ ਸਕਾਰਪੀਓ ਸਮੇਤ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਗਈ ਹੈ। ਪੁਲਸ ਵੱਲੋਂ ਇਸ ਸਬੰਧੀ ਥਾਣਾ ਵਲਟੋਹਾ ਵਿਖੇ ਮਾਮਲਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਅਮਨਦੀਪ ਕੌਰ ਪਤਨੀ ਨਿਸ਼ਾਨ ਸਿੰਘ ਵਾਸੀ ਢੋਲਣ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਦੱਸਿਆ ਕਿ ਬੀਤੇ ਕੱਲ੍ਹ ਸਵੇਰ ਕਰੀਬ 10 ਵਜੇ ਆਪਣੇ ਜੇਠ ਮਨਜੀਤ ਸਿੰਘ ਪੁੱਤਰ ਦਰਬਾਰਾ ਸਿੰਘ ਅਤੇ ਭਰਾ ਗੁਰਦਿੱਤ ਸਿੰਘ ਜੋ ਦੋਨੇ ਅੰਗਹੀਨ ਹਨ, ਸਮੇਤ ਘਰ ਵਿਚ ਮੌਜੂਦ ਸੀ। ਇਸ ਦੌਰਾਨ ਇਕ ਸਰਕਾਰਪੀਓ ਗੱਡੀ ਉੱਪਰ ਸਵਾਰ ਹੋ ਚਾਰ



ਵਿਅਕਤੀ ਘਰ ਵਿਚ ਆਉਂਦੇ ਹਨ ਅਤੇ ਕਣਕ ਦੀ ਮੰਗ ਕਰਦੇ ਹਨ। ਜਦੋਂ ਅਮਨਦੀਪ ਕੌਰ ਰਸੋਈ ਵਿਚ ਜਾਂਦੀ ਹੈ ਤਾਂ ਵਿਅਕਤੀ ਉਸ ਨੂੰ ਬੇਹੋਸ਼ ਕਰਦੇ ਹੋਏ ਬੈੱਡ ਵਿਚ ਮੌਜੂਦ 5 ਹਜ਼ਾਰ ਰੁਪਏ ਦੀ ਨਕਦ ਰਕਮ ਅਤੇ ਤਿੰਨ ਤੋੜੇ ਕਣਕ ਜਿਸ ਦਾ ਵਜਨ ਡੇਢ ਕੁਇੰਟਲ ਹੈ ਨੂੰ ਲੈ ਕੇ ਮੌਕੇ ਤੋਂ ਫਰਾਰ ਹੋ ਗਏ। ਜਦੋਂ ਉਸਨੂੰ ਹੋਸ਼ ਆਇਆ ਤਾਂ ਉਸ ਨੇ ਭਰਾ ਅਤੇ ਜੇਠ ਨੂੰ ਦੱਸਿਆ ਕਿ ਚਾਰੇ ਵਿਅਕਤੀ ਜ਼ਬਰਦਸਤੀ ਸਕਾਰਪੀਓ ਗੱਡੀ ਵਿਚ ਕਣਕ ਦੇ ਤੋੜੇ ਲੱਦ ਕੇ ਲੈ ਗਏ ਹਨ। ਇਸ ਸਬੰਧੀ ਡੀ. ਐੱਸ. ਪੀ. ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਇਸ ਮਾਮਲੇ ਸਬੰਧੀ ਤੁਰੰਤ ਕਾਰਵਾਈ ਕਰਦੇ ਹੋਏ ਜਸਵਿੰਦਰ ਸਿੰਘ ਪੁੱਤਰ ਗੁਰਮੁਖ ਸਿੰਘ, ਸਵਰਨ ਸਿੰਘ ਪੁੱਤਰ ਹਰਭਜਨ ਸਿੰਘ, ਮਨਜੀਤ ਸਿੰਘ ਪੁੱਤਰ ਹਰਭਜਨ ਸਿੰਘ ਅਤੇ ਅਤਰਦੀਪ ਸਿੰਘ ਪੁੱਤਰ ਦੀਦਾਰ ਸਿੰਘ ਸਾਰੇ ਵਾਸੀਆਨ ਨਿਊ ਪ੍ਰਤਾਪ ਨਗਰ ਸੁਲਤਾਨਵਿੰਡ ਰੋਡ ਅੰਮ੍ਰਿਤਸਰ ਨੂੰ ਸਕਾਰਪੀਓ ਗੱਡੀ ਸਮੇਤ ਗ੍ਰਿਫਤਾਰ ਕਰਦੇ ਹੋਏ ਉਨ੍ਹਾਂ ਪਾਸੋਂ ਤਿੰਨ ਤੋੜੇ ਕਣਕ ਅਤੇ 3900 ਦੀ ਨਕਦੀ ਬਰਾਮਦ ਕਰ ਲਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਮੁਲਜ਼ਮਾਂ ਨੂੰ ਮਾਨਯੋਗ ਅਦਾਲਤ ਵਿਚ ਪੇਸ਼ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਵਿਦਿਆਰਥਣ ਨਾਲ ਅਧਿਆਪਕ ਨੇ ਕੀਤਾ ਰੇਪ, ਗਰਭਵਤੀ ਹੋਣ ‘ਤੇ ਮਾਮਲਾ ਆਇਆ ਸਾਹਮਣੇ

ਗੌਰੇਲਾ 7 ਸਤੰਬਰ। ਛੱਤੀਸਗੜ੍ਹ ਦੇ ਗੌਰੇਲਾ ਪੇਂਡ੍ਰਾ ਮਰਵਾਹੀ ਜ਼ਿਲ੍ਹੇ ‘ਚ ਇਕ ਵਿਦਿਆਰਥਣ ਨੇ ਆਪਣੇ ਅਧਿਆਪਕ ‘ਤੇ ਜਬਰ ਜ਼ਿਨਾਹ ਦਾ ਦੋਸ਼ ਲਗਾਇਆ ਹੈ। ਪੀੜਤਾ ਦੀ ਸ਼ਿਕਾਇਤ ਤੋਂ ਬਾਅਦ ਪੁਲਸ ਨੇ ਦੋਸ਼ੀ ਅਧਿਆਪਕ ਖ਼ਿਲਾਫ ਸ਼ੁੱਕਰਵਾਰ ਨੂੰ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੀੜਤਾ ਅਤੇ ਉਸ ਦੇ ਪਰਿਵਾਰ ਵਾਲਿਆਂ ਨੇ ਥਾਣੇ ਪਹੁੰਚ ਕੇ ਮਾਮਲੇ ਦੀ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤ ਦੇ ਆਧਾਰ ‘ਤੇ ਪੁਲਸ ਨੇ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ। ਦੱਸਿਆ ਜਾ ਰਿਹਾ ਹੈ ਕਿ ਸਾਰਬਹਰਾ ਇਲਾਕੇ ‘ਚ ਰਹਿਣ ਵਾਲੇ ਅਧਿਆਪਕ ਮਹੇਂਦਰ ਸੋਨੀ ਨੇ ਆਪਣੇ ਹੀ ਸਕੂਲ ‘ਚ ਪੜ੍ਹਨ ਵਾਲੀ ਨਾਬਾਲਗ ਵਿਦਿਆਰਥਣ ਨਾਲ ਜਬਰ ਜ਼ਿਨਾਹ ਕੀਤਾ। ਇਸ ਨਾਲ ਵਿਦਿਆਰਥਣ ਗਰਭਵਤੀ ਹੋ ਗਈ। ਵਿਦਿਆਰਥਣ ਜਦੋਂ ਸਕੂਲ ‘ਚ ਪੜ੍ਹ ਰਹੀ ਸੀ, ਉਦੋਂ ਉਸ ਦੀ ਉਮਰ 12 ਸਾਲ ਸੀ। ਦੋਸ਼ ਹੈ ਕਿ ਅਧਿਆਪਕ ਉਦੋਂ ਤੋਂ ਵਿਦਿਆਰਥਣ ਦਾ ਸਰੀਰਕ ਸ਼ੌਸ਼ਣ ਕਰਦਾ ਰਿਹਾ। ਹੁਣ ਪੀੜਤ ਬਾਲਗ ਹੋ ਗਈ ਹੈ।

# ਲੁਧਿਆਣਾ ਵਾਸੀਆਂ ਲਈ ਜਰੂਰੀ ਖਬਰ, ਘਰੋਂ ਨਿਕਲੇ ਹੋ ਤਾਂ ਜਰਾ ਧਿਆਨ ਨਾਲ

ਲੁਧਿਆਣਾ 7 ਸਤੰਬਰ। ਦੁੱਗਰੀ ਵਾਲੇ ਪਾਸਿਓਂ ਆਉਣ ਵਾਲੇ ਵਾਹਨਾਂ ਨੂੰ ਪੱਖੋਵਾਲ ਰੋਡ ਨਹਿਰ ਦੇ ਚੌਂਕ ‘ਚ ਸਿੱਧੀ ਐਂਟਰੀ ਨਹੀਂ ਮਿਲੇਗੀ। ਇਹ ਕਵਾਇਦ ਪੱਖੋਵਾਲ ਰੋਡ ਫਲਾਈਓਵਰ ਤੇ ਅੰਡਰ ਬ੍ਰਿਜ ਚਾਲੂ ਹੋਣ ਤੋਂ ਬਾਅਦ ਆ ਰਹੀ ਟ੍ਰੈਫਿਕ ਜਾਮ ਦੀ ਸਮੱਸਿਆ ਦੇ ਹੱਲ ਲਈ ਨਗਰ ਨਿਗਮ ਅਤੇ ਟ੍ਰੈਫਿਕ ਪੁਲਸ ਵੱਲੋਂ ਮਿਲ ਕੇ ਸ਼ੁਰੂ ਕੀਤੀ ਗਈ ਹੈ। ਜਿਸ ਲਈ ਹਾਲ ਦੀ ਘੜੀ ਦੋ ਤਰੀਕੇ ਨਾਲ ਟ੍ਰਾਇਲ ਹੋ ਰਿਹਾ ਹੈ। ਇਸ ਵਿਚ ਪਹਿਲਾਂ ਤਾਂ ਦੁੱਗਰੀ ਸਾਈਡ ਤੋਂ ਫਲਾਈਓਵਰ ਦੇ ਥੱਲੇ ਆਉਣ ਵਾਲੇ ਵਾਹਨਾਂ ਨੂੰ ਵਿਸ਼ਾਲ ਨਗਰ ਦੇ ਅੱਗਿਓਂ ਯੂ-ਟਰਨ ਲੈਣ ਲਈ ਕਿਹਾ ਗਿਆ ਹੈ। ਇਸ ਤੋਂ ਇਲਾਵਾ ਦੁੱਗਰੀ ਵਾਲੇ ਪਾਸਿਓਂ ਆਉਣ ਵਾਲੇ ਵਾਹਨਾਂ ਨੂੰ ਫਲਾਈਓਵਰ ਦੇ ਥੱਲਿਓਂ ਯੂ-ਟਰਨ ਲੈ ਕੇ ਵਾਪਸ ਜਵੱਦੀ ਪੁਲ ’ਤੇ ਜਾਣਾ ਪਵੇਗਾ ਅਤੇ ਉਥੋਂ ਮਾਡਲ ਟਾਊਨ ਪਾਸੇ ਦੀ ਐਂਟਰੀ ਤੋਂ ਅੰਡਰਬ੍ਰਿਜ ਦੇ ਰਸਤੇ ਕਾਨਵੈਂਟ ਸਕੂਲ ਦੇ ਅੱਗਿਓਂ ਹੀਰੋ ਬੇਕਰੀ ਚੌਂਕ ਜਾਂ ਸਰਾਭਾ ਨਗਰ ਤੱਕ ਜਾ ਸਕਦੇ ਹਨ। ਇਸ ਸਬੰਧੀ ਰੋਡ ਸੇਫਟੀ ਐੱਨ. ਜੀ. ਓ. ਰਾਹੁਲ ਵਰਮਾ ਨੇ ਦੱਸਿਆ ਕਿ ਪੱਖੋਵਾਲ ਰੋਡ ਨਹਿਰ ਦੇ ਚੌਂਕ ਵਿਚ ਬੈਰੀਕੇਡ ਲਾ ਕੇ ਰਸਤਾ ਬੰਦ ਕਰ



ਦਿੱਤਾ ਗਿਆ ਹੈ ਅਤੇ ਇਸ ਨਵੇਂ ਪਲਾਨ ਨੂੰ ਦੋ-ਤਿੰਨ ਦਿਨ ਤੱਕ ਟ੍ਰਾਇਲ ਦੇ ਨਤੀਜਿਆਂ ਦੇ ਮੱਦੇਨਜ਼ਰ ਪੂਰੀ ਤਰ੍ਹਾਂ ਲਾਗੂ ਕਰ ਦਿੱਤਾ ਜਾਵੇਗਾ। ਪੱਖੋਵਾਲ ਰੋਡ ਤੋਂ ਆਉਣ ਵਾਲੇ ਲੋਕਾਂ ਨੂੰ ਫਲਾਈਓਵਰ ਦੇ ਥੱਲਿਓਂ ਲਾਉਣਾ ਪਵੇਗਾ ਲੰਬਾ ਗੇੜਾ ਨਵੇਂ ਟ੍ਰੈਫਿਕ ਪਲਾਨ ਦਾ ਅਸਰ ਪੱਖੋਵਾਲ ਰੋਡ ਤੋਂ ਆਉਣ ਵਾਲੇ ਲੋਕਾਂ ’ਤੇ ਵੀ ਪਵੇਗਾ, ਜਿਨ੍ਹਾਂ ਨੂੰ ਦੁੱਗਰੀ ਵੱਲ ਜਾਣ ਲਈ ਰੇਲਵੇ ਕ੍ਰਾਸਿੰਗ ’ਤੇ ਬਣੇ ਫਲਾਈਓਵਰ ਦੇ ਥੱਲਿਓਂ ਲੰਬਾ ਗੇੜਾ ਲਾ ਕੇ ਵਾਪਸ ਆਉਣਾ ਪਵੇਗਾ, ਇਹੀ ਰੂਟ ਪੱਖੋਵਾਲ ਰੋਡ ਤੋਂ ਆ ਕੇ ਮਾਡਲ ਟਾਊਨ ਵੱਲ ਜਾਣ ਵਾਲੇ ਲੋਕ ਵੀ ਅਪਨਾ ਸਕਦੇ ਹਨ। ਨਵੇਂ ਰੂਟ ਪਲਾਨ ਨੂੰ ਲਾਗੂ ਕਰਨ ਲਈ ਪੱਖੋਵਾਲ ਰੋਡ ’ਤੇ ਸੜਕ ਕੰਢੇ ਹੋਏ ਰੇਹੜੀ ਵਾਲਿਆਂ ਦੇ ਕਬਜ਼ੇ ਹਟਾਉਣ ਦੀ ਕਾਰਵਾਈ ਵੀ ਹੋਈ। ਹਾਲਾਂਕਿ ਜ਼ੋਨ ਡੀ ਦੀ ਤਹਿਬਾਜਾਰੀ ਬ੍ਰਾਂਚ ਦੀ ਟੀਮ ਦੇ ਕੁਝ ਮੈਂਬਰ ਇਨ੍ਹਾਂ ਰੇਹੜੀ ਵਾਲਿਆਂ ਦੇ ਨਾਲ ਚੱਲ ਰਹੀ ਸੈਟਿੰਗ ਟੁੱਟਣ ਦੇ ਡਰੋਂ ਐਕਸ਼ਨ ਲੈਣ ਲਈ ਤਿਆਰ ਨਹੀਂ ਸਨ ਅਤੇ ਉਨ੍ਹਾਂ ਨੇ ਚੋਣ ਮੌਸਮ ਦਾ ਬਹਾਨਾ ਵੀ ਬਣਾਇਆ ਪਰ ਵਾਹਨਾਂ ਦੀ ਆਵਾਜਾਈ ਵਿਚ ਆ ਰਹੀ ਮੁਸ਼ਕਲ ਦੇ ਮੱਦੇਨਜ਼ਰ ਟ੍ਰੈਫਿਕ ਪੁਲਸ ਦੀ ਸਿਫਾਰਸ਼ ’ਤੇ ਨਗਰ ਨਿਗਮ ਨੂੰ ਰੇਹੜੀ ਵਾਲਿਆਂ ਦੇ ਕਬਜ਼ੇ ਹਟਾਉਣੇ ਪਏ।

## ਮਿਲ ਸਕਦੀ ਹੈ ਰਾਹਤ, ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ

ਚੰਡੀਗੜ੍ਹ (ਪਾਲ) : ਸ਼ੁੱਕਰਵਾਰ ਨੂੰ ਇੱਕ ਵਾਰ ਫਿਰ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਕੇਂਦਰ ਮੁਤਾਬਕ ਵੀਰਵਾਰ ਸ਼ਾਮ ਤੋਂ ਪੱਛਮੀ ਗੜਬੜੀ ਸਰਗਰਮ ਹੋ ਗਈ ਹੈ। ਅਜਿਹੇ ’ਚ ਗਰਜ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। ਹਾਲਾਂਕਿ ਪੱਛਮੀ ਗੜਬੜੀ ਮਜ਼ਬੂਤ ਨਹੀਂ ਹੈ ਪਰ ਹਲਕਾ ਮੀਂਹ ਪੈਣ ਦੀ ਸੰਭਾਵਨਾ ਹੈ। 12-13 ਮਈ ਨੂੰ ਗਰਜ ਦੇ ਨਾਲ ਮੀਂਹ ਪੈ ਸਕਦਾ ਹੈ। ਵੀਰਵਾਰ ਨੂੰ ਤਾਪਮਾਨ ’ਚ ਮਾਮੂਲੀ ਗਿਰਾਵਟ ਦੇਖਣ ਨੂੰ ਮਿਲੀ। ਵੱਧ ਤੋਂ ਵੱਧ ਤਾਪਮਾਨ 35.9 ਡਿਗਰੀ ਤੇ ਘੱਟੋ-ਘੱਟ ਤਾਪਮਾਨ 27.7 ਡਿਗਰੀ ਦਰਜ ਕੀਤਾ ਗਿਆ। ਬੀਤੀ ਰਾਤ ਮਈ ਦੀ ਹੁਣ ਤੱਕ ਦੀ ਸਭ ਤੋਂ ਗਰਮ ਰਾਤ ਰਹੀ। ਸਾਰਾ ਦਿਨ ਮੌਸਮ ਸਾਫ਼ ਰਿਹਾ ਤੇ ਤੇਜ਼ ਹਵਾਵਾਂ ਚੱਲਦੀਆਂ ਰਹੀਆਂ। ਸ਼ੁੱਕਰਵਾਰ ਨੂੰ ਬੱਦਲਵਾਈ ਦੇ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। ਵੱਧ ਤੋਂ ਵੱਧ ਤਾਪਮਾਨ 38 ਡਿਗਰੀ ਤੇ ਘੱਟ ਤੋਂ ਘੱਟ 26 ਡਿਗਰੀ ਹੋ ਸਕਦਾ ਹੈ। ਸ਼ਨੀਵਾਰ ਨੂੰ ਬੱਦਲਵਾਈ ਹੋ ਸਕਦੀ ਹੈ। ਵੱਧ ਤੋਂ ਵੱਧ ਤਾਪਮਾਨ 36, ਜਦਕਿ ਘੱਟ ਤੋਂ ਘੱਟ ਤਾਪਮਾਨ 27 ਡਿਗਰੀ ਹੋ ਸਕਦਾ ਹੈ। ਐਤਵਾਰ ਨੂੰ ਹਲਕੇ ਬੱਦਲਾਂ ਨਾਲ ਮੀਂਹ ਪੈਣ ਦੀ ਸੰਭਾਵਨਾ ਹੈ। ਵੱਧ ਤੋਂ ਵੱਧ ਤਾਪਮਾਨ 33, ਜਦਕਿ ਘੱਟ ਤੋਂ ਘੱਟ ਤਾਪਮਾਨ 26 ਡਿਗਰੀ ਹੋ ਸਕਦਾ ਹੈ।

## ਮਰਾੜਾ ਫੋਕਲ ਪਲਾਂਟ ਵਿਖੇ ਕਣਕ ਦੀ ਲਿਫਟਿੰਗ ਦਾ ਕੰਮ ਢਿੱਲਾ ਹੋਣ ਕਾਰਨ ਖੁੱਲ੍ਹੇ ਮੈਦਾਨ ‘ਚ ਲੱਗਾ ਕਣਕ ਦਾ ਅੰਬਾਰ

ਦੀਨਾਨਗਰ 7 ਸਤੰਬਰ। ਸਰਹੱਦੀ ਖੇਤਰ ਦੇ ਮਰਾੜਾ ਫੋਕਲ ਪਲਾਂਟ ਵਿੱਚ ਖੁੱਲ੍ਹੀਆਂ ਵੱਖ-ਵੱਖ ਕਣਕ ਦੀਆਂ ਮੰਡੀਆਂ ਵਿੱਚ ਕਣਕ ਦੀ ਲਿਫਟਿੰਗ ਦਾ ਕੰਮ ਢਿੱਲਾ ਹੋਣ ਕਾਰਨ ਹਜਾਰਾਂ ਦੀ ਗਿਣਤੀ ਵਿੱਚ ਖੁੱਲੇ ਮੈਦਾਨ ਵਿੱਚ ਲੱਗੀਆਂ ਕਣਕ ਦੀਆਂ ਬੋਰੀਆਂ ਕਾਰਨ ਆੜਤੀ ਵਰਗ ਨੂੰ ਕਾਫੀ ਪਰੇਸਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਕੁਝ ਆੜਤੀਆਂ ਨੇ ਆਪਣਾ ਨਾਮ ਗੁਪਤ ਰੱਖਦੇ ਹੋਏ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਕਣਕ ਦੀ ਲਿਫਟਿੰਗ ਦਾ ਕੰਮ ਬਹੁਤ ਹੀ ਢਿੱਲੇਪਣ ਨਾਲ ਚੱਲ ਰਿਹਾ ਹੈ ਜਿਸ ਕਾਰਨ ਫੋਕਲ ਪਲਾਂਟ ਵਿੱਚ ਵੱਖ-ਵੱਖ ਆੜ੍ਹਤੀਆਂ ਦੀਆਂ ਕਣਕ ਦੀ ਲਿਫਟਿੰਗ ਨਾ ਹੋਣ ਕਾਰਨ ਕਾਫੀ ਪ੍ਰੇਸਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਹਨਾਂ ਦੱਸਿਆ ਕਿ ਬੋਰੀਆਂ ਦੇ ਅੰਬਾਰ ਲੱਗਣ ਕਾਰਨ ਜਗ੍ਹਾ ਵੀ ਬਹੁਤ ਘੱਟ



ਹੋਣ ਕਾਰਨ ਆੜ੍ਹਤੀਆਂ ਨੂੰ ਹੋਰ ਮੰਡੀਆਂ ਵਿੱਚ ਆ ਰਿਹਾ ਮਾਲ ਤੋਲਣ ਵਿੱਚ ਵੀ ਪ੍ਰੇਸ਼ਾਨੀ ਹੋ ਰਹੀ ਹੈ। ਉਹਨਾਂ ਦੱਸਿਆ ਕਿ ਆਉਣ ਵਾਲੇ ਅਗਲੇ ਦਿਨਾਂ ਵਿੱਚ ਮੌਸਮ ਖਰਾਬ ਹੋਣ ਦੀਆਂ ਖਬਰਾਂ ਮਿਲ ਰਹੀਆਂ ਹਨ, ਜਿਸ ਕਾਰਨ ਖੁੱਲੇ ਮੈਦਾਨ ਵਿੱਚ ਪਈ ਇਹ ਕਣਕ ਦੀ ਫਸਲ ਨੂੰ ਨੁਕਸਾਨ ਪਹੁੰਚ ਸਕਦਾ ਹੈ । ਉਹਨਾਂ ਨੇ ਜ਼ਿਲ੍ਹਾ ਪ੍ਰਸਾਸਨ ਕੋਲੋਂ ਮੰਗ ਕੀਤੀ ਹੈ ਕਿ ਕਣਕ ਦੀ ਲਿਫਟਿੰਗ ਵਿੱਚ ਸੁਧਾਰ ਕੀਤਾ ਜਾਵੇ ਤਾਂ ਕਿ ਆਉਣ ਵਾਲੇ ਦਿਨਾਂ ਵਿੱਚ ਜਲਦ ਹੀ ਸਾਰੀ ਕਣਕ ਨੂੰ ਚੁਕਾਇਆ ਜਾ ਸਕੇ ਤਾਂ ਕਿ ਕਿਸੇ ਤਰ੍ਹਾਂ ਦਾ ਕੋਈ ਮੌਸਮ ਦੀ ਖਰਾਬੀ ਕਾਰਨ ਨੁਕਸਾਨ ਦਾ ਸਾਹਮਣਾ ਨਾ ਕਰਨਾ ਪੈ ਸਕੇ।

## ਪੰਜਾਬ ‘ਚ ਚੱਲੀਆਂ ਤੇਜ ਧੂੜ ਭਰੀਆਂ ਹਵਾਵਾਂ

ਚੰਡੀਗੜ੍ਹ 7 ਸਤੰਬਰ। ਦੇਰ ਰਾਤ ਤੋਂ ਪੱਛਮੀ ਗੜਬੜੀ ਸਰਗਰਮ ਹੋ ਗਈ ਹੈ। ਸੁੱਕਰਵਾਰ ਨੂੰ ਦਿਨ ਭਰ ਮੌਸਮ ਸਾਫ ਰਿਹਾ ਪਰ ਸਾਮ ਤੱਕ ਤੇਜ ਧੂੜ ਭਰੀਆਂ ਹਵਾਵਾਂ ਚੱਲਣੀਆਂ ਸ਼ੁਰੂ ਹੋ ਗਈਆਂ। ਮੌਸਮ ਵਿਗਿਆਨ ਕੇਂਦਰ ਮੁਤਾਬਕ ਸੁੱਕਰਵਾਰ ਦੇਰ ਰਾਤ ਤੱਕ ਮੀਂਹ ਪੈਣ ਦੀ ਸੰਭਾਵਨਾ ਸੀ। ਹਾਲਾਂਕਿ ਵਿਭਾਗ ਨੇ ਕਿਹਾ ਹੈ ਕਿ ਸਨੀਵਾਰ ਤੋਂ ਮੌਸਮ ਸਾਫ ਹੋ ਜਾਵੇਗਾ। ਇਸ ਤੋਂ ਪਹਿਲਾਂ 12 ਅਤੇ 13 ਮਈ ਨੂੰ ਗਰਜ ਦੇ ਨਾਲ ਮੀਂਹ ਪੈਣ ਦੀ ਸੰਭਾਵਨਾ ਸੀ ਪਰ ਹੁਣ ਅਜਿਹਾ ਨਹੀਂ ਹੈ। ਸੁੱਕਰਵਾਰ ਨੂੰ ਤਾਪਮਾਨ ’ਚ ਮਾਮੂਲੀ ਗਿਰਾਵਟ ਦਰਜ ਕੀਤੀ ਗਈ। ਵੱਧ ਤੋਂ ਵੱਧ ਤਾਪਮਾਨ 37 ਡਿਗਰੀ ਦਰਜ ਕੀਤਾ ਗਿਆ। ਇਸ ਦੇ ਨਾਲ ਹੀ ਘੱਟੋ-ਘੱਟ ਤਾਪਮਾਨ 28.9 ਡਿਗਰੀ ਦਰਜ ਕੀਤਾ ਗਿਆ। ਸਨੀਵਾਰ ਨੂੰ ਮੌਸਮ ਸਾਫ ਰਹੇਗਾ। ਅੰਸਕ ਬੱਦਲ ਹੋਣ ਦੀ ਸੰਭਾਵਨਾ ਹੈ। ਵੱਧ ਤੋਂ ਵੱਧ ਤਾਪਮਾਨ 34, ਜਦੋਂ ਕਿ ਘੱਟ ਤੋਂ ਘੱਟ ਤਾਪਮਾਨ 28 ਡਿਗਰੀ ਹੋ ਸਕਦਾ ਹੈ। ਐਤਵਾਰ ਨੂੰ ਮੌਸਮ ਸਾਫ ਰਹੇਗਾ। ਇਸ ਦੇ ਨਾਲ ਹੀ ਸੋਮਵਾਰ ਨੂੰ ਵੀ ਮੌਸਮ ਸਾਫ ਰਹੇਗਾ। ਵੱਧ ਤੋਂ ਵੱਧ ਤਾਪਮਾਨ 35, ਜਦੋਂ ਕਿ ਘੱਟ ਤੋਂ ਘੱਟ ਤਾਪਮਾਨ 26 ਡਿਗਰੀ ਹੋ ਸਕਦਾ ਹੈ।

## ਨਾਨੀ ਨਾਲ ਜਨਮ ਦਿਨ ਮਨਾਉਣ ਆਏ ਬੱਚੇ ਦੀ ਮੌਤ

ਫ਼ਰੀਦਕੋਟ 7 ਸਤੰਬਰ। ਪ੍ਰਵਾਸੀ ਪਰਿਵਾਰ ਦੇ ਇਕ ਬੱਚੇ ਲਈ ਉਸਦਾ 5ਵਾਂ ਜਨਮ ਦਿਨ ਕਾਲ ਸਾਬਤ ਹੋਇਆ ਜਦੋਂ ਸਥਾਨਕ ਰੇਲਵੇ ਸਟੇਸ਼ਨ ਕੋਲ ਕਣਕ ਦੀਆਂ ਬੋਰੀਆਂ ਨਾਲ ਭਰੇ ਟਰੱਕ ਹੇਠ ਆ ਕੇ ਦਰੜੇ ਜਾਣ ਕਾਰਣ ਉਸ ਦੀ ਮੌਕੇ ’ਤੇ ਹੀ ਮੌਤ ਹੋ ਗਈ। ਬੱਚੇ ਦੇ ਪਰਿਵਾਰਕ ਮੈਂਬਰਾਂ ਦਾ ਰੋਣਾ ਸਹਾਰ ਨਹੀਂ ਹੋ ਰਿਹਾ ਸੀ। ਸ਼ਹਿਰ ’ਚ ਰਹਿੰਦੇ ਪ੍ਰਵਾਸੀ ਪਰਿਵਾਰ ਦਾ ਬੱਚਾ ਅਨਮੋਲ ਜੋ ਆਪਣੀ ਨਾਨੀ ਕੋਲ ਬਾਹਰੀ ਸਥਾਨ ’ਤੇ ਰਹਿ ਰਿਹਾ ਸੀ। ਅੱਜ 10 ਮਈ ਨੂੰ ਆਪਣਾ 5ਵਾਂ ਜਨਮ ਦਿਨ ਮਨਾਉਣ ਲਈ ਫ਼ਰੀਦਕੋਟ ਵਿਖੇ ਰਹਿੰਦੇ ਆਪਣੇ ਮਾਤਾ-ਪਿਤਾ ਕੋਲ ਕੱਲ੍ਹ ਹੀ ਆਇਆ ਸੀ ਪਰ ਉਸ ਨਾਲ ਇਹ ਅਣਹੋਣੀ ਵਾਪਰ ਗਈ। ਖਬਰ ਲਿਖੇ ਜਾਣ ਤੱਕ ਇਸ ਘਟਨਾ ਤੋਂ ਬਾਅਦ ਸਿਟੀ ਪੁਲਸ ਵੱਲੋਂ ਮ੍ਰਿਤਕ ਬੱਚੇ ਦੀ ਲਾਸ਼ ਆਪਣੇ ਕਬਜੇ ਵਿਚ ਲੈ ਕੇ ਕਾਨੂੰਨੀ ਕਾਰਵਾਈ ਜਾਰੀ ਸੀ।

# ਚੋਰੀਆਂ ਤੇ ਲੁੱਟਖੋਹ ਦੀਆਂ ਵਾਰਦਾਤਾਂ ‘ਚ ਸਾਮਲ ਗਿਰੋਹ ਦਾ ਪਰਦਾਫਾਸ, 5 ਮੁਲਜਮ ਗ੍ਰਿਫਤਾਰ

ਜਲੰਧਰ 7 ਸਤੰਬਰ। ਥਾਣਾ ਬਸਤੀ ਬਾਵਾ ਖੇਲ ਦੀ ਪੁਲਸ ਨੇ ਕਈ ਚੋਰੀਆਂ ਅਤੇ ਲੁੱਟਾਂਖੋਹਾਂ ਕਰਨ ਵਾਲੇ ਇਕ ਗਿਰੋਹ ਦਾ ਪਰਦਾਫਾਸ ਕਰਕੇ 5 ਮੁਲਜਮਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ ਤਿੰਨ ਮੋਟਰਸਾਈਕਲ, ਇਕ ਐਕਟਿਵਾ ਅਤੇ 10 ਮੋਬਾਇਲ ਫੋਨ ਬਰਾਮਦ ਕੀਤੇ ਹਨ। ਵੇਰਵਿਆਂ ਦਾ ਖੁਲਾਸਾ ਕਰਦਿਆਂ ਪੁਲਸ ਕਮਿਸਨਰ ਨੇ ਦੱਸਿਆ ਕਿ ਪੁਲਸ ਨੂੰ ਸੂਹ ਮਿਲੀ ਸੀ ਕਿ ਸੰਨੀ, ਸਾਗਰ ਸਿੰਘ ਉਰਫ ਗਾਮਾ, ਅਮਰਜੀਤ ਸਿੰਘ ਉਰਫ ਵਿੱਕੀ, ਵਿਕਰਮ ਸਿੰਘ ਉਰਫ ਵਿੱਕੀ ਅਤੇ ਰਵੀ ਖ਼ਿਲਾਫ ਕਈ ਕੇਸ ਦਰਜ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਸੀਆਂ ਵੱਲੋਂ ਮੋਟਰਸਾਈਕਲ, ਇਕ ਸਪਲੈਂਡਰ (ਪੀ. ਬੀ.08-ਐੱਫ. ਬੀ-3473) ਅਤੇ ਬਿਨਾਂ ਨੰਬਰ ਦੇ ਇਕ ਐਕਟਿਵਾ ਦੀ ਵਰਤੋਂ ਕਰਦਿਆਂ ਪ੍ਰਵਾਸੀ ਵਿਅਕਤੀਆਂ ਤੋਂ ਮੋਬਾਈਲ ਫੋਨ ਅਤੇ ਪਰਸ ਖੋਹ ਲਏ ਜਾਣ ਦੀ ਸੂਚਨਾ ਹੈ। ਸਵਪਨ ਸਰਮਾ ਨੇ ਦੱਸਿਆ ਕਿ ਸੂਚਨਾ ਦੇ ਆਧਾਰ ’ਤੇ ਕਾਰਵਾਈ ਕਰਦਿਆਂ ਪੁਲਸ ਪਾਰਟੀ ਨੇ ਇਨ੍ਹਾਂ ਪੰਜ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 10 ਮੋਬਾਈਲ ਫੋਨ ਬਰਾਮਦ ਕੀਤੇ ਹਨ। ਪੁਲਸ ਕਮਿਸਨਰ ਨੇ ਦੱਸਿਆ ਕਿ ਤਫਤੀਸ ਦੌਰਾਨ ਅਮਰਜੀਤ ਸਿੰਘ ਉਰਫ ਵਿੱਕੀ ਅਤੇ ਸਾਗਰ ਸਿੰਘ ਉਰਫ ਗਾਮਾ ਨੇ ਮੰਨਿਆ ਕਿ ਉਨ੍ਹਾਂ ਨੇ ਮਨੋਜ ਕੁਮਾਰ ਪੁੱਤਰ ਧਰਮ ਰਾਜ ਵਾਸੀ ਫਾਟਕ ਤੋਂ 3000 ਰੁਪਏ ਅਤੇ ਇਕ ਹੀਰੋ ਸਪਲੈਂਡਰ ਮੋਟਰਸਾਈਕਲ (ਪੀ. ਬੀ. 08-ਬੀ. ਐੱਸ.-9611) ਖੋਹਿਆ ਸੀ। ਇਸ



ਲਈ ਉਨ੍ਹਾਂ ਕਿਹਾ ਕਿ ਪੁਲਸ ਮੁਕੱਦਮਾ/ਐੱਫ. ਆਈ. ਆਰ. ਨੰਬਰ 67 ਮਿਤੀ 06-04-2024 ਅਧੀਨ 379ਬੀ,34 ਆਈ. ਪੀ. ਸੀ. ਪੀ. ਐੱਸ. ਬਸਤੀ ਬਾਵਾ ਖੇਲ੍ਹ ਜਲੰਧਰ ਨੂੰ ਟਰੇਸ ਕਰ ਲਿਆ। ਸਵਪਨ ਸਰਮਾ ਨੇ ਦੱਸਿਆ ਕਿ ਪੁਲਸ ਨੇ ਇਨ੍ਹਾਂ ਕੋਲੋਂ ਤਿੰਨ ਹੀਰੋ ਹਾਂਡਾ ਮੋਟਰਸਾਈਕਲ, ਇੱਕ ਐਕਟਿਵਾ ਅਤੇ 10 ਮੋਬਾਇਲ ਬਰਾਮਦ ਕੀਤੇ ਹਨ। ਪੁਲਸ ਕਮਿਸਨਰ ਨੇ ਦੱਸਿਆ ਕਿ ਮੁਲਜਮਾਂ ਖ਼ਿਲਾਫ ਥਾਣਾ ਬਸਤੀ ਬਾਵਾ ਖੇਲ ਜਲੰਧਰ ਵਿਖੇ ਐਫਆਈਆਰ 80 ਮਿਤੀ 01-05-2024 ਅਧੀਨ 379ਬੀ/411/34 ਆਈਪੀਸੀ ਦਰਜ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸੰਨੀ ਖ਼ਿਲਾਫ ਪਹਿਲਾਂ ਹੀ ਚਾਰ, ਸਾਗਰ ਸਿੰਘ ਉਰਫ ਗਾਮਾ ਖ਼ਿਲਾਫ ਦੋ ਅਤੇ ਅਮਰਜੀਤ ਸਿੰਘ ਉਰਫ ਵਿੱਕੀ ਖ਼ਿਲਾਫ ਦੋ ਕੇਸ ਪੈਂਡਿੰਗ ਹਨ। ਸਵਪਨ ਸਰਮਾ ਨੇ ਕਿਹਾ ਕਿ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ, ਵੇਰਵੇ ਬਾਅਦ ਵਿੱਚ ਸਾਂਝੇ ਕੀਤੇ ਜਾਣਗੇ।

## ਸਿਰ ’ਚ ਇੱਟ ਮਾਰ ਕੇ ਮਾਂ ਦਾ ਕਤਲ ਵਾਲਾ ਕਾਤਲ ਪੁੱਤ ਗ੍ਰਿਫਤਾਰ

ਫਿਰੋਜ਼ਪੁਰ 7 ਸਤੰਬਰ। ਆਪਣੀ ਮਾਂ ਦਾ ਕਤਲ ਕਰਨ ਵਾਲੇ ਕਾਤਲ ਪੁੱਤਰ ਨੂੰ ਥਾਣਾ ਮਮਦੋਟ ਦੀ ਪੁਲਸ ਨੇ ਐੱਸ. ਐੱਚ. ਓ. ਗੁਰਿੰਦਰ ਸਿੰਘ ਦੀ ਅਗਵਾਈ ਹੇਠ ਗ੍ਰਿਫਤਾਰ ਕਰ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ. ਪੀ. ਇਨਵੈਸਟੀਗੇਸ਼ਨ ਫਿਰੋਜ਼ਪੁਰ ਰਣਧੀਰ ਕੁਮਾਰ ਨੇ ਦੱਸਿਆ ਕਿ ਖਰੀਦੇ ਇਨਵਰਟਰ ਨੂੰ ਲੈ ਕੇ ਪਰਿਵਾਰ ’ਚ ਹੋਏ ਲੜਾਈ-ਝਗੜੇ ’ਚ ਆਪਣੀ ਮਾਤਾ ਪਿਆਰੋ ਬਾਈ ਦੇ ਸਿਰ ’ਚ ਉਸ ਦੇ ਲੜਕੇ ਅਮਰਜੀਤ ਸਿੰਘ ਨੇ ਬੀਤੇ ਦਿਨੀਂ ਇੱਟ ਮਾਰ ਕੇ ਕਤਲ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਕਾਤਲ ਅਮਰਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਬਸਤੀ ਕਸ਼ਮੀਰ ਸਿੰਘ ਵਾਲੀ ਨੂੰ ਅਦਾਲਤ ’ਚ ਪੇਸ਼ ਕਰਕੇ ਉਸ ਦਾ ਪੁਲਸ ਰਿਮਾਂਡ ਲੈ ਕੇ ਪੁੱਛਗਿੱਛ ਕੀਤੀ ਜਾਵੇਗੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਕਾਂਗਰਸ ਵਿੱਚ ਸ਼ਾਮਲ ਹੋਏ ਵਿਨੇਸ਼ ਫੋਗਾਟ ਤੇ ਬਜਰੰਗ ਪੂਨੀਆ

**ਨਵੀਂ ਦਿੱਲੀ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪਹਿਲਵਾਨ ਵਿਨੇਸ਼ ਫੋਗਾਟ ਅਤੇ ਬਜਰੰਗ ਪੂਨੀਆ ਸ਼ੁੱਕਰਵਾਰ ਨੂੰ ਇਥੇ ਕਾਂਗਰਸ ਪਾਰਟੀ ਵਿਚ ਸ਼ਾਮਲ ਹੋ ਗਏ। ਉਮੀਦ ਹੈ ਕਿ ਦੋਵੇਂ 5 ਅਕਤੂਬਰ ਨੂੰ ਹੋਣ ਵਾਲੀਆਂ ਹਰਿਆਣਾ ਵਿਧਾਨ ਸਭਾ ਚੋਣਾਂ ਵਿਚ ਪਾਰਟੀ ਉਮੀਦਵਾਰ ਹੋਣਗੇ। ਸਮਝਿਆ ਜਾਂਦਾ ਹੈ ਕਿ ਵਿਨੇਸ਼ ਫੋਗਾਟ ਹਰਿਅਣਾ ਦੇ ਜੁਲਾਣਾ ਹਲਕੇ ਤੋਂ ਕਾਂਗਰਸ ਟਿਕਟ ਉਤੇ ਚੋਣ ਲੜੇਗੀ, ਜਿਥੋਂ ਜਨਨਾਇਕ ਜਨਤਾ ਪਾਰਟੀ (ਜੇਜੇਪੀ) ਦੇ ਅਮਰਜੀਤ ਢਾਂਡਾ ਮੌਜੂਦਾ ਵਿਧਾਇਕ ਹਨ। ਇਸੇ ਤਰ੍ਹਾਂ ਬਜਰੰਗ ਪੂਨੀਆ ਨੂੰ ਬਾਦਲੀ ਹਲਕੇ ਤੋਂ ਉਮੀਦਵਾਰ ਬਣਾਇਆ ਜਾਵੇਗਾ, ਜਿਥੋਂ ਭਾਜਪਾ ਨੇ ਸਾਬਕਾ ਸੂਬਾ ਪ੍ਰਧਾਨ ਓਮ ਪ੍ਰਕਾਸ਼ ਧਨਖੜ ਨੂੰ ਮੈਦਾਨ ਵਿਚ ਉਤਾਰਿਆ ਹੈ। ਇਸ ਤੋਂ ਪਹਿਲਾਂ ਅੱਜ ਤੇਜ਼ੀ ਨਾਲ ਵਾਪਰੇ ਘਟਨਾਕ੍ਰਮ ਵਿਚ ਦੋਵੇਂ ਪਹਿਲਵਾਨਾਂ ਨੇ ਕਾਂਗਰਸ ਵਿਚ ਸ਼ਾਮਲ ਹੋਣ ਤੋਂ ਪਹਿਲਾਂ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਨਾਲ ਉਨ੍ਹਾਂ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਉਸ ਤੋਂ ਪਹਿਲਾਂ ਵਿਨੇਸ਼ ਨੇ ਨਿਜੀ ਕਾਰਨਾਂ ਦੇ ਹਵਾਲੇ ਨਾਲ ਰੇਲਵੇ ਦੀ ਆਪਣੀ ਸਰਕਾਰੀ ਨੌਕਰੀ ਤੋਂ ਅਸਤੀਫ਼ਾ ਦੇ ਦਿੱਤਾ। ਦੋਵਾਂ ਨੇ ਬੀਤੇ ਬੁੱਧਵਾਰ ਨੂੰ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨਾਲ ਮੁਲਾਕਾਤ ਕੀਤੀ ਸੀ। ਕਾਂਗਰਸ ਨੇ ਗਾਂਧੀ ਦੀ ਫੋਗਾਟ ਤੇ ਪੂਨੀਆ ਨਾਲ ਮੁਲਾਕਾਤ ਦੀ ਫੋਟੋ ਆਪਣੇ 'ਐਕਸ' ਹੈਂਡਲ ਉਤੇ ਨਸ਼ਰ ਕੀਤੀ ਸੀ।

ਬਜਰੰਗ ਪੂਨੀਆ ਓਲੰਪਿਕ ਤਗ਼ਮਾ ਜੇਤੂ ਪਹਿਲਵਾਨ ਹੈ ਜਦੋਂਕਿ ਫੋਗਾਟ ਹਾਲੀਆ ਪੈਰਿਸ ਓਲੰਪਿਕਸ ਦੇ 50 ਕਿਲੋ ਕੁਸ਼ਤੀ ਵਰਗ ਦੇ ਫਾਈਨਲ ਵਿਚ ਪੁੱਜਣ ਵਾਲੀ ਪਹਿਲੀ ਭਾਰਤੀ ਮਹਿਲਾ ਪਹਿਲਵਾਨ ਬਣੀ ਸੀ, ਹਾਲਾਂਕਿ ਉਸ ਨੂੰ ਬਾਅਦ ਵਿਚ ਥੋੜ੍ਹਾ ਜਿਹਾ ਵਜ਼ਨ ਵਧ ਜਾਣ ਕਾਰਨ ਅਯੋਗ ਕਰਾਰ ਦੇ ਦਿੱਤਾ ਗਿਆ ਸੀ। ਇਸ ਤੋਂ ਬਾਅਦ ਉਸ ਨੇ ਕੁ ?ਸ਼ਤੀ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ।

ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਅਤੇ ਭਾਜਪਾ ਦੇ ਸਾਬਕਾ ਐਮਪੀ ਬ੍ਰਿਜ ਭੂਸ਼ਣ ਸ਼ਰਨ ਸਿੰਘ ਉਤੇ 2023 ਵਿਚ ਮਹਿਲਾ ਪਹਿਲਵਾਨਾਂ ਵੱਲੋਂ ਲਾਏ ਗਏ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਕਾਰਨ ਚੱਲੇ ਲੰਬੇ ਅੰਦੋਲਨ ਵਿਚ ਦੋਵਾਂ ਫੋਗਾਟ ਤੇ ਪੂਨੀਆ ਨੇ ਸਰਗਰਮੀ ਨਾਲ ਸ਼ਿਰਕਤ ਕੀਤੀ ਸੀ।

ਫੋਗਾਟ ਨੇ ਸ਼ੁੱਕਰਵਾਰ ਨੂੰ ਉੱਤਰੀ ਰੇਲਵੇ ਤੋਂ ਅਸਤੀਫ਼ਾ ਦੇ ਦਿੱਤਾ ਹੈ, ਜਿੱਥੇ ਉਹ ਸਪੈਸ਼ਲ ਡਿਊਟੀ ਖੇਡਾਂ ਦੇ ਪੱਧਰ 7 ਵਿੱਚ ਕੰਮ ਕਰ ਰਹੀ ਸੀ। ਵਿਨੇਸ਼ ਨੇ ਸੋਸ਼ਲ ਮੀਡੀਆ 'ਐਕਸ' 'ਤੇ ਲਿਖਿਆ ਕਿ ਭਾਰਤੀ ਰੇਲਵੇ ਦੀ ਸੇਵਾ ਕਰਨਾ ਮੇਰੇ ਜੀਵਨ ਦਾ ਇੱਕ ਯਾਦਗਾਰੀ ਅਤੇ ਮਾਣ ਵਾਲਾ ਸਮਾਂ ਰਿਹਾ ਹੈ। ਮੇਰੇ ਜੀਵਨ ਦੇ ਇਸ ਮੋੜ 'ਤੇ ਮੈਂ ਆਪਣੇ ਆਪ ਨੂੰ ਰੇਲਵੇ ਸੇਵਾ ਤੋਂ ਵੱਖ ਕਰਨ ਦਾ ਫੈਸਲਾ ਕੀਤਾ ਹੈ।

# ਪਾਣੀ ਦੀ ਸੰਭਾਲ ਸਿਰਫ਼ ਨੀਤੀਆਂ ਦਾ ਨਹੀਂ ਸਗੋਂ ਸਮਾਜਿਕ ਵਫ਼ਾਦਾਰੀ ਦਾ ਹੈ ਮਾਮਲਾ: ਮੋਦੀ

**ਸੂਰਤ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਇੱਥੇ 'ਜਲ ਸੰਚੈ ਜਨ ਭਾਗੀਦਾਰੀ ਪਹਿਲਕਦਮੀ' ਦੀ ਸ਼ੁਰੂਆਤ ਕੀਤੀ ਅਤੇ ਕਿਹਾ ਕਿ ਪਾਣੀ ਦੀ ਸੰਭਾਲ ਸਿਰਫ਼ ਨੀਤੀਆਂ ਦਾ ਵਿਸ਼ਾ ਨਹੀਂ, ਸਗੋਂ ਸਮਾਜਿਕ ਵਫ਼ਾਦਾਰੀ ਅਤੇ ਜਾਗਰੂਕਤਾ ਦਾ ਵੀ ਮਾਮਲਾ ਹੈ, ਜਨ ਭਾਗੀਦਾਰੀ ਅਤੇ ਜਨ ਅੰਦੋਲਨ ਇਸ ਦੀਆਂ ਸਭ ਤੋਂ ਵੱਡੀਆਂ ਤਾਕਤਾਂ ਹਨ। ਵੀਡੀਓ ਕਾਨਫਰੰਸਿੰਗ ਰਾਹੀਂ ਆਯੋਜਿਤ ਇਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਇਹ ਵੀ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਅਚਾਨਕ ਪਏ ਮੀਂਹ ਦੇ 'ਤਾਂਡਵ' ਕਾਰਨ ਦੇਸ਼ ਦਾ ਸ਼ਾਇਦ ਹੀ ਕੋਈ ਅਜਿਹਾ ਖੇਤਰ ਹੋਵੇਗਾ, ਜਿਸ ਨੇ ਸੰਕਟ ਦਾ ਸਾਹਮਣਾ ਨਾ ਕੀਤਾ ਹੋਵੇ।

ਉਨ੍ਹਾਂ ਕਿਹਾ, "ਇਸ ਵਾਰ ਗੁਜਰਾਤ 'ਤੇ ਵੱਡਾ ਸੰਕਟ ਆਇਆ ਹੈ। ਕੁਦਰਤ ਦੇ ਇਸ ਕਹਿਰ ਨੂੰ ਝੱਲਣ ਲਈ ਸਾਰੇ ਪ੍ਰਬੰਧ ਇੰਨੇ ਮਜ਼ਬੂਤ ਨਹੀਂ ਸਨ ਪਰ ਗੁਜਰਾਤ ਦੇ ਲੋਕਾਂ ਅਤੇ ਦੇਸ਼ ਵਾਸੀਆਂ ਦਾ ਸੁਭਾਅ ਇੱਕੋ ਜਿਹਾ ਹੈ ਕਿ ਸੰਕਟ ਦੀ ਘੜੀ ਵਿੱਚ ਹਰ ਕੋਈ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਦਾ ਹੈ ਅਤੇ ਸਭ ਦੀ ਮਦਦ ਕਰਦਾ ਹੈ।" ਪ੍ਰਧਾਨ ਮੰਤਰੀ ਨੇ ਕਿਹਾ ਕਿ ਪਾਣੀ ਦੀ ਸੰਭਾਲ ਸਿਰਫ਼ ਇੱਕ ਨੀਤੀ ਨਹੀਂ ਹੈ, ਸਗੋਂ ਇੱਕ ਗੁਣ ਵੀ ਹੈ ਜਿਸ ਵਿੱਚ ਉਦਾਰਤਾ ਅਤੇ ਜ਼ਿੰਮੇਵਾਰੀ ਦੋਵੇਂ ਸ਼ਾਮਲ ਹਨ। ਉਹਨਾਂ ਨੇ ਕਿਹਾ, ਜਦੋਂ ਆਉਣ ਵਾਲੀਆਂ ਪੀੜ੍ਹੀਆਂ ਸਾਡਾ ਨਿਰਣਾ ਕਰਨਗੀਆਂ, ਤਾਂ ਪਾਣੀ ਦੇ ਪ੍ਰਤੀ ਸਾਡਾ ਰਵੱਈਆ ਸ਼ਾਇਦ ਉਨ੍ਹਾਂ ਦਾ ਪਹਿਲਾ ਮਾਪਦੰਡ ਹੋਵੇਗਾ।



ਉਹਨਾਂ ਨੇ ਕਿਹਾ, "ਪਾਣੀ ਦੀ ਸੰਭਾਲ, ਕੁਦਰਤ ਦੀ ਸੰਭਾਲ... ਇਹ ਸਾਡੇ ਲਈ ਨਵੇਂ ਸ਼ਬਦ ਨਹੀਂ ਹਨ। ਇਹ ਇੱਕ ਅਜਿਹਾ ਕੰਮ ਹੈ, ਜੋ ਹਾਲਾਤਾਂ ਕਾਰਨ ਸਾਡੇ ਉੱਤੇ ਪੈ ਗਿਆ ਹੈ। ਇਹ ਭਾਰਤ ਦੀ ਸੱਭਿਆਚਾਰਕ ਚੇਤਨਾ ਦਾ ਹਿੱਸਾ ਹੈ। ਪਾਣੀ ਦੀ ਸੰਭਾਲ ਸਿਰਫ਼ ਨੀਤੀਆਂ ਦਾ ਹੀ ਨਹੀਂ ਸਗੋਂ ਸਮਾਜਿਕ ਵਫ਼ਾਦਾਰੀ ਦਾ ਵੀ ਮਾਮਲਾ ਹੈ। ਜਾਗਰੂਕ ਲੋਕ ਰਾਇ, ਜਨ ਭਾਗੀਦਾਰੀ ਅਤੇ ਲੋਕ ਲਹਿਰ... ਇਹ ਇਸ ਮੁਹਿੰਮ ਦੀ ਸਭ ਤੋਂ ਵੱਡੀ ਤਾਕਤ ਹਨ।"

ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਭਾਰਤ ਕੋਲ ਸਿਰਫ਼ 4 ਫ਼ੀਸਦੀ ਸਾਫ਼ ਪਾਣੀ ਦੇ ਸਰੋਤ ਹਨ ਅਤੇ ਦੇਸ਼ ਦੇ ਕਈ ਹਿੱਸੇ ਪਾਣੀ ਦੇ ਸੰਕਟ ਦਾ ਸਾਹਮਣਾ ਕਰ ਰਹੇ ਹਨ। 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਦਾ ਜ਼ਿਕਰ ਕਰਦੇ ਹੋਏ ਮੋਦੀ ਨੇ ਕਿਹਾ ਕਿ ਜਦੋਂ ਰੁੱਖ ਲਗਾਏ ਜਾਂਦੇ ਹਨ ਤਾਂ ਜ਼ਮੀਨ 'ਚ ਪਾਣੀ ਦਾ ਪੱਧਰ ਤੇਜ਼ੀ ਨਾਲ ਵਧਦਾ ਹੈ। ਉਨ੍ਹਾਂ ਕਿਹਾ, "ਪਿਛਲੇ ਕੁਝ ਹਫਤਿਆਂ 'ਚ ਦੇਸ਼ 'ਚ ਮਾਂ ਦੇ ਨਾਂ 'ਤੇ ਕਰੋੜਾਂ ਰੁੱਖ ਲਗਾਏ ਗਏ ਹਨ। ਅਜਿਹੀਆਂ ਕਈ ਮੁਹਿੰਮਾਂ ਅਤੇ ਸੰਕਲਪ ਹਨ, ਜੋ ਅੱਜ 140 ਕਰੋੜ ਦੇਸ਼ਵਾਸੀਆਂ ਦੀ ਸ਼ਮੂਲੀਅਤ ਨਾਲ ਲੋਕ ਲਹਿਰ ਬਣ ਰਹੇ ਹਨ।

# ਈਡੀ ਵੱਲੋ ਆਰਜੀ ਕਰ ਹਸਪਤਾਲ ਦੇ ਸਾਬਕਾ ਪ੍ਰਿੰਸੀਪਲ ਅਤੇ ਸਾਥੀਆਂ ਦੇ ਘਰਾਂ ਉੱਤੇ ਛਾਪੇਮਾਰੀ



**ਕੋਲਕਾਤਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਅਧਿਕਾਰੀਆਂ ਨੇ ਸੂਬਾ ਸਰਕਾਰ ਵੱਲੋਂ ਚਲਾਏ ਜਾ ਰਹੇ ਆਰਜੀ ਕਾਰ ਮੈਡੀਕਲ ਕਾਲਜ ਦੇ ਸਾਬਕਾ ਪ੍ਰਿੰਸੀਪਲ ਸੰਦੀਪ ਘੋਸ਼ ਅਤੇ ਉਸ ਦੇ ਤਿੰਨ ਸਾਥੀਆਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਗਈ। ਇਕ ਅਧਿਕਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਘੋਸ਼ ਦੇ ਬੇਲੀਆਘਾਟਾ ਸਥਿਤ ਘਰ ਅਤੇ ਹਾਵੜਾ ਅਤੇ ਸੁਭਾਸ਼ਗ੍ਰਾਮ 'ਚ ਦੋ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ। ਚਾਰੋਂ ਪਹਿਲਾਂ ਹੀ ਕੇਂਦਰੀ ਜਾਂਚ •ਏਜੰਸੀ (ਸੀਬੀਆਈ) ਦੀ ਹਿਰਾਸਤ ਵਿੱਚ ਹਨ।ਕੋਲਕਾਤਾ ਹਾਈ ਕੋਰਟ ਨੇ 23 ਅਗਸਤ ਨੂੰ ਹਸਪਤਾਲ ਵਿੱਚ ਕਥਿਤ ਵਿੱਤੀ ਬੇਨਿਯਮੀਆਂ ਦੀ ਜਾਂਚ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਤੋਂ ਸੀਬੀਆਈ ਨੂੰ ਸੌਂਪਣ ਦਾ ਹੁਕਮ ਦਿੱਤਾ ਸੀ। ਇਹ ਫੈ ?ਸਲਾ ਹਸਪਤਾਲ ਦੇ ਸਾਬਕਾ ਡਿਪਟੀ ਸੁਪਰਡੈਂਟ ਡਾਕਟਰ ਅਖਤਰ ਅਲੀ ਦੀ ਪਟੀਸ਼ਨ ਤੋਂ ਬਾਅਦ ਆਇਆ, ਜਿਸ ਨੇ ਘੋਸ਼ ਦੇ ਪ੍ਰਿੰਸੀਪਲ ਵਜੋਂ ਕਾਰਜਕਾਲ ਦੌਰਾਨ ਵਿੱਤੀ ਦੁਰਵਿਹਾਰ ਦੇ ਦੋਸ਼ਾਂ ਦੀ ਈਡੀ ਜਾਂਚ ਦੇ ਨਿਰਦੇਸ਼ ਦਿੱਤੇ ਜਾਣ ਦੀ ਬੇਨਤੀ ਕੀਤੀ ਸੀ।

ਘੋਸ਼ ਨੇ ਫਰਵਰੀ 2021 ਤੋਂ ਸਤੰਬਰ 2023 ਤੱਕ ਪ੍ਰਿੰਸੀਪਲ ਵਜੋਂ ਸੇਵਾ ਨਿਭਾ ਚੁੱਕੇ ਹਨ, ਉਸ ਨੂੰ ਅਕਤੂਬਰ 2023 ਵਿੱਚ ਆਰਜੀ ਕਾਰ ਤੋਂ ਥੋੜ੍ਹੇ ਸਮੇਂ ਲਈ ਬਦਲ ਦਿੱਤਾ ਗਿਆ ਸੀ, ਪਰ ਇੱਕ ਮਹੀਨੇ ਦੇ ਅੰਦਰ ਵਾਪਸ ਆ ਗਿਆ। ਡਾਕਟਰ ਅਲੀ ਨੇ ਚਿੰਤਾ ਜ਼ਾਹਰ ਕੀਤੀ ਸੀ ਕਿ ਆਰਜੀ ਕਾਰ ਹਸਪਤਾਲ ਵਿੱਚ ਭ੍ਰਿਸ਼ਟਾਚਾਰ ਨੂੰ ਡਾਕਟਰ ਦੀ ਮੌਤ ਨਾਲ ਜੋੜਿਆ ਜਾ ਸਕਦਾ ਹੈ। ਇਸ ਵਿਚ ਇਹ ਵੀ ਕਿਹਾ ਗਿਆ ਹੈ ਕਿ ਪੀੜਤ ਨੂੰ ਸ਼ਾਇਦ ਦੁਰਵਿਹਾਰ ਬਾਰੇ ਪਤਾ ਸੀ ਅਤੇ ਹੋ ਸਕਦਾ ਹੈ ਕਿ ਉਸ ਨੇ ਇਸ ਦਾ ਪਰਦਾਫਾਸ਼ ਕਰਨ ਦੀ ਧਮਕੀ ਦਿੱਤੀ ਹੋਵੇ।

# ਇਲੈਕਟ੍ਰਿਕ ਵਾਹਨ ਨਿਰਮਾਤਾਵਾਂ ਨੂੰ ਹੁਣ ਸਰਕਾਰ ਵੱਲੋਂ ਸਬਸਿਡੀ ਦੇਣ ਦੀ ਲੋੜ ਨਹੀਂ: ਗਡਕਰੀ

**ਨਵੀਂ ਦਿੱਲੀ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਅੱਜ ਕਿਹਾ ਕਿ ਇਲੈਕਟ੍ਰਿਕ ਵਾਹਨ (ਈਵੀ) ਨਿਰਮਾਤਾਵਾਂ ਨੂੰ ਸਬਸਿਡੀ ਦੇਣ ਦੀ ਲੋੜ ਨਹੀਂ ਹੈ ਕਿਉਂਕਿ ਹੁਣ ਗਾਹਕ ਆਪਣੀ ਮਰਜ਼ੀ ਨਾਲ ਇਲੈਕਟ੍ਰਿਕ ਜਾਂ ਸੀਐਨਜੀ ਵਾਹਨਾਂ ਦੀ ਚੋਣ ਕਰ ਰਹੇ ਹਨ। ਗਡਕਰੀ ਨੇ ਇੱਥੇ ਬੀਐਨਈਐਫ ਸੰਮੇਲਨ 'ਚ ਕਿਹਾ ਕਿ ਪਹਿਲਾਂ ਇਲੈਕਟ੍ਰਿਕ ਵਾਹਨਾਂ ਦੀ ਨਿਰਮਾਣ ਲਾਗਤ ਬਹੁਤ ਜ਼ਿਆਦਾ ਸੀ ਪਰ ਹੁਣ ਮੰਗ ਵਧ ਚੁੱਕੀ ਅਤੇ ਇਸ ਦੀ ਉਤਪਾਦਨ ਲਾਗਤ ਵੀ ਘਟ ਗਈ ਹੈ, ਜਿਸ ਕਰਕੇ ਹੁਣ ਇਸ 'ਤੇ ਸਬਸਿਡੀ ਦੇਣੀ ਬੇਲੋੜੀ ਹੈ। ਸੜਕੀ ਆਵਾਜਾਈ ਤੇ ਹਾਈਵੇਅ ਮੰਤਰੀ ਨੇ ਆਖਿਆ, 'ਗਾਹਕ ਹੁਣ ਆਪਣੀ ਪਸੰਦ ਨਾਲ ਈਵੀ ਜਾਂ ਸੀਐਨਜੀ ਵਾਹਨ ਖਰੀਦਦੇ ਹਨ।'

# ਜੰਮੂ ਕਸ਼ਮੀਰ ਚੋਣਾਂ: ਉਮਰ, ਰੈਨਾ ਤੇ ਕਾਰਾ ਵੱਲੋਂ ਨਾਮਜ਼ਦਗੀਆਂ ਦਾਖ਼ਲ

## ਸਾਬਕਾ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਗੰਦਰਬਲ ਮਗਰੋਂ ਬਡਗਾਮ ਤੋਂ ਵੀ ਭਰੀ ਨਾਮਜ਼ਦਗੀ

**ਜੰਮੂ/ਸ੍ਰੀਨਗਰ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੈਸ਼ਨਲ ਕਾਨਫਰੰਸ ਦੇ ਉਪ ਪ੍ਰਧਾਨ ਉਮਰ ਅਬਦੁੱਲਾ ਨੇ ਬਡਗਾਮ, ਜੰਮੂ ਕਸ਼ਮੀਰ ਭਾਜਪਾ ਦੇ ਮੁਖੀ ਰਵਿੰਦਰ ਰੈਣਾ ਨੇ ਰਾਜੌਰੀ ਜ਼ਿਲ੍ਹੇ ਦੇ ਨੌਸ਼ਹਿਰਾ ਤੇ ਜੰਮੂ ਕਸ਼ਮੀਰ ਕਾਂਗਰਸ ਦੇ ਪ੍ਰਧਾਨ ਤਾਰਿਕ ਅਹਿਮਦ ਕਾਰਾ ਨੇ ਕੇਂਦਰੀ ਸ਼ਾਲਤੇਂਗ ਹਲਕੇ ਤੋਂ ਅੱਜ ਨਾਮਜ਼ਦਗੀਆਂ ਦਾਖ਼ਲ ਕੀਤੀਆਂ।




ਉਮਰ ਅਬਦੁੱਲਾ ਵੱਲੋਂ ਬਡਗਾਮ ਹਲਕੇ ਤੋਂ ਨਾਮਜ਼ਦਗੀ ਭਰਨ ਮੌਕੇ ਸੀਨੀਅਰ ਪਾਰਟੀ ਆਗੂ ਆਗਾ ਰੂਹੁੱਲਾ ਮਹਿਦੀ, ਆਗਾ ਮਹਿਮੂਦ, ਪਾਰਟੀ ਦੇ ਖ਼ਜ਼ਾਨਚੀ ਸ਼ਮੀ ਓਬਰਾਏ ਤੇ ਸੂਬਾਈ ਸਕੱਤਰ ਸ਼ੌਕਤ ਮੀਰ ਵੀ ਉਨ੍ਹਾਂ ਨਾਲ ਮੌਜੂਦ ਸਨ। ਉਮਰ ਨੇ ਲੰਘੇ ਦਿਨ ਗੰਦਰਬਲ ਹਲਕੇ ਤੋਂ ਵੀ ਨਾਮਜ਼ਦਗੀ ਦਾਖ਼ਲ ਕੀਤੀ ਸੀ ਤੇ ਇਸ ਹਲਕੇ ਨੂੰ ਅਬਦੁੱਲਾ ਪਰਿਵਾਰ ਦਾ ਗੜ੍ਹ ਮੰਨਿਆ ਜਾਂਦਾ ਹੈ।

ਉਧਰ ਰੈਨਾ ਨੇ ਨਾਮਜ਼ਦਗੀ ਦਾਖ਼ਲ ਕਰਨ ਤੋਂ ਪਹਿਲਾਂ ਨੌਸ਼ਹਿਰਾ ਵਿਚ ਰੋਡਸ਼ੋਅ ਕੀਤਾ, ਜਿਸ ਵਿਚ ਆਰਐੱਸਐੱਸ ਸੰਚਾਲਕ ਰਾਮ ਮਾਧਵ ਵੀ ਮੌਜੂਦ ਸਨ।

**ਜੰਮੂ ਕਸ਼ਮੀਰ ਚੋਣਾਂ ਦੇ ਤੀਜੇ ਗੇੜ ਲਈ ਨੋਟੀਫਿਕੇਸ਼ਨ ਜਾਰੀ**

ਭਾਰਤ ਦੇ ਚੋਣ ਕਮਿਸ਼ਨ ਨੇ ਜੰਮੂ ਕਸ਼ਮੀਰ ਵਿਚ ਅਸੈਂਬਲੀ ਚੋਣਾਂ ਦੇ ਤੀਜੇ ਤੇ ਅੰਤਿਮ ਗੇੜ ਲਈ ਅੱਜ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਇਹ ਨੋਟੀਫਿਕੇਸ਼ਨ 40 ਅਸੈਂਬਲੀ ਹਲਕਿਆਂ ਲਈ ਜਾਰੀ ਕੀਤਾ ਗਿਆ ਹੈ, ਜੋ ਕੁਪਵਾੜਾ, ਬਾਰਾਮੁੱਲਾ, ਬਾਂਦੀਪੋਰਾ, ਊਧਮਪੁਰ, ਕਠੂਆ, ਸਾਂਬਾ ਤੇ ਜੰਮੂ ਜ਼ਿਲ੍ਹਿਆਂ ਵਿਚ ਫੈਲੇ ਹੋਏ ਹਨੇ ਤੇ ਜਿੱਥੇ 1 ਅਕਤੂਬਰ ਨੂੰ ਵੋਟਿੰਗ ਹੋਣੀ ਹੈ। ਕਸ਼ਮੀਰ ਡਿਵੀਜ਼ਨ ਵਿਚ 16 ਅਸੈਂਬਲੀ ਹਲਕਿਆਂ ਜਦੋਂਕਿ ਜੰਮੂ ਖਿੱਤੇ ਵਿਚ 24 ਸੀਟਾਂ ਲਈ ਉਸ ਦਿਨ ਵੋਟਿੰਗ ਹੋਵੇਗੀ। ਪਹਿਲੇ ਤੇ ਦੂਜੇ ਗੇੜ ਲਈ ਕ੍ਰਮਵਾਰ 18 ਤੇ 25 ਸਤੰਬਰ ਨੂੰ ਵੋਟਾਂ ਪੈਣਗੀਆਂ।

# ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਮਨਪ੍ਰੀਤ ਬਾਦਲ ਤੇ ਸੁੱਚਾ ਸਿੰਘ ਲੰਗਾਹ ਨੇ ਸੌਂਪਿਆ ਸਪਸ਼ਟੀਕਰਨ



**ਅੰਮ੍ਰਿਤਸਰ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਦੀ ਅਗਵਾਈ ਹੇਠ ਪੰਜ ਪਿਆਰਿਆਂ ਵੱਲੋਂ ਕੀਤੀ ਹਦਾਇਤ ਦੀ ਪਾਲਣਾ ਕਰਦਿਆਂ ਅੱਜ ਸਾਬਕਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਤੇ ਸੁੱਚਾ ਸਿੰਘ ਲੰਗਾਹ ਨੇ ਵੀ ਆਪੋ ਆਪਣੇ ਸਪਸ਼ਟੀਕਰਨ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਪਹੁੰਚ ਕੇ ਸੌਂਪ ਦਿੱਤੇ ਹਨ। ਦੱਸ ਦੇਈਏ ਬੀਤੇ ਦਿਨ ਸਾਬਕਾ ਕੈਬਨਿਟ ਮੰਤਰੀ ਤੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਆਪਣਾ ਸਪੱਸ਼ਟੀਕਰਨ ਦਿੱਤਾ ਸੀ।

ਜ਼ਿਕਰਯੋਗ ਹੈ ਕਿ ਬੀਤੀ 30 ਅਗਸਤ ਨੂੰ ਪੰਜ ਸਿੰਘ ਸਾਹਿਬਾਨ ਵਲੋਂ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਸੀ। ਇਸ ਦੇ ਨਾਲ ਅਕਾਲੀ ਸਰਕਾਰਾਂ ਸਮੇਂ ਕੈਬਨਿਟ ਮੰਤਰੀ ਰਹੇ ਅਕਾਲੀ ਆਗੂਆਂ ਨੂੰ 15 ਦਿਨਾਂ ਦੇ ਅੰਦਰ-ਅੰਦਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਰੂਪ ਵਿਚ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਦੇਣ ਦੇ ਹੁਕਮ ਦਿੱਤੇ ਸਨ। ਸੁਖਬੀਰ ਸਿੰਘ ਬਾਦਲ ਅਤੇ ਸਾਬਕਾ ਮੰਤਰੀ ਦਲਜੀਤ ਸਿੰਘ ਚੀਮਾ ਪਹਿਲਾਂ ਹੀ ਆਪਣਾ ਸਪੱਸ਼ਟੀਕਰਨ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਦੇ ਚੁੱਕੇ ਹਨ।

# ਕੂੜਾ ਪ੍ਰਬੰਧਨ 'ਚ ਵੱਡੀ ਪੁਲਾਂਘ : ਪਟਿਆਲਾ 'ਚ ਮੈਟੀਰੀਅਲ ਰਿਕਵਰੀ ਸਹੂਲਤ ਅਤੇ ਪਲਾਸਟਿਕ ਰੀਸਾਈਕਲਿੰਗ ਪਲਾਂਟ ਦੀ ਸ਼ੁਰੂਆਤ

**ਪਟਿਆਲਾ, 7 ਸਤੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**




ਨਗਰ ਨਿਗਮ ਪਟਿਆਲਾ ਵੱਲੋਂ ਸ਼ਹਿਰ ਦੀ ਪਲਾਸਟਿਕ ਤੇ ਮਲਬੇ ਨੂੰ ਰੀਸਾਈਕਲ ਕਰਨ ਲਈ ਭਾਰਤੀ ਪ੍ਰਦੂਸ਼ਣ ਕੰਟਰੋਲ ਐਸੋਸੀਏਸ਼ਨ ਦੇ ਸਹਿਯੋਗ ਤੇ ਐਸ.ਬੀ.ਆਈ ਕਾਰਡ ਐਂਡ ਪੇਮੈਂਟ ਸਰਵਿਸਿਜ਼ ਲਿਮਟਿਡ ਦੀ ਸੀ.ਐਸ.ਆਰ ਪਹਿਲੀ ਕਦਮੀ ਨਾਲ ਪਟਿਆਲਾ ਵਿਖੇ ਪ੍ਰੋਜੈਕਟ ਮਾਸ ਤਹਿਤ 10 ਟਨ ਪ੍ਰਤੀ ਦਿਨ ਸਮਰੱਥਾ ਵਾਲੇ ਮੈਟੀਰੀਅਲ ਰਿਕਵਰੀ ਸਹੂਲਤ ਅਤੇ ਪਲਾਸਟਿਕ ਰੀਸਾਈਕਲਿੰਗ ਪਲਾਂਟ ਦੀ ਅੱਜ ਸ਼ੁਰੂਆਤ ਕੀਤੀ ਗਈ। ਇਸ ਪਲਾਂਟ ਦਾ ਉਦਘਾਟਨ ਨਗਰ ਨਿਗਮ ਪਟਿਆਲਾ ਦੇ ਕਮਿਸ਼ਨਰ ਅਦਿੱਤਿਆ ਡੇਚਲਵਾਲ ਨੇ ਕੀਤਾ।

ਜ਼ਿਕਰਯੋਗ ਹੈ ਕਿ ਇਹ ਪਲਾਸਟਿਕ ਰੀਸਾਈਕਲਿੰਗ ਸਹੂਲਤ ਪ੍ਰੋਜੈਕਟ ਮਾਸ ਦੇ ਤਹਿਤ ਦੂਜੀ ਵੱਡੀ ਉਪਲਬਧੀ ਹੈ, ਇਸ ਤੋਂ ਪਹਿਲਾਂ ਗਰੇਟਰ ਨੋਇਡਾ, ਉਤਰ ਪ੍ਰਦੇਸ਼ ਵਿੱਚ ਪਹਿਲੀ ਸਹੂਲਤ ਸਥਾਪਿਤ ਕੀਤੀ ਗਈ ਸੀ। ਪਟਿਆਲਾ ਦੇ ਇਸ ਨਵੇਂ ਪਲਾਂਟ ਦੀ ਖ਼ਾਸੀਅਤ ਇਹ ਹੈ ਕਿ ਇਹ ਸ਼ਹਿਰ ਵਿਚ ਪਹਿਲੀ ਅਜਿਹੀ ਸਹੂਲਤ ਹੈ ਜੋ ਪਲਾਸਟਿਕ ਕਚਰੇ ਨੂੰ ਲੈਂਡਫਿਲ ਤੋਂ ਰੋਕਣ ਵਿੱਚ ਅਤੇ ਕਚਰਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਵਿੱਚ ਮਦਦਗਾਰ ਹੋਵੇਗੀ।

ਇਸ ਸਮਾਗਮ 'ਚ ਨਗਰ ਨਿਗਮ ਕਮਿਸ਼ਨਰ ਅਦਿੱਤਿਆ ਡੇਚਲਵਾਲ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਤੋਂ ਐਸ.ਡੀ.ਓ. ਪਵਨ ਸ਼ਰਮਾ, ਆਈ.ਪੀ.ਸੀ.ਏ ਦੇ ਡਾਇਰੈਕਟਰ ਆਸ਼ੀਸ਼ ਜੈਨ, ਸਕੱਤਰ ਅਜੈ ਗਰਗ ਅਤੇ ਡਿਪਟੀ ਡਾਇਰੈਕਟਰ ਡਾ. ਰਾਧਾ ਗੋਇਲ ਸ਼ਾਮਲ ਸਨ।

ਅਦਿੱਤਿਆ ਡੇਚਲਵਾਲ ਨੇ ਇਸ ਮੌਕੇ ਕਿਹਾ ਕਿ ਇਸ ਪ੍ਰੋਜੈਕਟ ਦਾ ਮੁੱਖ ਮਕਸਦ ਪਲਾਸਟਿਕ ਰੀਸਾਈਕਲਿੰਗ ਦੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਾ ਹੈ ਅਤੇ ਸ਼ਹਿਰ ਵਿੱਚ ਗਿਲਾ ਕੂੜਾ ਪ੍ਰਬੰਧਨ ਨੂੰ ਹੋਰ ਸੁਚਾਰੂ ਢੰਗ ਨਾਲ ਲਾਗੂ ਕਰਨਾ ਹੈ।

ਉਦਘਾਟਨ ਮੌਕੇ 'ਤੇ ਆਸ਼ੀਸ਼ ਜੈਨ ਨੇ ਪਟਿਆਲਾ ਨਗਰ ਨਿਗਮ ਅਤੇ ਐਸ.ਬੀ.ਆਈ. ਕਾਰਡ ਐਂਡ ਪੇਮੈਂਟ ਸਰਵਿਸਿਜ਼ ਲਿਮਟਿਡ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਪ੍ਰੋਜੈਕਟ ਦੇ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦਿੱਤਾ।

# ਅਪਰਾਧਿਕ ਪਿਛੋਕੜ ਵਾਲੇ ਉਮੀਦਵਾਰਾਂ ਜਾਣਕਾਰੀ ਜਨਤਕ ਕਰਨ ਦੀ ਲੋੜ : ਮੁੱਖ ਚੋਣ ਅਧਿਕਾਰੀ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ ਨੇ ਕਿਹਾ ਕਿ ਸੂਬੇ ਵਿਚ ਵਿਧਾਨ ਸਭਾ ਚੋਣਾਂ ਲੜ ਰਹੇ ਉਮੀਦਵਾਰਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਅਪਰਾਧਿਕ ਪਿਛੋਕੜਾਂ ਨੂੰ ਪ੍ਰਕਾਸ਼ਿਤ ਕਰਨਾ ਚਾਹੀਦਾ ਹੈ। ਇਸ ਤੋਂ ਇਲਾਵਾ ਅਜਿਹੀ ਜਾਣਕਾਰੀ ਉਨ੍ਹਾਂ ਦੀਆਂ ਅਧਿਕਾਰਤ ਵੈੱਬਸਾਈਟਾਂ 'ਤੇ ਵੀ ਉਪਲਬਧ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਅਪਰਾਧਿਕ ਪਿਛੋਕੜ ਵਾਲੇ ਉਮੀਦਵਾਰਾਂ ਨੂੰ ਚੋਣ ਪ੍ਰਚਾਰ ਦੌਰਾਨ ਤਿੰਨ ਵਾਰ ਅਖਬਾਰਾਂ ਅਤੇ ਟੈਲੀਵਿਜ਼ਨ ਚੈਨਲਾਂ ਰਾਹੀਂ ਇਸ ਸਬੰਧੀ ਜਾਣਕਾਰੀ ਪ੍ਰਕਾਸ਼ਿਤ ਕਰਨੀ ਚਾਹੀਦੀ ਹੈ।

ਇੱਕ ਸਿਆਸੀ ਪਾਰਟੀ ਜੋ ਅਪਰਾਧਿਕ ਪਿਛੋਕੜ ਵਾਲੇ ਉਮੀਦਵਾਰ ਖੜ੍ਹੇ ਕਰਦੀ ਹੈ। ਉਸ ਨੂੰ ਵੀ ਤਿੰਨ ਮੌਕਿਆਂ 'ਤੇ ਆਪਣੇ ਉਮੀਦਵਾਰਾਂ ਦੇ ਅਪਰਾਧਿਕ ਪਿਛੋਕੜ ਬਾਰੇ ਜਾਣਕਾਰੀ ਆਪਣੀ ਵੈੱਬਸਾਈਟ ਅਤੇ ਅਖ਼ਬਾਰਾਂ ਅਤੇ ਟੈਲੀਵਿਜ਼ਨ ਚੈਨਲਾਂ 'ਤੇ ਪ੍ਰਕਾਸ਼ਿਤ ਕਰਨ ਦੀ ਲੋੜ ਹੁੰਦੀ ਹੈ। ਸਿਆਸੀ ਪਾਰਟੀ ਦੇ ਅਧਿਕਾਰਤ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ, ਫੇਸਬੁੱਕ ਅਤੇ ਟਵਿੱਟਰ ਸਮੇਤ ਇਹ ਜਾਣਕਾਰੀ ਇੱਕ ਸਥਾਨਕ ਅਖ਼ਬਾਰ ਅਤੇ ਇੱਕ ਕੌਮੀ ਅਖਬਾਰ ਵਿੱਚ ਵੀ ਪ੍ਰਕਾਸ਼ਿਤ ਕੀਤੀ ਜਾਵੇ।

ਇਹ ਵੇਰਵੇ ਉਮੀਦਵਾਰ ਦੀ ਚੋਣ ਦੇ 48 ਘੰਟਿਆਂ ਦੇ ਅੰਦਰ ਪ੍ਰਕਾਸ਼ਿਤ ਕੀਤੇ ਜਾਣ ਲਈ ਕਿਹਾ ਗਿਆ ਹੈ, ਫਿਰ ਸਬੰਧਤ ਰਾਜਨੀਤਿਕ ਪਾਰਟੀ ਉਮੀਦਵਾਰ ਦੀ ਚੋਣ ਦੇ 72 ਘੰਟਿਆਂ ਦੇ ਅੰਦਰ ਇਨ੍ਹਾਂ ਨਿਰਦੇਸ਼ਾਂ ਦੀ ਪਾਲਣਾ ਦੀ ਰਿਪੋਰਟ ਚੋਣ ਕਮਿਸ਼ਨ ਨੂੰ ਸੌਂਪੇਗੀ। ਪਾਲਣਾ ਨਾ ਕਰਨ 'ਤੇ ਸੁਪਰੀਮ ਕੋਰਟ ਦੇ ਨੋਟਿਸ ਵਿੱਚ ਲਿਆਂਦਾ ਜਾਵੇਗਾ, ਕਿਉਂਕਿ ਉਹ ਇਸ ਅਦਾਲਤ ਦੇ ਹੁਕਮਾਂ/ਨਿਦੇਸ਼ਾਂ ਦੀ ਉਲੰਘਣਾ ਹੈ।

# ਕੇਂਦਰ ਸਰਕਾਰ ਨੂੰ ਰਾਜ ਸਰਕਾਰਾਂ ਦੇ ਸਲਾਹ-ਮਸ਼ਵਰੇ ਅਤੇ ਭਾਈਵਾਲੀ ਵਿੱਚ ਖੇਤੀ ਬਾਰੇ ਇੱਕ ਰਾਸ਼ਟਰੀ ਨੀਤੀ ਲਿਆਉਣ ਦੀ ਅਪੀਲ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ (ਏ.ਆਈ.ਕੇ.ਸੀ.ਸੀ.) ਦੀ ਸਲਾਨਾ ਜਨਰਲ ਮੀਟਿੰਗ 3 ਅਤੇ 4 ਸਤੰਬਰ 2024 ਨੂੰ ਸ. ਭੁਪਿੰਦਰ ਸਿੰਘ ਮਾਨ, ਸਾਬਕਾ ਐਮ.ਪੀ., ਬੀ.ਕੇ.ਯੂ. ਦੇ ਕੌਮੀ ਪ੍ਰਧਾਨ ਅਤੇ ਚੇਅਰਮੈਨ ਏ.ਆਈ.ਕੇ.ਸੀ.ਸੀ. ਦੀ ਪ੍ਰਧਾਨਗੀ ਹੇਠ ਹੋਈ। ਦੋ ਰੋਜ਼ਾ ਚਿੰਤਨ ਸ਼ਿਵਿਰ ਦਾ ਆਯੋਜਨ ਸਵਰਗੀ ਸ਼੍ਰੀ ਸ਼ਰਦ ਜੋਸ਼ੀ ਦੀ ਜਯੰਤੀ ਦੇ ਨਾਲ ਕੀਤਾ ਗਿਆ ਸੀ ਜੋ ਖੇਤੀਬਾੜੀ ਖੇਤਰ ਵਿੱਚ ਉਦਾਰੀਕਰਨ ਅਤੇ ਸੁਧਾਰਾਂ ਦੀ ਵਕਾਲਤ ਕਰਦੇ ਸਨ।

ਦੋ ਦਿਨਾਂ ਦੀ ਵਿਸਤ੍ਰਿਤ ਵਿਚਾਰ-ਵਟਾਂਦਰੇ ਤੋਂ ਬਾਅਦ, ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਨੇ ਕੇਂਦਰ ਸਰਕਾਰ ਨੂੰ ਰਾਜ ਸਰਕਾਰਾਂ ਦੇ ਸਲਾਹ-ਮਸ਼ਵਰੇ ਅਤੇ ਭਾਈਵਾਲੀ ਵਿੱਚ ਖੇਤੀਬਾੜੀ ਬਾਰੇ ਇੱਕ ਰਾਸ਼ਟਰੀ ਵਿਆਪਕ ਨੀਤੀ ਲਿਆਉਣ ਦੀ ਅਪੀਲ ਕਰਨ ਦਾ ਸੰਕਲਪ ਲਿਆ। 19™33 ਨੇ ਘੋਰ ਨਿਰਾਸ਼ਾ ਅਤੇ ਅਫਸੋਸ ਨਾਲ ਨੋਟ ਕੀਤਾ ਕਿ ਆਜ਼ਾਦੀ ਦੇ 75 ਸਾਲਾਂ ਬਾਅਦ ਵੀ ਕੋਈ ਵਿਆਪਕ ਖੇਤੀ ਨੀਤੀ ਨਹੀਂ ਹੈ। ਕਿਸਾਨਾਂ ਲਈ 2007 ਵਿੱਚ ਸਾਹਮਣੇ ਆਈ ਇੱਕ ਅਖੌਤੀ ਨੀਤੀ ਕੁਝ ਪੰਨਿਆਂ ਦੀ ਨੀਤੀ ਹੈ ਜੋ ਅਸਲ ਵਿੱਚ ਇੱਕ ਨੀਤੀ ਦਾ ਮਜ਼ਾਕ ਹੈ।

ਇਹ ਦੇਖਿਆ ਗਿਆ ਹੈ ਕਿ ਰਾਜਾਂ ਅਤੇ ਕੇਂਦਰ ਦੁਆਰਾ ਖੇਤੀਬਾੜੀ 'ਤੇ ਬਹੁਤ ਸਾਰੇ ਓਵਰਲੈਪਿੰਗ, ਵਿਰੋਧੀ ਨਿਯਮ ਹਨ। ਬਹੁਤ ਸਾਰੇ ਖੇਤਰ ਰਾਜ ਸਰਕਾਰ ਦੇ ਸੰਵਿਧਾਨਕ ਖੇਤਰ ਦੇ ਅਧੀਨ ਆਉਂਦੇ ਹਨ ਜਦੋਂ ਕਿ ਹੋਰ ਕੇਂਦਰ ਸਰਕਾਰ ਦੇ ਅਧੀਨ ਆਉਂਦੇ ਹਨ। ਖੇਤੀ ਨੂੰ ਕੰਟਰੋਲ ਕਰਨ ਵਾਲੇ ਕਾਨੂੰਨਾਂ ਦੀ ਇਹ ਅਸੰਗਤਤਾ ਖੇਤੀ ਸੈਕਟਰ ਅਤੇ ਕਿਸਾਨਾਂ ਨੂੰ ਭਾਰੀ ਨੁਕਸਾਨ ਪਹੁੰਚਾਉਂਦੀ ਹੈ। ਦੂਜੇ ਸ਼ਬਦਾਂ ਵਿੱਚ, ਖੇਤੀਬਾੜੀ ਦੇ ਬਹੁਤ ਸਾਰੇ ਮੁੱਦੇ ਕੇਂਦਰ ਦੇ ਅਧੀਨ ਹਨ ਅਤੇ ਕਈ ਰਾਜਾਂ ਦੇ ਅਧੀਨ ਹਨ ਜੋ ਕਿ ਸੰਘਰਸ਼ ਦਾ ਕਾਰਨ ਬਣਦੇ ਹਨ। ਇਸ ਲਈ ਇਹ ਜ਼ਰੂਰੀ ਹੈ ਕਿ ਰਾਜਾਂ ਨਾਲ ਸਲਾਹ-ਮਸ਼ਵਰਾ ਕਰਕੇ ਉਨ੍ਹਾਂ ਨੂੰ ਬੋਰਡ 'ਤੇ ਲਿਆਉਣ ਲਈ ਇੱਕ ਵਿਆਪਕ ਨੀਤੀ ਤਿਆਰ ਕੀਤੀ ਜਾਵੇ ਕਿਉਂਕਿ ਸਾਰੇ ਰਾਜਾਂ ਦੀਆਂ ਕੁਝ ਖੇਤਰੀ ਤਰਜੀਹਾਂ ਹੁੰਦੀਆਂ ਹਨ। ਵਿਆਪਕ ਖੇਤੀਬਾੜੀ ਨੀਤੀ ਵਿੱਚ ਅੰਤਰਾਲਿਆ, ਖੇਤੀਬਾੜੀ ਸੁਧਾਰ, ਇੱਕ ਸਥਿਰ ਆਯਾਤ ਨਿਰਯਾਤ ਨੀਤੀ, ਖੇਤਰੀ ਫਸਲੀ ਪੈਟਰਨ, ਪਾਣੀ ਦੀ ਲੋੜ, ਵਾਤਾਵਰਣ ਪ੍ਰਭਾਵ, ਸੰਤੁਲਿਤ ਕੀਮਤ ਨੀਤੀ, ਰੈਗੂਲੇਟਰੀ ਢਾਂਚੇ ਵਿੱਚ ਸੋਧ, 9ਵੀਂ ਅਨੁਸੂਚੀ/ਜ਼ਰੂਰੀ ਵਸਤੂ ਐਕਟ ਵਿੱਚ ਸੰਵਿਧਾਨਕ ਸੋਧਾਂ, ਭੂਮੀ ਸੁਧਾਰ ਅਤੇ ਜ਼ਮੀਨੀ ਸੁਧਾਰ ਸ਼ਾਮਲ ਹੋਣੇ ਚਾਹੀਦੇ ਹਨ। ਸੀਲਿੰਗ, ਵਿਵਹਾਰਕ ਖੇਤੀਬਾੜੀ ਇਕਾਈਆਂ, ਕੰਟਰੈਕਟ ਫਾਰਮਿੰਗ, ਔਨਲਾਈਨ ਵਪਾਰ, ਖੇਤੀਬਾੜੀ ਵਿੱਚ ਖੋਜ ਅਤੇ ਵਿਕਾਸ ਲਈ ਫੰਡ, ਖੇਤੀਬਾੜੀ ਮੰਡੀਕਰਨ ਪ੍ਰਣਾਲੀ ਵਿੱਚ ਸੁਧਾਰ, ਵਾਢੀ ਤੋਂ ਬਾਅਦ ਫਸਲਾਂ ਅਤੇ ਫੂਡ ਪ੍ਰੋਸੈਸਿੰਗ ਲਈ ਮੁੱਲ ਵਧਾਉਣ, ਖੋਜ ਅਤੇ ਖੇਤੀਬਾੜੀ ਵਿੱਚ ਵਿਕਾਸ ਅਤੇ। ਇਸ ਨੇ ਕੇਂਦਰ ਅਤੇ ਰਾਜ ਦੋਵਾਂ ਪੱਧਰਾਂ 'ਤੇ ਨੀਤੀ ਨਿਰਮਾਤਾਵਾਂ ਨੂੰ ਘੱਟੋ-ਘੱਟ ਪੰਜ ਸਾਲਾਂ ਲਈ ਨੀਤੀਗਤ ਇਕਸਾਰਤਾ ਬਣਾਈ ਰੱਖਣ ਲਈ ਕਿਹਾ ਹੈ।

ਸ. ਭੁਪਿੰਦਰ ਸਿੰਘ ਮਾਨ, ਸਾਬਕਾ ਐਮ.ਪੀ. ਨੇ ਇਸ ਨੀਤੀ ਦੀ ਲੋੜ 'ਤੇ ਜ਼ੋਰ ਦਿੱਤਾ ਕਿਉਂਕਿ ਕੇਂਦਰ-ਰਾਜ ਵਿਚਕਾਰ ਮਤਭੇਦ/ਮਤਭੇਦ ਕਾਰਨ ਖੇਤੀ ਸੈਕਟਰ ਪ੍ਰਭਾਵਿਤ ਹੋ ਰਿਹਾ ਹੈ। ਇਹ ਤਿੰਨ ਖੇਤੀ ਕਾਨੂੰਨਾਂ ਦੇ ਪ੍ਰਤੀਕਰਮ ਤੋਂ ਸਪੱਸ਼ਟ ਸੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੀਤੀ ਦੀ ਤਿਆਰੀ ਉੱਪਰ ਤੋਂ ਹੇਠਾਂ ਦੀ ਬਜਾਏ ਹੇਠਾਂ ਤੋਂ ਉੱਪਰ ਹੋਣੀ ਚਾਹੀਦੀ ਹੈ। ਵਾਰ-ਵਾਰ ਅੰਤਰਾਲਾਂ 'ਤੇ ਨੀਤੀ ਤਬਦੀਲੀਆਂ ਕਿਸਾਨਾਂ ਨੂੰ ਸਭ ਤੋਂ ਵੱਧ ਨੁਕਸਾਨ ਪਹੁੰਚਾਉਂਦੀਆਂ ਹਨ ਅਤੇ ਇਸ ਲਈ, ਨੀਤੀ ਦੀ ਇਕਸਾਰਤਾ ਬਣਾਈ ਰੱਖਣਾ ਮਹੱਤਵਪੂਰਨ ਹੈ। ਇਸ ਨਾਲ ਖੇਤੀ ਨਿਰਯਾਤ ਨੂੰ ਵਧਾਉਣ ਵਿੱਚ ਵੀ ਮਦਦ ਮਿਲੇਗੀ। ਇਸ ਤੋਂ ਪਹਿਲਾਂ 2-ਰੋਜ਼ਾ ਚਿੰਤਨ ਸ਼ਿਵਿਰ ਦੌਰਾਨ, ਸ਼੍ਰੀ ਭੁਪਿੰਦਰ ਸਿੰਘ ਮਾਨ, ਸਾਬਕਾ ਮੈਂਬਰ ਪਾਰਲੀਮੈਂਟ (ਰਾਜ ਸਭਾ) ਅਤੇ ਏ.ਆਈ.ਕੇ.ਸੀ.ਸੀ. ਦੇ ਚੇਅਰਮੈਨ, ਨੇ ਭਾਰਤੀ ਕਿਸਾਨਾਂ ਨੂੰ ਲਗਾਤਾਰ ਆ ਰਹੀਆਂ ਮੁਸ਼ਕਿਲਾਂ, ਖਾਸ ਕਰਕੇ ਸੰਵਿਧਾਨਕ ਅਤੇ ਆਰਥਿਕਤਾ ਦੀ ਰੋਸ਼ਨੀ ਵਿੱਚ, ਵਿਚਾਰਾਂ ਦੀ ਸ਼ੁਰੂਆਤ ਕੀਤੀ। ਰੁਕਾਵਟਾਂ ਜੋ ਵਿਕਾਸ ਵਿੱਚ ਰੁਕਾਵਟ ਪਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਤਕਨੀਕੀ ਤਰੱਕੀ ਦੇ ਬਾਵਜੂਦ ਭਾਰਤ ਵਿੱਚ ਖੇਤੀ ਅਜੇ ਵੀ ਸੰਕਟ ਵਿੱਚ ਹੈ।

# ਏਆਈਕੇਸੀਸੀ ਅਤੇ ਬੀਕੇਯੂ ਦੇ ਵਫ਼ਦ ਰਵਨੀਤ ਬਿੱਟੂ ਨਾਲ ਮੁਲਾਕਾਤ

## ਪੰਜਾਬ ਅਤੇ ਹਰਿਆਣਾ ਵਿੱਚ ਖੇਤੀਬਾੜੀ ਲਈ ਫੂਡ ਪ੍ਰੋਸੈਸਿੰਗ ਅਤੇ ਮੁੱਲ ਵਾਧੇ ਨੂੰ ਅੱਗੇ ਵਧਾਉਣ ਦੀ ਕੀਤੀ ਅਪੀਲ



**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭੁਪਿੰਦਰ ਸਿੰਘ ਮਾਨ, ਸਾਬਕਾ ਐਮ.ਪੀ., ਚੇਅਰਮੈਨ ਆਲ ਇੰਡੀਆ ਕਿਸਾਨ ਕੋਆਰਡੀਨੇਸ਼ਨ ਕਮੇਟੀ ਅਤੇ ਬੀਕੇਯੂ ਦੇ ਕੌਮੀ ਪ੍ਰਧਾਨ ਦੀ ਅਗਵਾਈ ਹੇਠ ਇੱਕ ਵਫ਼ਦ ਨਵੀਂ ਦਿੱਲੀ ਵਿਖੇ ਮਾਨਯੋਗ ਕੇਂਦਰੀ ਫੂਡ ਪ੍ਰੋਸੈਸਿੰਗ ਅਤੇ ਰੇਲ ਰਾਜ ਮੰਤਰੀ ਸ: ਰਵਨੀਤ ਸਿੰਘ ਬਿੱਟੂ ਨੂੰ ਮਿਲਿਆ। ਵਫ਼ਦ ਦੇ ਹੋਰ ਮੈਂਬਰਾਂ ਵਿਚ ਗੁਰਪ੍ਰਤਾਪ ਸਿੰਘ ਮਾਨ ਸਾਬਕਾ ਮੈਂਬਰ ਪੀ.ਪੀ.ਐਸ.ਸੀ., ਚੌਧਰੀ ਗੁਣੀ ਪ੍ਰਕਾਸ਼ ਮੈਂਬਰ ਐਮ.ਐਸ.ਪੀ ਕਮੇਟੀ ਪ੍ਰਧਾਨ ਬੀ.ਕੇ.ਯੂ. ਹਰਿਆਣਾ, ਸੁਖਵਿੰਦਰ ਸਿੰਘ ਕਾਹਲੋਂ ਪ੍ਰਧਾਨ ਬੀ.ਕੇ.ਯੂ., ਚੇਅਰਮੈਨ ਸ਼ੂਗਰ ਮਿੱਲ ਬਟਾਲਾ, ਬਲਵੰਤ ਸਿੰਘ ਨਡਿਆਲੀ ਬੀ.ਕੇ.ਯੂ.ਸ. ਮਾਨ ਨੇ ਮੰਤਰੀ ਨੂੰ ਪੰਜਾਬ ਅਤੇ ਹਰਿਆਣਾ ਵਿੱਚ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਵਿਕਸਤ ਕਰਨ 'ਤੇ ਵਧੇਰੇ ਜ਼ੋਰ ਦੇਣ ਦੀ ਅਪੀਲ ਕੀਤੀ ਕਿਉਂਕਿ ਵਾਢੀ ਤੋਂ ਬਾਅਦ ਫੂਡ ਚੇਨ ਵਿੱਚ ਮੁੱਲ ਜੋੜ ਕੇ ਕਿਸਾਨਾਂ ਨੂੰ ਵਿੱਤੀ ਸੰਕਟ ਤੋਂ ਮੁਕਤ ਕਰਨ ਦਾ ਇਹ ਅੱਗੇ ਦਾ ਰਾਹ ਹੈ। ਸ. ਮਾਨ ਨੇ ਕਿਹਾ ਕਿ ਇਹ ਸ਼ਾਇਦ ਸਭ ਤੋਂ ਮਹੱਤਵਪੂਰਨ ਫੋਕਸ ਖੇਤਰ ਹੈ ਜੋ ਪੰਜਾਬ ਨੂੰ ਬਦਲ ਸਕਦਾ ਹੈ ਅਤੇ ਕ੍ਰਾਂਤੀ ਲਿਆ ਸਕਦਾ ਹੈ। ਵੈਲਯੂ ਐਡੀਸ਼ਨ, ਪ੍ਰੋਸੈਸਿੰਗ, ਸਬਜ਼ੀਆਂ, ਫਲਾਂ ਅਤੇ ਅਨਾਜ ਦੀ ਬਰਾਮਦ ਤੋਂ ਹੋਣ ਵਾਲਾ ਵਿੱਤੀ ਲਾਭ ਗੇਮ ਚੇਂਜਰ ਹੋ ਸਕਦਾ ਹੈ।

ਸ. ਰਵਨੀਤ ਸਿੰਘ ਬਿੱਟੂ ਨੇ ਪੰਜਾਬ ਵਿੱਚ ਫੂਡ ਪ੍ਰੋਸੈਸਿੰਗ ਉਦਯੋਗ ਦੇ ਲੈਂਡਸਕੇਪ ਨੂੰ ਬਦਲਣ ਲਈ ਆਪਣਾ ਵਿਜ਼ਨ ਸਾਂਝਾ ਕੀਤਾ। ਉਨ ਾਂ ਕਿਹਾ ਕਿ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਉਨ ਾਂ ਦੀ ਸਰਕਾਰ ਪੇਂਡੂ ਪੰਜਾਬ ਦੀ ਆਰਥਿਕ ਨੁਹਾਰ ਬਦਲਣ ਲਈ ਫੂਡ ਪ੍ਰੋਸੈਸਿੰਗ ਉਦਯੋਗ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ।

ਬੀਕੇਯੂ ਹਰਿਆਣਾ ਦੇ ਪ੍ਰਧਾਨ ਚੌਧਰੀ ਗੁਣੀ ਪ੍ਰਕਾਸ਼ ਅਤੇ ਮੈਂਬਰ ਐਮਐਸਪੀ ਕਮੇਟੀ ਨੇ ਬੇਨਤੀ ਕੀਤੀ ਕਿ ਉਹ ਹੋਰ ਮੈਂਬਰਾਂ ਦੇ ਨਾਲ ਕਮੇਟੀ ਦੀ ਰਿਪੋਰਟ ਵਿੱਚ ਸਿਫ਼ਾਰਸ਼ਾਂ ਦੇ ਹਿੱਸੇ ਵਜੋਂ ਫੂਡ ਪ੍ਰੋਸੈਸਿੰਗ ਬਾਰੇ ਵਿਚਾਰ ਵਟਾਂਦਰੇ ਲਈ ਮਾਨਯੋਗ ਮੰਤਰੀ ਤੋਂ ਵੱਖਰਾ ਸਮਾਂ ਮੰਗਣ। ਸੁਖਵਿੰਦਰ ਸਿੰਘ ਕਾਹਲੋਂ ਨੇ ਮੰਤਰੀ ਦਾ ਧਿਆਨ ਬਟਾਲਾ ਕਾਦੀਆਂ ਰੇਲਵੇ ਲਾਈਨ 'ਤੇ ਬਣ ਰਹੇ ਅੰਡਰਪਾਸ ਵੱਲ ਦਿਵਾਇਆ। ਮੰਤਰੀ ਨੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ।

# ਰੋਟਰੀ ਕਲੱਬ ਮਾਲੇਰਕੋਟਲਾ ਮਿਡਟਾਊਨ ਵੱਲੋਂ ਅਧਿਆਪਕ ਦਿਵਸ ਮੌਕੇ 31 ਅਧਿਆਪਕਾਂ ਦਾ ਸਨਮਾਨ

**ਮਾਲੇਰਕੋਟਲਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਸਥਾਨਕ ਡੀ.ਏ.ਵੀ ਪਬਲਿਕ ਸਕੂਲ ਵਿਖੇ ਪ੍ਰਧਾਨ ਮਹਿੰਦਰ ਸਿੰਘ ਪਰੂਥੀ ਦੀ ਅਗਵਾਈ ਹੇਠ ਅਧਿਆਪਕ ਦਿਵਸ ਧੂਮ ਧਾਮ ਨਾਲ ਮਨਾਇਆ ਗਿਆ। ਜਿਸ ਦੌਰਾਨ ਕਲੱਬ ਵੱਲੋਂ 31 ਅਧਿਆਪਕਾਂ ਨੂੰ ਅਧਿਆਪਨ ਖੇਤਰ @ਚ ਨਿਭਾਈਆਂ ਜਾ ਰਹੀਆਂ ਵਧੀਆ ਸੇਵਾਵਾਂ ਸਦਕਾ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ.ਮੁਹੰਮਦ ਇਰਫਾਨ ਪ੍ਰਿੰਸੀਪਲ ਬੀ.ਐਡ ਕਾਲਜ ਮਾਲੇਰਕੋਟਲਾ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਮਹਿੰਦਰ ਸਿੰਘ ਪਰੂਥੀ ਨੇ ਕਿਹਾ ਕਿ ਅਧਿਆਪਕ ਦੇਸ਼ ਦੇ ਉੱਜਵਲ ਭਵਿੱਖ ਦਾ ਨਿਰਮਾਣ ਕਰਦੇ ਹਨ। ਉਨ੍ਹਾਂ ਕਿਹਾ ਕਿ ਮਾਪਿਆਂ ਤੋਂ ਬਾਅਦ ਅਧਿਆਪਕ ਹੀ ਹੁੰਦੇ ਹਨ ਜੋ ਬੱਚਿਆਂ ਦਾ ਭਵਿੱਖ ਸੰਵਾਰਨ ਲਈ ਹਰ ਸੰਭਵ ਉਪਰਾਲਾ ਕਰਦੇ ਹਨ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਭੁਪਿੰਦਰ ਸ਼ਰਮਾ ਨੇ ਕਲੱਬ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਪੇ ਬੱਚਿਆਂ ਨੂੰ ਜਨਮ ਦਿੰਦੇ ਹਨ ਪਰ ਅਧਿਆਪਕ ਬੱਚਿਆਂ ਨੂੰ ਸਹੀਂ ਜਿੰਦਗੀ ਜਿਊਣ ਦਾ ਰਸਤਾ ਦਿਖਾਉਂਦੇ ਹਨ। ਇਸ ਮੌਕੇ ਸਕੂਲੀ ਬੱਚਿਆਂ ਵੱਲੋਂ ਅਧਿਆਪਕ ਦਿਵਸ ਨੂੰ ਸਮਰਪਿਤ ਰੰਗਾ ਰੰਗ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਕਲੱਬ ਦੇ ਸਕੱਤਰ ਸ਼੍ਰੀ ਅਭੇ ਗੁਪਤਾ ਨੇ ਸਟੇਜ ਦੀ ਕਾਰਵਾਈ ਨੂੰ ਬਾਖੂਬੀ ਸੰਭਾਲਿਆ। ਸਮਾਗਮ ਦੌਰਾਨ ਕਲੱਬ ਵੱਲੋਂ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਭੁਪਿੰਦਰ ਸ਼ਰਮਾ ਸਮੇਤ ਸਕੂਲ ਦੇ 28 ਅਧਿਆਪਕਾਂ ਤੋਂ ਇਲਾਵਾ ਅਧਿਆਪਕ ਸ਼੍ਰੀ ਕੰਚਨ ਜੈਨ, ਮਹਿਕ ਸਿੰਗਲਾ ਅਤੇ ਹਰਲੀਨ ਕੌਰ ਨੂੰ ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰੋਟਰੀ ਮੈਂਬਰ ਹੰਸਰਾਜ ਜੂੜੇਜਾ, ਸੁਖਪਾਲ ਗਰਗ, ਮਦਨ ਮੋਹਨ, ਪਾਰਸ ਜੈਨ, ਭੂਪੇਸ਼ ਜੈਨ ਰਵਿੰਦਰ ਸਿੰਗਲਾ, ਅਮਨ ਗੋਇਲ, ਸਚਿਨ ਬੰਸਲ, ਨਵਨੀਤ ਵਰਮਾ ਤੋਂ ਇਲਾਵਾ ਇੰਦਰਜੀਤ ਕੌਰ ਪਰੂਥੀ, ਆਭਾ ਜਿੰਦਲ, ਊਸ਼ਾ ਗਰਗ, ਕੰਚਨ ਜੈਨ, ਡਾਕਟਰ ਮਹਿਕ ਜੈਨ, ਸ੍ਰੀਮਤੀ ਸੁਸ਼ਮਾ ਸੋਗੀ, ਸੁਜਾਤਾ ਸ਼ਰਮਾ, ਸੁਸ਼ਮਾ ਗੋਗੀਆ ਅਤੇ ਹੋਰ ਸਟਾਫ ਹਾਜ਼ਰ ਸੀ।

## ਸੰਪਾਦਕੀ

# ਬਰਾਮਦ ਵਿੱਚ ਅੜਿੱਕੇ

ਵਿਸ਼ਵ ਬੈਂਕ (ਡਬਲਿਊਬੀ) ਵੱਲੋਂ ਹਾਲ ਹੀ ਵਿੱਚ ਜਾਰੀ ਭਾਰਤ ਦੇ ਵਿਕਾਸ ਸਬੰਧੀ ਸੂਚਨਾ ਵਿੱਚ ਕੁਝ ਚੰਗੀਆਂ ਖ਼ਬਰਾਂ ਸਾਹਮਣੇ ਆਈਆਂ ਹਨ। ਭਾਰਤੀ ਅਰਥਚਾਰਾ ਚੁਣੌਤੀਪੂਰਨ ਆਲਮੀ ਹਾਲਤਾਂ ਦੇ ਬਾਵਜੂਦ ਚੰਗੀ ਰਫ਼ਤਾਰ ਨਾਲ ਅੱਗੇ ਵਧ ਰਿਹਾ ਹੈ। ਇਸ 'ਚ ਮੁਲਕ ਦੇ ਅਰਥਚਾਰੇ ਦੀ ਵਿਕਾਸ ਦਰ ਸੱਤ ਪ੍ਰਤੀਸ਼ਤ ਰਹਿਣ ਦੀ ਸੰਭਾਵਨਾ ਜਤਾਈ ਗਈ ਹੈ। ਇਸ ਤਰ੍ਹਾਂ ਵਿਕਾਸ ਦਰ 'ਚ ਸੁਧਾਰ ਹੋਣ ਦੀ ਗੁੰਜਾਇਸ਼ ਹੈ ਤੇ ਇਹ ਉੱਪਰ ਨੂੰ ਜਾ ਸਕਦੀ ਹੈ। ਇਸ ਤੋਂ ਪਹਿਲਾਂ ਵਰਤਮਾਨ ਵਿੱਤੀ ਵਰ੍ਹੇ 'ਚ ਵਿਕਾਸ ਦਰ 6.6 ਪ੍ਰਤੀਸ਼ਤ ਰਹਿਣ ਦੀ ਸੰਭਾਵਨਾ ਜਤਾਈ ਗਈ ਸੀ। ਹਾਲਾਂਕਿ ਜਿਹੜੀ ਖ਼ਬਰ ਬਹੁਤੀ ਚੰਗੀ ਨਹੀਂ ਹੈ, ਉਹ ਇਹ ਹੈ ਕਿ ਭਾਰਤ ਵੀਅਤਨਾਮ ਤੇ ਬੰਗਲਾਦੇਸ਼ ਵਰਗੇ ਮੁਕਾਬਲੇਬਾਜ਼ਾਂ ਤੋਂ ਪੱਛੜ ਰਿਹਾ ਹੈ, ਕਿਉਂਕਿ ਇਹ ਘੱਟ ਕੀਮਤ 'ਤੇ ਨਿਰਮਾਣ ਅਤੇ ਬਰਾਮਦ ਦੇ ਕੇਂਦਰ ਬਣ ਚੁੱਕੇ ਹਨ। ਵਿਸ਼ਵ ਬੈਂਕ ਮੁਤਾਬਿਕ ਭਾਰਤ ਨੂੰ ਆਪਣੀ ਬਰਾਮਦ ਦੇ ਦਾਇਰੇ 'ਚ ਵੰਨ-ਸਵੰਨਤਾ ਲਿਆਉਣੀ ਪਏਗੀ ਤੇ ਸੰਨ 2030 ਤੱਕ ਇੱਕ ਲੱਖ ਕਰੋੜ ਦੇ ਵਪਾਰ ਦੇ ਟੀਚੇ ਨੂੰ ਹਾਸਿਲ ਕਰਨ ਲਈ ਆਲਮੀ ਕੀਮਤ ਲੜੀਆਂ ਦਾ ਵੱਧ ਤੋਂ ਵੱਧ ਫ਼ਾਇਦਾ ਚੁੱਕਣਾ ਪਏਗਾ।

ਰਿਪੋਰਟ ਵਿੱਚ ਭਾਰਤ ਲਈ ਇੱਕ ਗੁੱਝਾ ਸੁਨੇਹਾ ਹੈ ਕਿ ਵਪਾਰ ਮੋਰਚੇ ਉੱਤੇ ਬੇਪਰਵਾਹੀ ਲਈ ਕੋਈ ਥਾਂ ਨਹੀਂ ਹੈ। ਇਹ ਜ਼ਾਹਿਰ ਹੈ ਕਿ 'ਮੇਕ ਇਨ ਇੰਡੀਆ' ਲਈ ਲਾਇਆ ਜਾ ਰਿਹਾ ਜ਼ੋਰ ਅਸਲ 'ਚ ਇੱਕ ਸਫ਼ਲ ਉੱਦਮ ਵਜੋਂ ਨਹੀਂ ਉੱਭਰ ਰਿਹਾ ਹੈ ਤੇ 'ਮੇਕ ਫਾਰ ਦਿ ਵਰਲਡ' ਬਿਰਤਾਂਤ ਫਿੱਕਾ ਪੈਂਦਾ ਜਾਪ ਰਿਹਾ ਹੈ ਅਤੇ ਮੋਦੀ ਸਰਕਾਰ ਲਈ ਨਿਰਾਸ਼ਾ ਦਾ ਇਕ ਤੱਥ ਇਹ ਵੀ ਹੈ ਕਿ ਕੱਪੜਿਆਂ, ਚਮੜੇ ਤੇ ਜੁੱਤੀਆਂ ਦੀ ਕੌਮਾਂਤਰੀ ਬਰਾਮਦ 'ਚ ਦੇਸ਼ ਦਾ ਹਿੱਸਾ 2022 ਵਿੱਚ ਘਟ ਕੇ 3.5 ਪ੍ਰਤੀਸ਼ਤ ਰਹਿ ਗਿਆ ਹੈ। ਜਦੋਂਕਿ ਸੰਨ 2013 ਵਿੱਚ ਇਹ 4.5 ਪ੍ਰਤੀਸ਼ਤ ਸੀ। ਇਸੇ ਦੌਰਾਨ ਬੰਗਲਾਦੇਸ਼ ਦਾ ਹਿੱਸਾ ਵਧ ਕੇ 2022 ਵਿੱਚ 5.1 ਪ੍ਰਤੀਸ਼ਤ ਹੋ ਗਿਆ। ਜਦੋਂਕਿ ਵੀਅਤਨਾਮ ਇਸ ਮਾਮਲੇ ਵਿੱਚ 5.9 ਪ੍ਰਤੀਸ਼ਤ ਉੱਤੇ ਪਹੁੰਚ ਗਿਆ ਹੈ। ਇਹ ਦੋਵੇਂ ਮੁਲਕ ਵੱਡੇ ਪੱਧਰ ਉੱਤੇ ਕੱਪੜਿਆਂ ਤੇ ਜੁੱਤੀਆਂ ਦਾ ਨਿਰਮਾਣ ਤੇ ਬਰਾਮਦ ਕਰ ਰਹੇ ਹਨ। ਚੀਨ ਦੇ ਮੁਕਾਬਲੇ ਭਾਰਤ ਦਾ ਲਗਾਤਾਰ ਵਧ ਰਿਹਾ ਵਪਾਰਕ ਘਾਟਾ (ਬਰਾਮਦ ਤੇ ਦਰਾਮਦ ਵਿਚਲਾ ਫ਼ਰਕ) ਵੀ ਘੱਟ ਚਿੰਤਾ ਦਾ ਵਿਸ਼ਾ ਨਹੀਂ ਹੈ। ਪੂਰਬੀ ਲੱਦਾਖ ਵਿੱਚ ਫ਼ੌਜੀ ਟਕਰਾਅ ਦੇ ਮੱਦੇਨਜ਼ਰ ਪੇਈਚਿੰਗ ਆਰਥਿਕ ਮੋਰਚੇ 'ਤੇ ਦਿੱਲੀ ਨੂੰ ਠਿੱਬੀ ਲਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡ ਰਿਹਾ ਹੈ। ਛੱਤਰੀਆਂ ਤੋਂ ਲੈ ਕੇ ਸੰਗੀਤਕ ਵਸਤਾਂ ਅਤੇ ਖਿਡੌਣਿਆਂ ਤੱਕ ਵੱਡੀ ਗਿਣਤੀ ਚੀਨੀ ਵਸਤਾਂ ਭਾਰਤ ਆ ਰਹੀਆਂ ਹਨ।

ਬੰਗਲਾਦੇਸ਼ ਵਿੱਚ ਸਿਆਸੀ ਤੇ ਆਰਥਿਕ ਅਸਥਿਰਤਾ ਨੇ ਭਾਰਤ ਨੂੰ ਬਰਾਮਦਾਂ ਦੇ ਮਾਮਲੇ ਵਿੱਚ ਆਪਣਾ ਹੱਥ ਉੱਚਾ ਕਰਨ ਦਾ ਇਕ ਮੌਕਾ ਦਿੱਤਾ ਹੈ। ਅਜਿਹਾ ਕਰਨ ਲਈ ਗੁਣਵੱਤਾ ਨਾਲ ਸਮਝੌਤਾ ਕੀਤੇ ਬਿਨਾਂ ਉਤਪਾਦਨ ਕੀਮਤ ਘਟਾਉਣੀ ਪਏਗੀ ਅਤੇ ਉਤਪਾਦਕਤਾ ਵਧਾਉਣੀ ਪਏਗੀ। ਇਸ ਤਰ੍ਹਾਂ ਦਾ ਉੱਦਮ ਕਰ ਕੇ ਮਿੱਥੇ ਟੀਚਿਆਂ ਨੂੰ ਵੀ ਹਾਸਿਲ ਕੀਤਾ ਜਾ ਸਕਦਾ ਹੈ। ਭਾਰਤ ਵੱਲੋਂ ਵੱਡੇ ਵਪਾਰਕ ਗੁੱਟਾਂ ਦਾ ਹਿੱਸਾ ਬਣਨ ਵਿੱਚ ਦਿਖਾਈ ਜਾ ਰਹੀ ਝਿਜਕ ਦੇ ਮੱਦੇਨਜ਼ਰ, ਪੱਛਮੀ ਜਗਤ ਤੇ ਖਾੜੀ ਮੁਲਕਾਂ ਨਾਲ ਦੁਵੱਲੇ ਮੁਕਤ ਵਪਾਰ ਸਮਝੌਤੇ ਕਰ ਕੇ ਵੀਅਤਨਾਮ ਤੇ ਚੀਨੀ ਚੁਣੌਤੀ ਨਾਲ ਨਜਿੱਠਿਆ ਜਾ ਸਕਦਾ ਹੈ।

## ਬਲਾਤਕਾਰੀਆਂ ਲਈ ਮੌਤ ਦੀ ਸਜ਼ਾ

ਪਿੱਛੇ ਜਿਹੇ ਕੋਲਕਾਤਾ ਵਿੱਚ ਇੱਕ ਜੂਨੀਅਰ ਡਾਕਟਰ ਨਾਲ ਬਲਾਤਕਾਰ ਕਰ ਕੇ ਉਸ ਦੀ ਹੱਤਿਆ ਦੀ ਘਟਨਾ ਵਾਪਰਨ ਅਤੇ ਇਸ ਨੂੰ ਲੈ ਡਾਕਟਰਾਂ ਦੇ ਤਿੱਖੇ ਰੋਸ ਪ੍ਰਦਰਸ਼ਨਾਂ ਤੋਂ ਬਾਅਦ ਪੱਛਮੀ ਬੰਗਾਲ ਵਿਧਾਨ ਸਭਾ ਨੇ ਬਲਾਤਕਾਰ ਵਿਰੋਧੀ ਬਿਲ 'ਅਪਰਾਜਿਤਾ' ਪਾਸ ਕੀਤਾ ਹੈ ਜਿਸ ਤਹਿਤ ਇਹ ਪ੍ਰਾਵਧਾਨ ਕੀਤਾ ਗਿਆ ਹੈ ਕਿ ਜੇ ਪੀੜਤ ਦੀ ਮੌਤ ਵਾਕਿਆ ਹੋ ਜਾਂਦੀ ਹੈ ਜਾਂ ਉਹ ਕੋਮਾ ਵਿੱਚ ਚਲੀ ਜਾਂਦੀ ਹੈ ਤਾਂ ਬਲਾਤਕਾਰ ਦੇ ਦੋਸ਼ੀਆਂ ਨੂੰ ਮੌਤ ਦੀ ਸਜ਼ਾ ਦਿੱਤੀ ਜਾਵੇਗੀ। ਕੋਲਕਾਤਾ ਦੇ ਹਸਪਤਾਲ ਵਿੱਚ ਵਾਪਰੀ ਘਟਨਾ ਨੂੰ ਲੈ ਕੇ ਕੀਤੀ ਜਾ ਰਹੀ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਦੇ ਮੱਦੇਨਜ਼ਰ ਮਮਤਾ ਬੈਨਰਜੀ ਸਰਕਾਰ ਨੇ ਤੇਜ਼ੀ ਨਾਲ ਇਹ ਬਿਲ ਲਿਆਂਦਾ ਹੈ ਜਿਸ ਰਾਹੀਂ ਨਾਗਰਿਕਾਂ ਦੀ ਇਹ ਯਕੀਨਦਹਾਨੀ ਕਰਾਈ ਗਈ ਹੈ ਕਿ ਸਟੇਟ/ਰਿਆਸਤ ਔਰਤਾਂ ਦੀ ਸੁਰੱਖਿਆ ਕਰਨ ਲਈ ਵਚਨਬੱਧ ਹੈ।

ਉਂਝ, ਇਸ ਨਾਲ ਇਹ ਬਹਿਸ ਵੀ ਸ਼ੁਰੂ ਹੋ ਗਈ ਹੈ ਕਿ ਕੀ ਇਸ ਕਿਸਮ ਦੇ ਉਪਰਾਲੇ ਲੋਕਾਂ ਅੰਦਰ ਵਧਦੀ ਜਾ ਰਹੀ ਬੇਚੈਨੀ ਨੂੰ ਚੁੱਪ ਕਰਾਉਣ ਲਈ ਕੋਈ ਸਿਆਸੀ ਹਥਕੰਡੇ ਹਨ। ਪਾਰਟੀ ਦੇ ਆਗੂਆਂ ਨੂੰ ਲੋਕਾਂ ਦੇ ਤਿੱਖੇ ਰੋਹ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੁਜ਼ਾਹਰਾਕਾਰੀ ਡਾਕਟਰਾਂ ਦੀ 'ਬੁੱਚੜਾਂ' ਨਾਲ ਤੁਲਨਾ ਕੀਤੇ ਜਾਣ ਤੋਂ ਜਨਤਕ ਰੋਹ ਵਧ ਰਿਹਾ ਹੈ ਅਤੇ ਸਰਕਾਰ ਨੂੰ ਸਥਿਤੀ ਸੰਭਾਲਣ ਵਿੱਚ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਤੋਂ ਇਲਾਵਾ ਇਹ ਬਿਲ ਕੇਂਦਰ ਸਰਕਾਰ ਵੱਲੋਂ ਸੋਧੀ ਭਾਰਤੀ ਨਿਆਏ ਸੰਹਿਤਾ ਨਾਲ ਵੀ ਮੇਲ ਨਹੀਂ ਖਾਂਦੀ ਜਿਸ ਵਿੱਚ ਬਲਾਤਕਾਰ ਲਈ ਮੌਤ ਦੀ ਸਜ਼ਾ ਦੀ ਕੋਈ ਵਿਵਸਥਾ ਨਹੀਂ ਹੈ ਜਿਸ ਕਰ ਕੇ ਕੋਈ ਕਾਨੂੰਨੀ ਝਮੇਲਾ ਖੜ੍ਹਾ ਹੋ ਸਕਦਾ ਹੈ। ਆਂਧਰਾ ਪ੍ਰਦੇਸ਼ ਅਤੇ ਮਹਾਰਾਸ਼ਟਰ ਨੇ ਇਸ ਕਿਸਮ ਦੇ ਬਿਲ ਪਾਸ ਕੀਤੇ ਹੋਏ ਹਨ ਜਿਨ੍ਹਾਂ ਨੂੰ ਹਾਲੇ ਤੱਕ ਰਾਸ਼ਟਰਪਤੀ ਕੋਲੋਂ ਮਨਜ਼ੂਰੀ ਨਹੀਂ ਮਿਲ ਸਕੀ। ਇਸ ਤੋਂ ਇਲਾਵਾ ਮੌਤ ਦੀ ਸਜ਼ਾ ਅਪਰਾਧ ਤੋਂ ਕਾਰਗਰ ਡਰਾਵੇ ਦਾ ਕੰਮ ਨਹੀਂ ਦੇ ਸਕੀ ਸਗੋਂ ਮੋੜਵੇਂ ਰੂਪ ਵਿੱਚ ਇਸ ਕਿਸਮ ਦੀ ਸਜ਼ਾ ਨਾਲ ਮਨੁੱਖੀ ਅਧਿਕਾਰਾਂ ਦੇ ਕਈ ਸਰੋਕਾਰ ਖੜ੍ਹੇ ਹੋ ਜਾਂਦੇ ਹਨ।

ਅਪਰਾਜਿਤਾ ਬਿਲ ਪਾਸ ਕਰਨ ਤੋਂ ਜਾਪਦਾ ਹੈ ਕਿ ਟੀਐਮਸੀ ਸਰਕਾਰ ਮੁੜ ਲੋਕਾਂ ਦਾ ਭਰੋਸਾ ਹਾਸਿਲ ਕਰਨਾ ਅਤੇ ਬਿਰਤਾਂਤ ਉੱਪਰ ਕਾਬੂ ਪਾਉਣਾ ਚਾਹੁੰਦੀ ਹੈ। ਅਜੇ ਇਹ ਦੇਖਣਾ ਬਾਕੀ ਹੈ ਕਿ ਕੀ ਇਹ ਬਿਲ ਕੋਈ ਹਕੀਕੀ ਤਬਦੀਲੀ ਲਿਆ ਸਕੇਗਾ ਜਾਂ ਫਿਰ ਉਨ੍ਹਾਂ ਬਿਲਾਂ ਦੀ ਲੰਮੀ ਕਤਾਰ ਵਿੱਚ ਸ਼ਾਮਿਲ ਹੋ ਕੇ ਰਹਿ ਜਾਵੇਗਾ ਜਿਨ੍ਹਾਂ ਨੂੰ ਲਾਗੂ ਨਹੀਂ ਕੀਤਾ ਜਾ ਸਕਿਆ। ਹੁਣ ਜਦੋਂ ਇਸ ਬਿਲ ਨੂੰ ਰਾਜਪਾਲ ਅਤੇ ਰਾਸ਼ਟਰਪਤੀ ਦੀ ਮਨਜ਼ੂਰੀ ਦੀ ਉਡੀਕ ਹੈ ਤਾਂ ਇਸ ਦੀ ਕਾਰਗਰਤਾ ਅਤੇ ਨੈਤਿਕ ਸਿੱਟਿਆਂ ਦਾ ਵਡੇਰਾ ਸੁਆਲ ਬਣਿਆ ਹੋਇਆ ਹੈ।

ਸਟੇਟ/ਰਿਆਸਤ ਨੂੰ ਜਾਂਚ ਅਤੇ ਨਿਆਂਇਕ ਪ੍ਰਕਿਰਿਆਵਾਂ ਵਿੱਚ ਸੁਧਾਰ 'ਤੇ ਧਿਆਨ ਕੇਂਦਰਿਤ ਕਰ ਕੇ ਮੁਕੱਦਮਿਆਂ ਦੀ ਕਾਰਵਾਈ ਤੇਜ਼ੀ ਅਤੇ ਵਾਜਿਬ ਢੰਗ ਨਾਲ ਯਕੀਨੀ ਬਣਾਉਣ ਦੇ ਵਿਵਸਥਾ ਨਾਲ ਜੁੜੇ ਮੁੱਦਿਆਂ ਨੂੰ ਮੁਖ਼ਾਤਿਬ ਹੋਣ ਦੀ ਜ਼ਿਆਦਾ ਲੋੜ ਹੈ ਜਿਨ੍ਹਾਂ ਕਰ ਕੇ ਅਕਸਰ ਅਜਿਹੇ ਹੌਲਨਾਕ ਅਪਰਾਧ ਵਾਪਰਦੇ ਹਨ।

-ਪੀਤਾਂਬਰ ਸ਼ਰਮਾ

# ਕਾਰਪੋਰੇਟ ਗਲਬਾ ਅਤੇ ਅਮੀਰ-ਗ਼ਰੀਬ ਪਾੜਾ

**ਡਾ. ਸੁੱਚਾ ਸਿੰਘ ਗਿੱਲ**



ਪਿਛਲੇ ਕੁਝ ਦਹਾਕਿਆਂ ਤੋਂ ਭਾਰਤੀ ਅਰਥਚਾਰੇ ਅੰਦਰ ਕਾਰਪੋਰੇਟ ਕੰਪਨੀਆਂ ਦਾ ਜ਼ਬਰਦਸਤ ਉਭਾਰ ਦੇਖਣ ਨੂੰ ਮਿਲਿਆ ਹੈ। ਹਾਲਾਂਕਿ 1956 ਦੇ ਸਨਅਤੀ ਨੀਤੀ ਮਤੇ ਵਿੱਚ ਸਟੀਲ, ਭਾਰੀਆਂ ਸਨਅਤਾਂ, ਮਸ਼ੀਨ ਨਿਰਮਾਣ ਖੇਤਰ, ਧਾਤੂ ਵਿਗਿਆਨ, ਰੱਖਿਆ ਆਦਿ ਖੇਤਰਾਂ ਵਿੱਚ ਮੋਹਰੀ ਉਚਾਈਆਂ ਜਨਤਕ ਖੇਤਰ ਲਈ ਰਾਖਵੀਆਂ ਕਰ ਦਿੱਤੀਆਂ ਗਈਆਂ ਜਦੋਂਕਿ ਪ੍ਰਾਈਵੇਟ ਕੰਪਨੀਆਂ ਖਪਤਕਾਰ ਵਸਤਾਂ ਅਤੇ ਬੈਂਕਿੰਗ ਕਾਰੋਬਾਰਾਂ ਵਿੱਚ ਤਰੱਕੀ ਕਰਨ ਦੇ ਯੋਗ ਸਨ।

ਲਾਇਸੈਂਸਿੰਗ ਪ੍ਰਨਾਲੀ ਦਾ ਜਾਇਜ਼ਾ ਲੈਣ ਅਤੇ ਇਸ ਦੇ ਕੰਮਕਾਜ ਵਿੱਚ ਸੁਧਾਰ ਲਿਆਉਣ ਲਈ ਸਿਫ਼ਾਰਸ਼ਾਂ ਕਰਨ ਵਾਸਤੇ 1960ਵਿਆਂ 'ਚ ਆਰ ਕੇ ਹਜ਼ਾਰੀ ਕਮੇਟੀ ਅਤੇ ਐੱਸ ਦੱਤ ਕਮੇਟੀ ਦਾ ਗਠਨ ਕੀਤਾ ਗਿਆ ਸੀ। ਇਨ੍ਹਾਂ ਕਮੇਟੀਆਂ ਨੇ ਪਾਇਆ ਸੀ ਕਿ ਵੱਡੇ ਕਾਰੋਬਾਰੀ ਘਰਾਣਿਆਂ ਨਾਲ ਸਬੰਧਿਤ ਕੰਪਨੀਆਂ ਨੇ ਵਿਵਸਥਾ/ਸਿਸਟਮ ਦੀ ਉਲੰਘਣਾ ਕੀਤੀ ਅਤੇ ਇਸ ਦੀ ਦੁਰਵਰਤੋਂ ਕੀਤੀ ਸੀ; ਇਹ ਕੰਪਨੀਆਂ ਸਰਕਾਰੀ ਖੇਤਰ ਲਈ ਰਾਖਵੇਂ ਕੀਤੇ ਗਏ ਰੱਖਿਆ ਜਿਹੇ ਖੇਤਰਾਂ ਵਿੱਚ ਲਾਇਸੈਂਸ ਹਾਸਲ ਕਰਨ 'ਚ ਕਾਮਯਾਬ ਹੋ ਗਈਆਂ ਸਨ। ਇਸ ਤੋਂ ਇਲਾਵਾ ਵੱਡੇ ਕਾਰੋਬਾਰੀ ਘਰਾਣਿਆਂ ਦੀ ਮਾਲਕੀ ਵਾਲੀਆਂ ਕੰਪਨੀਆਂ ਲਘੂ ਅਤੇ ਦਰਮਿਆਨੀਆਂ ਕੰਪਨੀਆਂ ਲਈ ਰਾਖਵੇਂ ਕੀਤੇ ਗਏ ਖੇਤਰਾਂ ਵਿੱਚ ਵੀ ਲਾਇਸੈਂਸ ਲੈ ਗਈਆਂ। ਇਹ ਪਾਇਆ ਗਿਆ ਕਿ ਗ਼ੈਰ-ਲਾਜ਼ਮੀ ਵਸਤਾਂ ਦੇ ਵਰਗ ਦੀਆਂ 70 ਆਈਟਮਾਂ ਵਿੱਚ ਵਿਦੇਸ਼ੀ ਭਿਆਲੀ ਦੀ ਆੜ ਹੇਠ ਕਾਰੋਬਾਰੀ ਘਰਾਣਿਆਂ ਦੀਆਂ ਕੰਪਨੀਆਂ ਨੂੰ ਲਾਇਸੈਂਸ ਦੇ ਦਿੱਤੇ ਗਏ। ਇਸ ਦੇ ਮੱਦੇਨਜ਼ਰ, ਭਾਰਤ ਸਰਕਾਰ ਨੇ 1969 ਵਿੱਚ ਅਜ਼ਾਰੇਦਾਰੀ ਅਤੇ ਗ਼ਲਤ ਵਪਾਰਕ ਰੀਤਾਂ ਦੀ ਰੋਕਥਾਮ ਲਈ ਮਨੋਪਲੀਜ਼ ਐਂਡ ਰਿਸਟ੍ਰਿਕਟਿਵ ਟਰੇਡ ਪ੍ਰੈਕਟਿਸਜ਼ ਐਕਟ ਬਣਾਇਆ। ਇਸ ਐਕਟ ਮੁਤਾਬਿਕ 20 ਕਰੋੜ ਰੁਪਏ ਜਾਂ ਇਸ ਤੋਂ ਵੱਧ ਅਸਾਸੇ ਰੱਖਣ ਵਾਲੀ ਕਿਸੇ ਵੀ ਕੰਪਨੀ/ਕਾਰੋਬਾਰੀ ਘਰਾਣੇ ਨੂੰ ਅਜ਼ਾਰੇਦਾਰ ਗਿਣਿਆ ਜਾਂਦਾ ਸੀ। ਇਹੋ ਜਿਹੀ ਕਿਸੇ ਕੰਪਨੀ ਜਾਂ ਕਾਰੋਬਾਰੀ ਘਰਾਣੇ ਨੂੰ ਹੋਰ ਵਿਸਤਾਰ ਜਾਂ ਨਵੇਂ ਉੱਦਮ ਖੋਲ੍ਹਣ ਲਈ ਲਾਇਸੈਂਸ ਦੇਣ ਤੋਂ ਮਨਾਹੀ ਕੀਤੀ ਗਈ। 1985 ਵਿੱਚ ਇਹ ਹੱਦ ਵਧਾ ਕੇ 100 ਕਰੋੜ ਰੁਪਏ ਕਰ ਦਿੱਤੀ ਗਈ। ਲਾਇਸੈਂਸਿੰਗ ਪ੍ਰਨਾਲੀ ਦੇ ਖਾਤਮੇ ਨਾਲ ਅਸਾਸਿਆਂ ਦੀ ਇਹ ਹੱਦ ਅਤੇ ਅਜ਼ਾਰੇਦਾਰ ਘਰਾਣਿਆਂ ਦੀ ਪਰਿਭਾਸ਼ਾ ਵੀ ਨਿਰਾਰਥਕ ਹੋ ਕੇ ਰਹਿ ਗਈ।

ਵਿਦੇਸ਼ੀ ਮੁਦਰਾ ਸੰਕਟ ਦੇ ਮੱਦੇਨਜ਼ਰ, 1991 ਵਿੱਚ ਨੀਤੀਗਤ ਤਬਦੀਲੀਆਂ ਦਾ ਇੱਕ ਪੈਕੇਜ ਲਿਆਂਦਾ ਗਿਆ। ਇਸੇ ਨੂੰ ਨਵੀਂ ਆਰਥਿਕ ਨੀਤੀ ਦਾ ਨਾਂ ਦਿੱਤਾ ਗਿਆ ਜਿਸ ਦੀ ਪਛਾਣ ਉਦਾਰੀਕਰਨ, ਨਿੱਜੀਕਰਨ ਅਤੇ ਸੰਸਾਰੀਕਰਨ ਵਜੋਂ ਹੋਈ। ਇਹ ਸਭ ਕੁਝ ਇਸ ਲਈ ਕੀਤਾ ਗਿਆ ਤਾਂ ਕਿ ਪ੍ਰਾਈਵੇਟ ਕਾਰਪੋਰੇਟ ਕੰਪਨੀਆਂ ਆਪਣੇ ਕਾਰੋਬਾਰਾਂ ਦਾ ਵਿਸਤਾਰ ਕਰ ਸਕਣ ਅਤੇ ਵਿਦੇਸ਼ੀ ਪੂੰਜੀ ਨਾਲ ਖੁੱਲ੍ਹ ਕੇ ਵਿਚਰ ਸਕਣ। ਇਸ ਨਾਲ ਭਾਰਤ ਵਿੱਚ ਇਨ੍ਹਾਂ ਕੰਪਨੀਆਂ ਦਾ ਦਬਦਬਾ ਵੀ ਵਧ ਗਿਆ। ਨੈਸ਼ਨਲ ਅਕਾਊਂਟ ਸਟੈਟਿਸਟਿਕ ਮੁਤਾਬਿਕ ਕੁੱਲ ਘਰੇਲੂ ਪੈਦਾਵਾਰ (ਜੀਡੀਪੀ) ਵਿੱਚ ਕਾਰਪੋਰੇਟ ਕੰਪਨੀਆਂ ਦੀ ਹਿੱਸੇਦਾਰੀ 40 ਫ਼ੀਸਦ ਵਧੀ ਹੈ। ਪੈਰਿਸ ਸਕੂਲ ਆਫ ਇਕੋਨੌਮਿਕਸ ਦੀ ਵਰਲਡ ਇਨਇਕੁਐਲਿਟੀ ਰਿਪੋਰਟ ਜੋ ਕਿ ਥੌਮਸ ਪਿਕੇਟੀ ਅਤੇ ਹੋਰਨਾਂ ਨੇ ਤਿਆਰ ਕੀਤੀ ਹੈ, ਵਿੱਚ ਇਹ ਗੱਲ ਸਾਹਮਣੇ ਆਈ ਕਿ ਭਾਰਤ ਦੀ 40.1 ਫ਼ੀਸਦੀ ਦੌਲਤ ਇੱਕ ਫ਼ੀਸਦੀ ਲੋਕਾਂ ਕੋਲ ਆ ਗਈ ਹੈ। ਨਤੀਜਤਨ, ਅਰਬਪਤੀਆਂ ਦੀ ਸੰਖਿਆ ਜੋ ਕਿ 1991 ਵਿੱਚ ਮਹਿਜ਼ ਇੱਕ ਸੀ, 2022 ਵਿੱਚ ਵਧ ਕੇ 162 'ਤੇ ਪਹੁੰਚ ਗਈ ਹੈ। ਫੋਰਬਸ ਗਲੋਬਲ ਲਿਸਟ ਆਫ ਬਿਲੀਅਨੇਅਰਜ਼ ਵਿੱਚ ਦਰਸਾਇਆ ਗਿਆ ਹੈ ਕਿ ਭਾਰਤੀ ਅਰਬਪਤੀਆਂ ਦੀ ਸੰਖਿਆ 200 ਹੋ ਗਈ ਹੈ। ਦੂਜੇ ਪਾਸੇ, 140 ਕਰੋੜ ਲੋਕਾਂ 'ਚੋਂ 80 ਕਰੋੜ ਲੋਕ ਸਰਕਾਰ ਵੱਲੋਂ ਦਿੱਤੇ ਜਾਂਦੇ ਮੁਫ਼ਤ ਅਨਾਜ 'ਤੇ ਨਿਰਭਰ ਹਨ।

ਕਾਰਪੋਰੇਟ ਕੰਪਨੀਆਂ ਦੀ ਅਰਥਚਾਰੇ 'ਤੇ ਜਕੜ ਪੀਢੀ ਹੋਣ ਕਰ ਕੇ ਉਨ੍ਹਾਂ ਨੇ ਆਪਣੇ ਕਾਰੋਬਾਰ ਬਹੁਤ ਸਾਰੇ ਖੇਤਰਾਂ ਵਿੱਚ ਵਧਾ ਲਏ ਹਨ। ਉਹ ਸਨਅਤੀ ਉਤਪਾਦਨ, ਉਤਪਾਦਾਂ ਦੀ ਵੰਡ, ਫ਼ਲ ਤੇ ਸਬਜ਼ੀਆਂ, ਦੂਰਸੰਚਾਰ, ਸੜਕਾਂ, ਹਵਾਈ ਅੱਡੇ, ਬੰਦਰਗਾਹਾਂ, ਟੀਵੀ ਚੈਨਲਾਂ ਅਤੇ ਅਖ਼ਬਾਰਾਂ ਆਦਿ ਨੂੰ ਕੰਟਰੋਲ ਕਰਨ ਲੱਗ ਪਈਆਂ ਹਨ। ਇਨ੍ਹਾਂ ਘਰਾਣਿਆਂ ਦਾ ਕਿਰਦਾਰ ਵੱਧ ਤੋਂ ਵੱਧ ਮੁਨਾਫ਼ਾ ਕਮਾਉਣ ਲਈ ਅਜ਼ਾਰੇਦਾਰ ਮੁਖੀ ਹੈ। ਉਨ੍ਹਾਂ ਉਪਜ ਦੀਆਂ ਸਪਲਾਈ ਕੀਮਤਾਂ ਜਾਂ ਛੋਟੇ ਕਾਰੋਬਾਰਾਂ ਤੇ ਖੇਤੀਬਾੜੀ ਤੋਂ ਲਾਗਤਾਂ ਦੀਆਂ ਖਰੀਦ ਕੀਮਤਾਂ ਮਿੱਥਣ ਲਈ ਮਿਲੀਭੁਗਤ ਕੀਤੀ। ਇਨ੍ਹਾਂ ਫਰਮਾਂ ਨੇ ਵਰਕਰਾਂ ਤੇ ਮੁਲਾਜ਼ਮਾਂ ਨੂੰ ਘੱਟ ਉਜਰਤਾਂ/ਤਨਖ਼ਾਹਾਂ ਦਿੱਤੀਆਂ। ਮੰਡੀ ਦੀ ਤਾਕਤ ਵਰਤ ਕੇ, ਉਨ੍ਹਾਂ ਸਪਲਾਇਰਾਂ ਵਜੋਂ ਉੱਚੀਆਂ ਕੀਮਤਾਂ ਮੰਗੀਆਂ ਤੇ ਲਾਗਤਾਂ ਲਈ ਘੱਟ ਕੀਮਤਾਂ ਅਦਾ ਕੀਤੀਆਂ ਤਾਂ ਕਿ ਜ਼ਿਆਦਾ ਲਾਭ ਕਮਾਇਆ ਜਾ ਸਕੇ। ਇਨ੍ਹਾਂ ਫਰਮਾਂ ਨੇ ਕਰਜ਼ਾ ਮੁਕਤੀ ਦੇ ਰੂਪ 'ਚ ਕਾਫ਼ੀ ਲਾਭ ਲਿਆ ਹੈ ਤੇ ਸਰਕਾਰ ਨੇ ਵੀ ਰਿਆਇਤਾਂ ਦੇ ਰੂਪ ਵਿੱਚ ਵੱਡੀਆਂ ਸਬਸਿਡੀਆਂ ਦਿੱਤੀਆਂ ਹਨ। ਇਨ੍ਹਾਂ ਸੰਯੁਕਤ ਸਕੱਤਰ ਪੱਧਰ 'ਤੇ 'ਲੇਟਰਲ ਐਂਟਰੀ' ਰਾਹੀਂ ਸਰਕਾਰ 'ਚ ਘੁਸਪੈਠ ਕੀਤੀ ਤੇ ਸਿਆਸੀ ਪਾਰਟੀਆਂ ਨੂੰ ਚੋਣ ਫੰਡ ਵੀ ਵੱਡੇ ਪੱਧਰ ਉਤੇ ਦਿੱਤਾ। ਇਸ ਤਰ੍ਹਾਂ, ਕਾਰਪੋਰੇਟ ਸੈਕਟਰ ਦਾ ਗ਼ਲਬਾ ਅਰਥਚਾਰੇ ਤੋਂ ਲੈ ਕੇ ਪ੍ਰਸ਼ਾਸਨ ਤੱਕ ਅਤੇ ਅੱਗੇ ਸਿਆਸਤ ਤੱਕ ਫੈਲ ਗਿਆ। ਕੇਂਦਰ ਦੀ ਸੱਤਾਧਾਰੀ ਪਾਰਟੀ ਤੇ ਕਾਰਪੋਰੇਟ ਫਰਮਾਂ ਵਿਚਾਲੇ ਇੱਕ ਗੱਠਜੋੜ ਉੱਭਰਿਆ ਹੈ।

ਵੱਡੇ ਕਾਰੋਬਾਰਾਂ ਦੇ ਕੰਮਕਾਜ ਦਾ ਦਾਇਰਾ ਵਧਣ ਦੇ ਨਾਲ ਹੀ ਉਨ੍ਹਾਂ ਮੁਲਕ ਵਿੱਚ ਸੰਵਾਦ ਦੀਆਂ ਸ਼ਰਤਾਂ ਜਾਂ ਵਿਚਾਰ-ਚਰਚਾ ਦਾ ਏਜੰਡਾ ਤੈਅ ਕਰਨਾ ਸ਼ੁਰੂ ਕਰ ਦਿੱਤਾ। ਚੇਤੇ ਆਉਂਦਾ ਹੈ ਕਿ ਕਿਵੇਂ 1991 ਵਿੱਚ ਮੁੱਖਧਾਰਾ ਦਾ ਮੀਡੀਆ ਨਵੀਂ ਆਰਥਿਕ ਨੀਤੀ ਦੇ ਹੱਕ ਵਿੱਚ ਉਤਰਿਆ ਸੀ ਤੇ ਬਾਅਦ ਵਿੱਚ ਵਿਸ਼ਵ ਵਪਾਰ ਸੰਗਠਨ ਤਹਿਤ ਹੋਏ ਸੰਸਾਰੀਕਰਨ ਦਾ ਵੀ ਇਸ ਨੇ ਪੱਖ ਪੂਰਿਆ। ਇਹ ਨਵੇਂ ਆਰਥਿਕ ਪ੍ਰਬੰਧ ਦੀ ਇਕਪਾਸੜ ਤੇ ਬਿਨਾਂ ਕਿਸੇ ਸਵਾਲ ਤੋਂ ਹਮਾਇਤ ਸੀ, ਇੱਕ ਅਜਿਹਾ ਪ੍ਰਬੰਧ ਜੋ ਬੱਝਵੇਂ ਪੂੰਜੀਵਾਦੀ ਵਿਕਾਸ ਤੋਂ ਮੁਕਤ ਅਤੇ ਉਦਾਰਵਾਦੀ ਢਾਂਚੇ ਵੱਲ ਵਧ ਰਿਹਾ ਸੀ। ਜਿਵੇਂ-ਜਿਵੇਂ ਮੀਡੀਆ 'ਤੇ ਪੂੰਜੀਪਤੀਆਂ ਦਾ ਕਬਜ਼ਾ ਵਧਿਆ, ਉਨ੍ਹਾਂ ਆਪਣੀਆਂ ਵਿਦਿਅਕ ਸੰਸਥਾਵਾਂ ਸ਼ੁਰੂ ਕਰ ਲਈਆਂ - ਸਕੂਲਾਂ ਤੋਂ ਲੈ ਕੇ ਯੂਨੀਵਰਸਿਟੀਆਂ ਤੱਕ।

ਸੰਵਾਦ ਦੀਆਂ ਸ਼ਰਤਾਂ ਤੈਅ ਕਰਨ ਲੱਗਿਆਂ ਮੰਤਵ ਸੀ, ਉਨ੍ਹਾਂ ਵਿਚਾਰਾਂ ਤੇ ਸਿਆਸੀ ਪਾਰਟੀਆਂ ਦੀ ਹਮਾਇਤ ਕਰਨਾ, ਜਿਹੜੇ ਕਾਰਪੋਰੇਟ ਕਾਰੋਬਾਰ ਤੇ ਹਿੱਤਾਂ ਦਾ ਬਚਾਅ ਕਰਦੇ ਹਨ। ਇਸੇ ਕਾਰਨ ਗ਼ਰੀਬੀ, ਮਹਿੰਗਾਈ ਤੇ ਬੇਰੁਜ਼ਗਾਰੀ 'ਤੇ ਚਰਚਾ ਜ਼ਿਆਦਾਤਰ ਮੀਡੀਆ ਪਲੈਟਫਾਰਮਾਂ ਤੋਂ ਪ੍ਰਤੱਖ ਤੌਰ 'ਤੇ ਗਾਇਬ ਹੋ ਗਈ। ਪੂੰਜੀਪਤੀ (ਕਾਰਪੋਰੇਟ) ਮੀਡੀਆ ਸੰਵਿਧਾਨਕ ਤੇ ਲੋਕਤੰਤਰਿਕ ਕਦਰਾਂ ਦੀ ਰਾਖੀ ਕਰਨ ਵਿੱਚ ਨਾਕਾਮ ਹੋ ਗਿਆ ਹੈ ਤੇ ਇਸ ਨੂੰ ਸੰਮਤੀ ਘੜਨ ਵਾਲੇ ਇੱਕ ਅਜਿਹੇ ਮਾਧਿਅਮ ਵਜੋਂ ਦੇਖਿਆ ਜਾ ਰਿਹਾ ਹੈ ਜੋ ਸਿਆਸਤ ਦੇ ਕੇਂਦਰੀਕਰਨ ਲਈ ਕੰਮ ਕਰ ਰਿਹਾ ਹੈ। ਸੰਨ 2020-21 ਵਿੱਚ ਕਿਸਾਨ ਅੰਦੋਲਨ ਦੌਰਾਨ, 'ਟਰਾਲੀ ਟਾਈਮਜ਼' ਨਾਂ ਦਾ ਇੱਕ ਅਖ਼ਬਾਰ ਕੱਢਿਆ ਗਿਆ, ਕਿਉਂਕਿ ਕਾਰਪੋਰੇਟ ਮੀਡੀਆ ਮੁਜ਼ਾਹਰਾਕਾਰੀਆਂ ਨੂੰ ਸਰਕਾਰ ਦੀ ਤਰਜ਼ 'ਤੇ ਚੱਲਣ ਦੀ ਸਲਾਹ ਦੇ ਰਿਹਾ ਸੀ। ਰਾਜਸੀ ਖ਼ੁਦਮੁਖਤਾਰੀ ਨੂੰ ਲੱਗੇ ਘੁਣ ਨੇ ਰਾਜ ਸਰਕਾਰਾਂ ਨੂੰ ਵਿੱਤੀ ਅਤੇ ਪ੍ਰਸ਼ਾਸਕੀ ਤੌਰ 'ਤੇ ਕਮਜ਼ੋਰ ਕਰ ਦਿੱਤਾ ਹੈ। ਨਤੀਜੇ ਵਜੋਂ, ਉਹ ਵੰਨ-ਸੁਵੰਨੇ ਖੇਤਰਾਂ ਵਿੱਚ ਲੋਕਾਂ ਦੀਆਂ ਖ਼ਾਹਿਸ਼ਾਂ ਪੂਰਨ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੇ ਯੋਗ ਨਹੀਂ ਰਹੀਆਂ। ਇਹੀ ਕਾਰਨ ਹੈ ਕਿ ਜਦ ਰਾਜ ਸਰਕਾਰਾਂ ਲੋਕ ਰੋਹ ਦਾ ਸਾਹਮਣਾ ਕਰਦੀਆਂ ਹਨ, ਤਾਂ ਉਹ ਦੋਸ਼ ਕੇਂਦਰ ਸਿਰ ਮੜ੍ਹਨ ਦੀ ਕੋਸ਼ਿਸ਼ ਕਰਦੀਆਂ ਹਨ। ਇਸ ਲਈ, ਰਾਜ ਸਰਕਾਰਾਂ ਦੇ ਕਮਜ਼ੋਰ ਹੋਣ ਨਾਲ ਦੇਸ਼ ਮਜ਼ਬੂਤ ਨਹੀਂ ਬਣੇਗਾ। ਦੇਸ਼ ਨੂੰ ਮਜ਼ਬੂਤ ਬਣਾਉਣ ਲਈ ਰਾਜਾਂ, ਇਲਾਕਿਆਂ ਤੇ ਲੋਕਾਂ ਨੂੰ ਵਿਕਾਸ ਵਿੱਚ ਭਾਈਵਾਲ ਬਣਾਉਣਾ ਪਏਗਾ। ਕਾਰਪੋਰੇਟ ਘਰਾਣਿਆਂ ਨਾਲ ਵਧਦੀ ਨੇੜਤਾ ਦੀ ਬਦੌਲਤ ਸਰਕਾਰਾਂ ਖ਼ੁਦ ਨੂੰ ਲੋਕਾਂ ਦੇ ਨਿਸ਼ਾਨੇ ਉੱਤੇ ਲਿਆ ਰਹੀਆਂ ਹਨ, ਜਦੋਂਕਿ ਪੂੰਜੀਪਤੀ ਉੱਚੀ ਵਿਕਾਸ ਦਰ ਦਾ ਲਾਹਾ ਖੱਟ ਰਹੇ ਹਨ। ਸੰਨ 2047 ਤੱਕ ਦੇਸ਼ ਨੂੰ ਵਿਕਸਿਤ ਮੁਲਕਾਂ ਦੀ ਕਤਾਰ 'ਚ ਸ਼ਾਮਲ ਕਰਾਉਣ ਦੇ ਉਦੇਸ਼ ਲਈ ਇਹ ਸਭ ਚੰਗਾ ਨਹੀਂ ਹੈ।

# ਵਿਭੂਤੀ ਸਰਮਾ ਚੇਅਰਮੈਨ ਪੀ.ਟੀ.ਡੀ.ਸੀ. ਪੰਜਾਬ ਨੇ ਬਲਾਕ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ-2024 ਦੀ ਕੀਤੀ ਸੁਰੂਆਤ

**ਪਠਾਨਕੋਟ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡ ਵਿਭਾਗ, ਪੰਜਾਬ ਵੱਲੋ ਖੇਡਾਂ ਵਤਨ ਪੰਜਾਬ ਦੀਆਂ 2024 ਅਧੀਨ ਬਲਾਕ ਪੱਧਰੀ, ਜਿਲ੍ਹਾ ਪੱਧਰੀ ਅਤੇ ਰਾਜ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ, ਪੂਰੇ ਪੰਜਾਬ ਦੇ ਨੋਜਵਾਨਾਂ ਨੂੰ ਖੇਡਾਂ ਦੇ ਨਾਲ ਜੋੜਨ ਦੇ ਉਦੇਸ ਨਾਲ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਸੂਰੂ ਕਰਵਾਈਆਂ ਗਈਆਂ ਸਨ ਜੋ ਕਿ ਤੀਸਰੇ ਸਾਲ ਵਿੱਚ ਪ੍ਰਵੇਸ ਹੋ ਗਈਆਂ ਹਨ, ਖੇਡਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਸੂਬਾ ਪੱਧਰ ਦੀਆਂ ਖੇਡਾਂ ਵਿੱਚ ਜੇਤੂ ਰਹਿਣ ਤੋਂ ਬਾਅਦ ਨਕਦ ਇਨਾਮ ਰਾਸੀ ਵੀ ਦੇ ਕੇ ਸਨਮਾਨਤ ਕੀਤਾ ਜਾਂਦਾ ਹੈ।

ਇਹ ਪ੍ਰਗਟਾਵਾ ਸ੍ਰੀ ਵਿਭੂਤੀ ਸਰਮਾ ਚੇਅਰਮੈਨ ਪੰਜਾਬ ਟੂਰਿਜਮ ਡਿਵੈਲਪਮੈਂਟ ਕਾਰਪੋਰੇਸਨ ਪੰਜਾਬ ਨੇ ਅੱਜ ਜਿਲ੍ਹਾ ਪਠਾਨਕੋਟ ਅੰਦਰ ਬਲਾਕ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਦੀ ਸੁਰੂਆਤ ਕਰਨ ਮਗਰੋਂ ਕੀਤਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਅਭੀ ਸਰਮਾ ਜਿਲ੍ਹਾ ਯੂਥ ਪ੍ਰਧਾਨ ਆਮ ਆਦਮੀ ਪਾਰਟੀ, ਅਰੁਣ ਸਰਮਾ ਬਲਾਕ ਪ੍ਰਧਾਨ, ਅਮਨ ਰਮਨ ਆਮ ਆਦਮੀ ਪਾਰਟੀ , ਮਦਨ, ਅਵਤਾਰ, ਗੁਰਤੇਜ, ਸੰਜੀਵ ਸਰਮਾ, ਅਮਰਜੀਤ ਸਿੰਘ, ਅਸਵਨੀ ਕੁਮਾਰ, ਰਜਨੀ ਪਠਾਨਿਆ, ਸੀਮਾ ਪਠਾਨਿਆ, ਪੂਜਾ ਪਠਾਨਿਆ, ਅਮ੍ਰਿਤਪਾਲ ਕੌਰ, ਰਣਜੀਤ ਸਿੰਘ, ਸੁਰਿੰਦਰ ਕੌਰ, ਗੌਤਮ ਸਰਮਾ, ਭਾਰਤ ਭੁਸਣ ਅਤੇ ਹੋਰ ਅਧਿਕਾਰੀ ਕਰਮਚਾਰੀ ਵੀ ਹਾਜਰ ਸਨ।

ਜਿਕਰਯੋਗ ਹੈ ਕਿ ਜਿਲ੍ਹਾ ਪਠਾਨਕੋਟ ਵਿਖੇ ਜਿਲ੍ਹਾ ਖੇਡ ਅਫਸਰ ਸ੍ਰੀ ਲਵਜੀਤ ਸਿੰਘ ਜੀ ਦੀ ਪ੍ਰਧਾਨਗੀ ਵਿੱਚ ਅਤੇ ਸ੍ਰੀ ਅਰੁਣ ਸਰਮਾ ਜਿਲ੍ਹਾ ਸਪੋਰਟਸ ਕੋਆਰਡੀਨੇਟਰ (ਸਿੱਖਿਆ ਵਿਭਾਗ) ਜੀ ਦੇ ਸਹਿਯੋਗ ਨਾਲ ਬਲਾਕ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਕਰਵਾਈਆਂ ਜਾ ਰਹੀਆਂ ਹਨ।



ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀ ਵਿਭੂਤੀ ਸਰਮਾ ਚੇਅਰਮੈਨ ਪੰਜਾਬ ਟੂਰਿਜਮ ਡਿਵੈਲਪਮੈਂਟ ਕਾਰਪੋਰੇਸਨ ਪੰਜਾਬ ਨੇ ਕਿਹਾ ਕਿ ਅੱਜ ਜਿਲ੍ਹਾ ਪਠਾਨਕੋਟ ਵਿੱਚ ਅੱਜ ਬਲਾਕ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਦੀ ਸੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਵੱਲੋਂ 29 ਅਗਸਤ ਨੂੰ ਖੇਡਾਂ ਵਤਨ ਪੰਜਾਬ ਦੀਆਂ ਦਾ ਸੁਭਅਰੰਭ ਕੀਤਾ ਗਿਆ ਸੀ। ਸਭ ਤੋਂ ਪਹਿਲਾ ਬਲਾਕ ਪੱਧਰੀ ਅਤੇ ਜਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਜਾਣਗੀਆ। ਇਨ੍ਹਾਂ ਖੇਡਾਂ ਵਿੱਚੋਂ ਜੇਤੂ ਖਿਡਾਰੀਆਂ ਨੂੰ ਫਿਰ ਸੂਬਾ ਪੱਧਰੀ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਿੱਸਾ ਲੈਣ ਦਾ ਮੋਕਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਪੰਜਾਬ ਲਈ ਬਹੁਤ ਮਾਣ ਦੀ ਗੱਲ ਹੈ ਕਿ ਨੋਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ ਤਾਂ ਜੋ ਨੋਜਵਾਨਾਂ ਦਾ ਭਵਿੱਖ ਵਧੀਆ ਹੋ ਸਕੇ। ਉਨ੍ਹਾਂ ਕਿਹਾ ਕਿ ਨੋਜਵਾਨਾਂ ਨੂੰ ਚੰਗੀ ਸਿਹਤ ਦੇਣ ਦੇ ਉਦੇਸ ਨਾਲ ਖੇਡਾਂ ਵਤਨ ਪੰਜਾਬ ਦੀਆਂ ਦੀ ਸੁਰੂਆਤ ਕੀਤੀ ਗਈ ਸੀ ਅਤੇ ਬੱਚਿਆਂ ਵਿੱਚ ਵੀ ਕਾਫੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ।

ਸ੍ਰੀ ਲਵਜੀਤ ਸਿੰਘ ਜਿਲ੍ਹਾ ਖੇਡ ਅਫਸਰ ਪਠਾਨਕੋਟ ਨੇ ਕਿਹਾ ਕਿ ਅੱਜ ਜਿਲ੍ਹਾ ਪਠਾਨਕੋਟ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਦੀ ਸੁਰੂਆਤ ਹੋਈ ਹੈ ਬਲਾਕ ਪਠਾਨਕੋਟ ਅਤੇ ਬਲਾਕ ਬਮਿਆਲ ਵਿਖੇ ਕਬੱਡੀ, ਫੁੱਟਬਾਲ, ਖੋ-ਖੋ, ਵਾਲੀਬਾਲ ਅਤੇ ਐਥਲੀਟ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਟੀਮ ਗੇਮਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ 5 ਸਤੰਬਰ ਨੂੰ ਐਥਲੀਟ ਦੇ ਮੁਕਾਬਲੇ ਕਰਵਾਏ ਜਾਣਗੇ।

ਉਨ੍ਹਾਂ ਕਿਹਾ ਕਿ ਮੈਂ ਵੱਧ ਤੋਂ ਵੱਧ ਬੱਚਿਆਂ ਨੂੰ ਅਪੀਲ ਕਰਦਾ ਹਾਂ ਕਿ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਭਾਗ ਲੈਣ ਤਾਂ ਜੋ ਬਲਾਕ ਪੱਧਰੀ ਖੇਡਾਂ ਤੋਂ ਬਾਅਦ ਜਿਲ੍ਹਾ ਪੱਧਰੀ ਅਤੇ ਸੂਬਾ ਪੱਧਰੀ ਖੇਡਾਂ ਵਿੱਚ ਭਾਗ ਲੈ ਕੇ ਜਿੱਤ ਕੇ ਜਿਲ੍ਹਾ ਪਠਾਨਕੋਟ ਦਾ ਨਾਮ ਰੋਸਨ ਕਰਨਗੇ। ਉਨ੍ਹਾਂ ਕਿਹਾ ਕਿ ਸੂਬਾ ਪੱਧਰੀ ਖੇਡਾਂ ਵਿੱਚ ਨਕਦ ਰਾਸੀ ਦੇ ਇਨਾਮ ਵੀ ਰੱਖੇ ਗਏ ਹਨ , ਸਾਰੇ ਖਿਡਾਰੀਆਂ ਨੂੰ ਚਾਹੀਦਾ ਹੈ ਕਿ ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈ ਕੇ ਭਵਿੱਖ ਨੂੰ ਉੱਜਬਲ ਕਰਨ।

# ਪੈਟਰੋਲ ਪੰਪ ਦੇ ਕਰਿੰਦੇ ਨੂੰ ਲੁੱਟਣ ਵਾਲੇ ਸੱਤ ਮੁਲਜ਼ਮ ਨਗਦੀ ਸਣੇ ਗ੍ਰਿਫ਼ਤਾਰ

## ਬਠਿੰਡਾ ਪੁਲੀਸ ਨੂੰ ਕੁਝ ਘੰਟਿਆਂ ਵਿੱਚ ਮਿਲੀ ਸਫ਼ਲਤਾ; ਮੁਲਜ਼ਮਾਂ ਕੋਲੋਂ ਮੋਟਰਸਾਈਕਲ ਤੇ ਰਾਡਾਂ ਤੇ ਹਥੌੜਾ ਬਰਾਮਦ

**ਬਠਿੰਡਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੈਟਰੋਲ ਪੰਪ ਦੇ ਕਰਿੰਦੇ ਕੋਲੋਂ ਕੱਲ੍ਹ 5 ਲੱਖ ਰੁਪਏ ਦੀ ਨਗਦੀ ਖੋਹ ਕੇ ਫ਼ਰਾਰ ਹੋਣ ਵਾਲੇ ਕਥਿਤ ਗਰੋਹ ਦੇ 7 ਮੈਂਬਰਾਂ ਨੂੰ ਬਠਿੰਡਾ ਪੁਲੀਸ ਨੇ ਕੁਝ ਘੰਟਿਆਂ ਬਾਅਦ ਗ੍ਰਿਫ਼ਤਾਰ ਕਰ ਲਿਆ ਹੈ। ਇਹ ਖੁਲਾਸਾ ਐੱਸਐੱਸਪੀ ਬਠਿੰਡਾ ਅਮਨੀਤ ਕੌਂਡਲ ਨੇ ਅੱਜ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲੁਟੇਰਿਆਂ ਕੋਲੋਂ ਪੰਜ ਲੱਖ ਦੀ ਨਗਦੀ ਸਮੇਤ ਵਾਰਦਾਤ ਸਮੇਂ ਵਰਤੇ ਗਏ 4 ਲੋਹੇ ਦੇ ਰਾਡ, ਇੱਕ ਹਥੌੜਾ ਅਤੇ 3 ਮੋਟਰਸਾਈਕਲ ਵੀ ਬਰਾਮਦ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਸਾਰੇ ਮੁਲਜ਼ਮ ਬਠਿੰਡਾ ਜ਼ਿਲ੍ਹੇ ਦੇ ਹੀ ਰਹਿਣ ਵਾਲੇ ਹਨ ਜਿਨ੍ਹਾਂ ਦੀ ਪਛਾਣ ਜਸਵੀਰ ਸਿੰਘ ਉਰਫ਼ ਜੱਸਾ ਵਾਸੀ ਜੋਧਪੁਰ ਰੋਮਾਣਾ, ਅਜੈਬ ਸਿੰਘ ਉਰਫ ਬਿੱਲਾ ਵਾਸੀ ਚੱਕ ਰਲਦੂ ਸਿੰਘ ਵਾਲਾ, ਅਵਤਾਰ ਸਿੰਘ ਉਰਫ ਮੋਟਾ ਵਾਸੀ ਗਹਿਰੀ ਬੁੱਟਰ, ਸੁਖਵੀਰ ਸਿੰਘ ਉਰਫ ਬੰਟੀ ਵਾਸੀ ਫੂਸ ਮੰਡੀ, ਜਗਜੀਤ ਸਿੰਘ ਉਰਫ ਜੱਗਾ ਵਾਸੀ ਫੂਸ ਮੰਡੀ, ਬੌਬੀ ਸਿੰਘ ਵਾਸੀ ਚੱਕ ਰਲਦੂ ਸਿੰਘ ਵਾਲਾ, ਨਗਵੀਰ ਸਿੰਘ ਉਰਫ ਨਵੀ ਵਾਸੀ ਗਹਿਰੀ ਬੁੱਟਰ ਵਜੋਂ ਹੋਈ ਹੈ।ਜ਼ਿਲ੍ਹਾ ਪੁਲੀਸ ਮੁਖੀ ਨੇ ਦੱਸਿਆ ਕਿ ਵਾਰਦਾਤ ਨੂੰ ਅੰਜਾਮ ਦੇਣ ਵਾਲਾ ਮੁੱਖ ਮੁਲਜ਼ਮ ਜਸਵੀਰ ਸਿੰਘ ਉਰਫ ਜੱਸਾ ਪੈਟਰੋਲ ਪੰਪ 'ਤੇ ਮੌਜੂਦ ਸੀ ਅਤੇ ਉਸ ਨੇ ਕਰਿੰਦੇ ਨੂੰ ਨਗਦੀ ਲਿਜਾਂਦਿਆਂ ਵੇਖ ਲਿਆ। ਜੱਸੇ ਨੇ ਆਪਣੇ ਦੋਸਤ ਅਜੈਬ ਸਿੰਘ ਉਰਫ ਬਿੱਲਾ ਨੂੰ ਵ੍ਹੱਟਸਐਪ ਮੈਸੇਜ/ਕਾਲ ਰਾਹੀਂ ਪੈਟਰੋਲ ਪੰਪ ਦੇ ਕੈਸ਼ੀਅਰ ਦੇ ਜਾਣ ਦੀ ਸੂਚਨਾ ਦਿੱਤੀ।


ਬਠਿੰਡਾ ਵਿਚ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਐੱਸਐੱਸਪੀ ਅਮਨੀਤ ਕੌਂਡਲ।

ਇਸ ਤੋਂ ਬਾਅਦ ਅਜੈਬ ਨੇ ਆਪਣੇ ਦੋਸਤਾਂ ਨੂੰ ਬੁਲਾ ਕੇ ਪੈਟਰੋਲ ਪੰਪ ਦੇ ਕਰਿੰਦੇ ਨੂੰ ਰਸਤੇ ਵਿੱਚ ਘੇਰ ਕੇ ਉਸ ਕੋਲੋਂ 5 ਲੱਖ ਰੁਪਏ ਦੀ ਨਗਦੀ ਖੋਹ ਲਈ ਅਤੇ ਫਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਪੁਲੀਸ ਵੱਲੋਂ ਕੀਤੀ ਮੁੱਢਲੀ ਪੁੱਛ-ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਮੁਲਜ਼ਮਾਂ ਵੱਲੋਂ ਇਸ ਵਾਰਦਾਤ ਨੂੰ ਪਹਿਲਾਂ ਰੱਖੜੀ ਵਾਲੇ ਦਿਨ ਅੰਜਾਮ ਦੇਣਾ ਸੀ ਪਰ ਉਹ ਅਸਫ਼ਲ ਰਹੇ। ਜ਼ਿਲ੍ਹਾ ਪੁਲੀਸ ਕਪਤਾਨ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲੀਸ ਰਿਮਾਂਡ ਹਾਸਲ ਕੀਤਾ ਜਾਵੇਗਾ, ਜਿਸ ਤੋਂ ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ। ਜ਼ਿਕਰਯੋਗ ਹੈ ਕਿ ਲੰਘੇ ਸੋਮਵਾਰ ਜੋਧਪੁਰ ਰੋਮਾਣਾ ਅਤੇ ਜੱਸੀ ਪੌ ਵਾਲੀ ਪਿੰਡਾਂ ਵਿਚਕਾਰਲੇ ਰਸਤੇ 'ਚ ਰੇਲਵੇ ਫਾਟਕ ਨੇੜਿਓਂ ਪੰਜ ਨਕਾਬਪੋਸ਼ ਮੋਟਰਸਾਈਕਲ ਲੁਟੇਰਿਆਂ ਵੱਲੋਂ ਰਿਲਾਇੰਸ ਪੰਪ ਦੇ ਕਾਰਿੰਦੇ ਤਰਜਿੰਦਰ ਸਿੰਘ ਤੋਂ ਪੰਜ ਲੱਖ ਰੁਪਏ ਖੋਹ ਲਏ ਗਏ ਸਨ। ਇਸ ਸਬੰਧ 'ਚ ਪੁਲੀਸ ਵੱਲੋਂ ਥਾਣਾ ਸਦਰ ਬਠਿੰਡਾ ਵਿੱਚ ਕੇਸ ਦਰਜ ਕੀਤਾ ਗਿਆ ਸੀ।

# ਮੁੱਖ ਮੰਤਰੀ ਵੱਲੋਂ ਨਾਇਕ ਕੁਲਦੀਪ ਸਿੰਘ ਦੀ ਸ਼ਹਾਦਤ 'ਤੇ ਦੁੱਖ ਦਾ ਪ੍ਰਗਟਾਵਾ

**ਚੰਡੀਗੜ੍ਹ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਨਾਇਕ ਕੁਲਦੀਪ ਸਿੰਘ ਦੀ ਸ਼ਹਾਦਤ ਉਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਜੋ ਜੰਮੂ ਕਸ਼ਮੀਰ ਵਿੱਚ ਆਪਣੀ ਡਿਊਟੀ ਦੌਰਾਨ ਜਾਨ ਨਿਛਾਵਰ ਕਰ ਗਏ।




ਮੁੱਖ ਮੰਤਰੀ ਨੇ ਕਿਹਾ ਕਿ ਨਾਇਕ ਕੁਲਦੀਪ ਸਿੰਘ ਨੇ ਜੰਮੂ ਕਸ਼ਮੀਰ ਵਿਖੇ ਡਿਊਟੀ ਨਿਭਾਉਂਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੁੱਖ ਦੀ ਇਸ ਘੜੀ ਵਿੱਚ ਪਰਿਵਾਰ ਨਾਲ ਖੜ੍ਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਬਹਾਦਰ ਸਪੂਤ ਦੀ ਮਹਾਨ ਕੁਰਬਾਨੀ ਨੌਜਵਾਨ ਪੀੜ੍ਹੀ ਨੂੰ ਦੇਸ਼ ਲਈ ਮਰ-ਮਿਟਣ ਲਈ ਪ੍ਰੇਰਿਤ ਕਰਦੀ ਰਹੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਬਹਾਦਰ ਸੈਨਿਕਾਂ ਦੇ ਪਰਿਵਾਰਾਂ ਦੀ ਮਦਦ ਲਈ ਵਚਨਬੱਧ ਹੈ ਜਿਨ੍ਹਾਂ ਨੇ ਮਾਤ-ਭੂਮੀ ਦੀ ਖਾਤਰ ਜਾਨ ਕੁਰਬਾਨ ਕਰ ਦਿੱਤੀ। ਉਨ੍ਹਾਂ ਕਿਹਾ ਕਿ ਸ਼ਹੀਦ ਦੇ ਪਰਿਵਾਰ ਨੂੰ ਹਰੇਕ ਕਿਸਮ ਦੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ ਤਾਂ ਕਿ ਹਥਿਆਰਬੰਦ ਸੈਨਾਵਾਂ, ਨੀਮ ਫੌਜ ਬਲਾਂ ਅਤੇ ਪੁਲਿਸ ਦੇ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਇਆ ਜਾ ਸਕੇ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਸੂਬਾ ਸਰਕਾਰ ਦੇ ਇਸ ਨਿਮਾਣੇ ਜਿਹੇ ਉਪਰਾਲੇ ਨਾਲ ਜਿੱਥੇ ਪੀੜਤ ਪਰਿਵਾਰ ਨੂੰ ਮਦਦ ਮਿਲੇਗੀ, ਉਥੇ ਹੀ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਹੋਵੇਗਾ।

# ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸੈਮੀਨਾਰ


ਵਿਦਵਾਨਾਂ ਦਾ ਸਨਮਾਨ ਕਰਦੇ ਹੋਏ ਵਿਭਾਗ ਦੇ ਮੁਖੀ ਡਾ. ਗੁਰਮੇਲ ਸਿੰਘ ਤੇ ਹੋਰ।

**ਪਟਿਆਲਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਵਿੱਚ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿੱਚ ਸਥਾਪਤ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਵਿਸ਼ਵ ਸ਼ਾਂਤੀ ਵਿਸ਼ੇ 'ਤੇ ਕਰਵਾਇਆ ਗਿਆ। ਸੈਮੀਨਾਰ ਦਾ ਪ੍ਰਧਾਨਗੀ ਭਾਸ਼ਣ ਚੇਅਰ ਦੇ ਪ੍ਰੋਫ਼ੈਸਰ ਇੰਚਾਰਜ ਡਾ. ਗੁਰਮੀਤ ਸਿੰਘ ਸਿੱਧੂ ਵੱਲੋਂ ਦਿੱਤਾ ਗਿਆ।

ਉਨ੍ਹਾਂ ਆਪਣੇ ਪ੍ਰਧਾਨਗੀ ਭਾਸ਼ਣ ਵਿਚ ਕਿਹਾ ਕਿ ਜਿਹੜੀਆਂ ਕੌਮਾਂ ਸ਼ਹਾਦਤਾਂ ਨੂੰ ਸਬਰ, ਸੰਤੋਖ ਅਤੇ ਪਰਮਾਤਮਾ ਦੇ ਭਾਣੇ ਅਨੁਸਾਰ ਸਵੀਕਾਰ ਕਰਦੀਆਂ ਹਨ ਉਨ੍ਹਾਂ ਕੌਮਾਂ ਦੀਆਂ ਪੀੜ੍ਹੀਆਂ ਨੂੰ ਸਰਕਾਰਾਂ ਵਲੋਂ ਅਤਿਵਾਦੀ ਕਹਿਣਾ ਨੈਤਿਕ ਪੱਖੋਂ ਸਹੀ ਨਹੀਂ ਜਾਪਦਾ। ਸੈਮੀਨਾਰ ਦੀ ਸ਼ੁਰੂਆਤ ਯੂਨੀਵਰਸਿਟੀ ਧੁਨੀ ਨਾਲ ਹੋਈ ਜਿਸ ਉਪਰੰਤ ਮੰਚ ਸੰਚਾਲਕ ਡਾ. ਪਰਦੀਪ ਕੌਰ (ਰਿਸਰਚ ਐਸੋਸੀਏਟ) ਨੇ ਗੁਰੂ ਗੋਬਿੰਦ ਸਿੰਘ ਚੇਅਰ ਅਤੇ ਇਸ ਸੈਮੀਨਾਰ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੱਤੀ। ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਗੁਰਮੇਲ ਸਿੰਘ ਨੇ ਇਸ ਪ੍ਰਕਾਸ਼ ਪੁਰਬ ਦੀ ਮਹਾਨਤਾ ਬਿਆਨਦੇ ਹੋਏ ਉਸ ਸਮੇਂ ਦੀ ਸਥਿਤੀ ਅਤੇ ਅਨੁਭਵ ਬਾਰੇ ਵਿਚਾਰ ਸਾਂਝੇ ਕੀਤੇ। ਯੂਨੀਵਰਸਿਟੀ ਕਾਲਜ, ਮੀਰਾਂਪੁਰ ਤੋਂ ਡਾ. ਤੇਜਿੰਦਰ ਪਾਲ ਸਿੰਘ ਨੇ ਆਪਣੇ ਪਰਚੇ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨਾਲ ਸਬੰਧਤ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਗੁਰੂ ਸਾਹਿਬ ਦੀ ਬਾਣੀ ਹਨੇਰ ਰੂਪੀ ਮਨ ਵਿਚ ਚਾਨਣ ਪੈਦਾ ਕਰਦੀ ਹੈ। ਖਾਲਸਾ ਕਾਲਜ ਪਟਿਆਲਾ ਤੋਂ ਡਾ. ਗੁਰਵੀਰ ਸਿੰਘ ਨੇ ਆਪਣੇ ਖੋਜ ਪਰਚੇ ਵਿਚ ਵਿਸ਼ਵ ਸ਼ਾਂਤੀ ਦੀ ਗੱਲ ਕੀਤੀ। ਸੈਮੀਨਾਰ ਵਿਚ ਵਿਭਾਗ ਦੇ ਅਧਿਆਪਕ ਡਾ. ਤੇਜਿੰਦਰ ਕੌਰ ਧਾਲੀਵਾਲ, ਡਾ. ਰੁਪਿੰਦਰ ਕੌਰ ਅਤੇ ਵਿਭਾਗ ਦੇ ਖੋਜਾਰਥੀ ਅਤੇ ਵਿਦਿਆਰਥੀ ਸ਼ਾਮਲ ਹੋਏ।

# ਕਾਂਗਰਸ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਮੁਹਿੰਮ ਸ਼ੁਰੂ

**ਪਾਤੜਾਂ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਵਾਅਦਿਆਂ 'ਤੇ ਖਰਾ ਨਾ ਉਤਰਨ ਦੇ ਰੋਸ ਵਜੋਂ ਕਾਂਗਰਸ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੀ ਲੜੀ ਤਹਿਤ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਦੀ ਅਗਵਾਈ ਹੇਠ ਪਿੰਡਾਂ ਵਿੱਚ ਮੁਹਿੰਮ ਸ਼ੁਰੂ ਕੀਤੀ ਹੈ। ਕਾਂਗਰਸ ਆਗੂਆਂ ਦੀ ਟੀਮ ਨੇ ਪਿੰਡਾਂ ਵਿੱਚ ਜਾ ਕੇ ਸਰਵੇ ਕਰਨ ਦੇ ਨਾਲ ਨਾਲ ਲੋਕਾਂ ਨੂੰ ਸਰਕਾਰ ਦੀਆਂ ਵਾਅਦਾ ਖਿਲਾਫੀਆਂ ਵਿਰੁੱਧ ਜਾਗਰੂਕ ਕੀਤਾ। ਕਾਂਗਰਸ ਦੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਣਵਾਲਾ ਵਾਲਾ ਨੇ ਕਿਹਾ ਹੈ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਵਿੱਚੋਂ 600 ਯੂਨਿਟ ਬਿਜਲੀ ਮੁਆਫ਼ੀ ਤੋਂ ਬਗੈਰ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ।


ਮੀਡੀਆ ਨੂੰ ਸੰਬੋਧਨ ਕਰਦੇ ਹੋਏ ਕਾਂਗਰਸੀ ਆਗੂ।

ਹਲਕੇ ਵਿੱਚ ਲਿੰਕ ਸੜਕਾਂ ਦੀ ਹਾਲਤ ਖਸਤਾ ਹੈ। ਟੁੱਟੀਆਂ ਸੜਕਾਂ ਕਾਰਨ ਲੋਕਾਂ ਨੂੰ ਲੰਘਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਦਲੇਰ ਸਿੰਘ ਹਰਿਆਊ, ਸਾਬਕਾ ਸਰਪੰਚ ਮੋਹਰ ਸਿੰਘ ਜਿਉਣਪੁਰਾ, ਨਿਰਮਲ ਸਿੰਘ ਪੰਨੂ ਤੇ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਰਕੇਸ਼ ਕੁਮਾਰ ਹੈਪੀ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੂੰ ਤਾਇਕਵਾਂਡੋ ਖਿਡਾਰੀ ਖੁਸ਼ਪ੍ਰੀਤ ਦੀ ਬਾਂਹ ਫੜਨ ਦੀ ਅਪੀਲ

**ਰਾਜਪੁਰਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਪੁਰਾ ਦਾ ਵਸਨੀਕ ਤਾਇਕਵਾਂਡੋ ਖਿਡਾਰੀ 13 ਸਾਲਾ ਖੁਸ਼ਪ੍ਰੀਤ ਸਿੰਘ ਪੁੱਤਰ ਨਿਰਮਲ ਸਿੰਘ ਗ਼ਰੀਬੀ ਕਾਰਨ ਖੇਡ 'ਚ ਪੱਛੜਨ ਕਾਰਨ ਚਿੰਤਾ ਵਿਚ ਹੈ। ਖੁਸ਼ਪ੍ਰੀਤ ਸਿੰਘ ਦੀ ਮਾਤਾ ਨੇ ਦੱਸਿਆ ਕਿ ਖੁਸ਼ਪ੍ਰੀਤ ਛੇਵੀਂ ਜਮਾਤ ਦਾ ਵਿਦਿਆਰਥੀ ਹੈ। ਉਸ ਦਾ ਪਿਤਾ ਦਿਹਾੜੀ ਕਰਕੇ ਪਰਿਵਾਰ ਦਾ ਗੁਜ਼ਾਰਾ ਚਲਾਉਂਦਾ ਹੈ। ਉਨ੍ਹਾਂ ਦੱਸਿਆ ਕਿ ਖੁਸ਼ਪ੍ਰੀਤ ਸਿੰਘ ਤਾਇਕਵਾਂਡੋ ਦਾ ਇਕ ਬਿਹਤਰ ਖਿਡਾਰੀ ਹੈ ਜਿਸ ਨੇ ਕਈ ਸੋਨ ਅਤੇ ਕਾਂਸੇ ਦੇ ਤਗ਼ਮੇ ਜਿੱਤੇ ਹਨ। ਨੈਸ਼ਨਲ ਪੱਧਰ ਤੱਕ ਆਪਣੀ ਖੇਡ ਦਾ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਤਗ਼ਮਾ ਵੀ ਜਿੱਤਿਆ ਹੈ। ਹੁਣ ਉਸ ਨੇ ਕੌਮਾਂਤਰੀ ਮੁਕਾਬਲਿਆਂ ਦੀ ਤਿਆਰੀ ਕਰਨੀ ਹੈ ਪਰ ਇਸ ਲਈ ਨਾ ਤਾਂ ਉਨ੍ਹਾਂ ਕੋਲ ਖੁਸ਼ਪ੍ਰੀਤ ਨੂੰ ਦੇਣ ਲਈ ਚੰਗੀ ਖੁਰਾਕ ਹੈ ਅਤੇ ਨਾ ਹੀ ਸਿਖਲਾਈ ਕੇਂਦਰ। ਇਸ ਲਈ ਉਨ੍ਹਾਂ ਦਾ ਪੁੱਤਰ ਚਿੰਤਾ ਵਿਚ ਰਹਿੰਦਾ ਹੈ। ਉਨ੍ਹਾਂ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਹੋਣਹਾਰ ਖੁਸ਼ਪ੍ਰੀਤ ਸਿੰਘ ਦੀ ਵਿੱਤੀ ਮਦਦ ਕੀਤੀ ਜਾਵੇ।



# ਖੇਡਾਂ ਵਤਨ ਪੰਜਾਬ ਦੀਆਂ 2024-ਸੀਜ਼ਨ 3 ਤਹਿਤ ਮਲਟੀਪਰਪਜ ਸਪੋਰਟਸ ਪੱਟੀ ਵਿਖੇ ਕਰਵਾਏ ਗਏ



**ਤਰਨ ਤਾਰਨ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ 2024-ਸੀਜ਼ਨ 3 ਤਹਿਤ ਅੱਜ ਬਲਾਕ ਪੱਟੀ ਦੇ ਖੇਡ ਮੁਕਾਬਲੇ ਮਲਟੀਪਰਪਜ ਸਪੋਰਟਸ ਪੱਟੀ ਵਿਖੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਤਰਨ ਤਾਰਨ ਸ਼੍ਰੀਮਤੀ ਸਤੰਵਤ ਕੌਰ ਨੇ ਦੱਸਿਆ ਕਿ ਅੱਜ ਦੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਦੌਰਾਨ ਐਥਲੈਟਿਕਸ (100 ਮੀਟਰ) ਈਵੈਂਟ ਅੰਡਰ-17 ਵਿੱਚ ਰਮਨਦੀਪ ਕੌਰ ਪਹਿਲਾ ਸਥਾਨ, ਸੋਨੀਆ ਦੂਸਰਾ ਸਥਾਨ, ਨਿਮਰਤਜੋਤ ਕੌਰ ਤੀਜਾ ਸਥਾਨ, (200 ਮੀਟਰ) ਵਿੱਚ ਜਸਦੀਪ ਕੌਰ ਪਹਿਲਾ ਸਥਾਨ, ਰਮਨਦੀਪ ਕੋਰ ਦੂਸਰਾ, ਜਸਪ੍ਰੀਤ ਕੌਰ ਤੀਸਰਾ ਸਥਾਨ, (400 ਮੀਟਰ) ਵਿੱਚ ਜਸਦੀਪ ਕੌਰ ਪਹਿਲਾ, ਸੋਨੀਆ ਦੂਸਰਾ, ਮਨਜੋਤ ਤੀਸਰਾ ਸਥਾਨ ਅਤੇ (800 ਮੀਟਰ) ਵਿੱਚ ਸੁਖਮਨਪ੍ਰੀਤ ਕੋਰ ਪਹਿਲਾ ਸਥਾਨ ਹਾਸਿਲ ਕੀਤਾ।ਇਸ ਤੋਂ ਇਲਾਵਾ ਅੰਡਰ-21 ਵਿੱਚ 400 ਮੀਟਰ ਅਨਮੋਲਪ੍ਰੀਤ ਸਿੰਘ ਪਹਿਲਾ ਸਥਾਨ, ਅੰਮ੍ਰਿਤਪਾਲ ਸਿੰਘ ਦੂਸਰਾ, ਅਰਸ਼ਦੀਪ ਸਿੰਘ ਤੀਸਰਾ ਸਥਾਨ ਅਤੇ ਅੰਡਰ-21 ਲੜਕੀਆਂ 400 ਮੀਟਰ ਵਿੱਚ ਹਰਮੀਤ ਕੌਰ ਪਹਿਲਾ, ਜਸਪ੍ਰੀਤ ਕੌਰ ਦੂਸਰਾ ਹਾਸਲ ਕੀਤਾ।ਇਸ ਤੋਂ ਇਲਾਵਾ 5000 ਮੀਟਰ ਦੌੜ ਵਿੱਚ ਜਸ਼ਨਦੀਪ ਸਿੰਘ ਪਹਿਲਾ, ਗੁਰਬਾਜ ਸਿੰਘ ਦੂਸਰਾ ਸਥਾਨ, 200 ਮੀਟਰ ਵਿੱਚ ਹਰਮੀਤ ਕੌਰ ਪਹਿਲਾ, ਸੁਖਮਨਦੀਪ ਕੌਰ ਦੂਸਰਾ, ਜਸਮੀਨ ਕੌਰ ਤੀਸਰਾ ਸਥਾਨ ਹਾਸਿਲ ਕੀਤਾ ਅਤੇ 200 ਮੀਟਰ ਵਿੱਚ ਪਹਿਲਾ ਅਨਮੋਲਪ੍ਰੀਤ, ਧਨੀ ਨੇ ਦੂਸਰਾ ਸਥਾਨ, ਲਵਨ ਨੇ ਤੀਸਰਾ ਸਥਾਨ ਹਾਸਿਲ ਕੀਤਾ।ਇਸ ਤੋਂ ਇਲਾਵਾ 800 ਮੀਟਰ ਵਿੱਚ ਅਕਾਸ਼ਦੀਪ ਸਿੰਘ ਪਹਿਲਾ, ਲਖਨ ਨੇ ਦੂਸਰਾ, ਅਭੇਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ।ਉਹਨਾਂ ਦੱਸਿਆ ਕਿ 800 ਮੀਟਰ ਲੜਕੀਆਂ ਵਿੱਚ ਜਸਪ੍ਰੀਤ ਕੌਰ ਨੇ ਪਹਿਲਾ, ਰਸਮਪ੍ਰੀਤ ਕੌਰ ਨੇ ਦੂਸਰਾ, ਅੰਡਰ 21 (100 ਮੀਟਰ ) ਲਵਨ ਪਹਿਲਾ ਸਥਾਨ, ਧਨੀ ਦੂਸਰਾ ਸਥਾਨ, 100 ਮੀਟਰ ਵਿੱਚ ਹਰਮੀਤ ਕੌਰ ਪਹਿਲਾ, ਰਮਨਦੀਪ ਕੌਰ ਦੂਸਰਾ, 1500 ਮੀਟਰ ਵਿੱਚ ਰਮਨਬੀਰ ਕੌਰ ਪਹਿਲਾ, ਗੁਰਪ੍ਰੀਤ ਸਿੰਘ ਪਹਿਲਾ ਸਥਾਨ, ਜਗਰੂਪ ਸਿੰਘ ਦੂਸਰਾ, ਅਭੇਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ।ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਖੋਹ-ਖੋਹ ਲੜਕੀਆਂ ਵਿੱਚ ਅੰਡਰ 14 ਵਿੱਚ ਕੈਰੋ ਪਹਿਲਾ, ਸਰਕਾਰੀ ਹਾਈ ਸਕੂਲ ਸੈਦਪੁਰ ਨੇ ਦੂਸਰਾ ਸਥਾਨ ਹਾਸਿਲ ਕੀਤਾ- ਇਸ ਤੋਂ ਇਲਾਵਾ ਅੰਡਰ-14 ਲੜਕੀਆਂ ਕੈਰੋ ਪਹਿਲਾ, ਬਾਮਣੀ ਵਾਲਾ ਦੂਸਰਾ ਸਥਾਨ, ਅੰਡਰ-17 ਲੜਕੀਆਂ ਹਰਕ੍ਰਿਸ਼ਨ ਸਕੂਲ ਪਹਿਲਾ, ਅੰਡਰ-21 ਲੜਕੀਆਂ ਸਭਰਾ ਪਹਿਲਾ, ਹਰਕ੍ਰਿਸ਼ਨ ਸਕੂਲ ਪੱਟੀ ਦੂਸਰਾ ਸਥਾਨ। ਇਸ ਤੋਂ ਇਲਾਵਾ ਅੰਡਰ-21 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੀਕੇ ਨੇ ਪਹਿਲਾ ਸਥਾਨ ਹਾਸਿਲ ਕੀਤਾ।

# ਪ੍ਰੈਗਾਬਾਲਿਨ ਕੈਪਸੂਲ ਦੀ ਦੁਰਵਰਤੋਂ ਨੂੰ ਰੋਕਣ ਲਈ ਹੁਕਮ ਜਾਰੀ

**ਤਰਨ ਤਾਰਨ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ ਤਰਨ ਤਾਰਨ ਸ੍ਰੀ ਸੰਦੀਪ ਕੁਮਾਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਅਤੇ ਸੀਨੀਅਰ ਪੁਲਿਸ ਕਪਤਾਨ ਦੀ ਮੰਗ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਦੀ ਹਦੂਦ ਅੰਦਰ ਪ੍ਰੈਗਾਬਾਲਿਨ ਕੈਪਸੂਲ ਨੂੰ ਬਿਨ੍ਹਾਂ ਲਾਇਸੈਂਸ ਰੱਖਣ, ਮਨਜ਼ੂਰਸ਼ੁਦਾ ਮਾਤਰਾ ਤੋਂ ਵੱਧ ਰੱਖਣ/ਵੇਚਣ, ਬਿਨਾਂ ਬਿੱਲ ਅਤੇ ਰਿਕਾਰਡ ਦੇ ਖਰੀਦਣ/ਵੇਚਣ 'ਤੇ ਰੋਕ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।

ਹੁਕਮਾਂ ਵਿਚ ਕਿਹਾ ਗਿਆ ਹੈ ਕਿ ਸੀਨੀਅਰ ਪੁਲਿਸ ਕਪਤਾਨ ਤਰਨ ਤਾਰਨ ਵਲੋਂ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਗਿਆ ਹੈ ਕਿ ਵੱਖ-ਵੱਖ ਖੁਫੀਆਂ ਰਿਪੋਰਟਾਂ ਤੋਂ ਅਤੇ ਡਰੱਗ



ਅਡਿਕਟ ਨਾਲ ਸੰਪਰਕ ਕਰਨ 'ਤੇ ਪਤਾ ਲੱਗਾ ਹੈ ਕਿ ਪ੍ਰੈਗਾਬਾਲਿਨ ਕੈਪਸੂਲ ਦੀ ਵਰਤੋਂ ਨਸ਼ੇ ਦੇ ਆਦਿ ਲੋਕਾਂ ਵਲੋਂ ਨਸ਼ਾ ਕਰਨ ਵਾਸਤੇ ਵੱਡੀ ਤਦਾਦ ਵਿਚ ਕੀਤੀ ਜਾ ਰਹੀ ਹੈ।

ਇਸ ਲਈ ਇਸ ਦੀ ਦੁਰਵਰਤੋਂ ਨੂੰ ਰੋਕਣ ਲਈ ਗੈਰ-ਕਾਨੂੰਨੀ ਵਿਕਰੀ 'ਤੇ ਰੋਕ ਲਾਉਣ ਦੇ ਹੁਕਮ ਜਾਰੀ ਕੀਤੇ ਗਏ ਹਨ।ਇਹ ਹੁਕਮ 01 ਨਵੰਬਰ, 2024 ਤੱਕ ਲਾਗੂ ਰਹਿਣਗੇ।

# ਕਿਸ਼ੋਰ ਅਵਸਥਾ ਦੇ ਮੱਦੇਨਜ਼ਰ ਵਰਕਸ਼ਾਪ ਆਯੋਜਿਤ

**ਬਠਿੰਡਾ 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਪੁਲਿਸ ਪਬਲਿਕ ਸਕੂਲ ਵਿਖੇ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕਿਸ਼ੋਰ ਅਵਸਥਾ ਦੇ ਮੱਦੇਨਜ਼ਰ ਵਰਕਸ਼ਾਪ ਦਾ ਆਯੋਜਿਤ ਕੀਤੀ ਗਈ। ਇਸ ਮੌਕੇ ਕਿਸ਼ੋਰ ਅਵਸਥਾ ਬਾਰੇ ਵਿਦਿਆਰਥੀਆਂ ਨਾਲ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ।

ਇਸ ਦੌਰਾਨ ਗਲੋਬਲ ਵੈਲਨੈਸ ਸੈਂਟਰ ਦੇ ਮੁਖੀ ਡਾ. ਮਮਤਾ ਨੇ ਆਪਣੇ ਸਹਿਯੋਗੀਆਂ ਨਾਲ ਪਹੁੰਚ ਕੇ ਕਿਸ਼ੋਰ ਅਵਸਥਾ ਦੌਰਾਨ ਮਾਨਸਿਕ ਤੇ ਸਰੀਰਕ ਬਦਲਾ ਮਹਿਸੂਸ ਹੋਣ ਕਰਕੇ ਆਈਆਂ ਚਣੌਤੀਆਂ ਦਾ ਕਿਵੇਂ ਸਾਹਮਣਾ ਕਰਨਾ ਹੈ, ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਪੁਲਿਸ ਪਬਲਿਕ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਸਮੂਹ ਟੀਮ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਜੋਕੇ ਸਮੇਂ 'ਚ ਮਾਨਸਿਕ ਤੇ ਸਰੀਰਕ ਪੱਖੋਂ ਸਿਹਤ ਦਾ ਕਿਸ ਤਰ੍ਹਾਂ



ਧਿਆਨ ਰੱਖਣਾ ਹੈ, ਬਾਰੇ ਵੀ ਸਕੂਲੀ ਵਿਦਿਆਰਥੀਆਂ ਨਾਲ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।

# ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਜਾਰੀ, ਬੀ.ਐਲ.ਓਜ ਵੱਲੋਂ ਐਪ ਰਾਹੀਂ ਕੀਤਾ ਜਾ ਰਿਹੈ ਘਰ-ਘਰ ਸਰਵੇ -ਜ਼ਿਲ੍ਹਾ ਚੋਣ ਅਫ਼ਸਰ

**ਮਲੇਰਕੋਟਲਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਯੋਗਤਾ ਮਿਤੀ 01.01.2025 ਦੇ ਅਧਾਰ 'ਤੇ ਫੋਟੋ ਵੋਟਰ ਸੂਚੀ ਦੀ ਵਿਸ਼ੇਸ਼ ਸਰਸਰੀ ਸੁਧਾਈ ਦੌਰਾਨ ਪ੍ਰੀ-ਰਵੀਜ਼ਨ ਗਤੀਵਿਧੀਆਂ ਤਹਿਤ ਬੂਥ ਲੈਵਲ ਅਫ਼ਸਰਾਂ ਵੱਲੋਂ ਲਗਾਤਾਰ ਘਰ-ਘਰ ਜਾ ਕੇ ਮੌਜੂਦਾ ਵੋਟਰ ਸੂਚੀ ਵਿੱਚ ਦਰਜ਼ ਵੋਟਰਾਂ ਦੀ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ ।



ਡਿਪਟੀ ਕਮਿਸ਼ਨਰ ਮਾਲੇਰਕੋਟਲਾ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ ਪੱਲਵੀ ਵਲੋਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੋਟਰ ਸੂਚੀ ਦਾ ਡੋਰ-ਟੂ-ਡੋਰ ਸਰਵੇ ਬੀ.ਐਲ.ਓ ਦੀ ਐਪ ਰਾਹੀਂ ਮਿਤੀ 20.09.2024 ਤੱਕ ਕੀਤਾ ਜਾ ਰਿਹਾ ਹੈ। ਇਸ ਸਰਵੇ ਦੌਰਾਨ ਬੀ.ਐਲ.ਓ ਵੱਲੋਂ ਹਰ ਇੱਕ ਵੋਟਰ ਦੇ ਘਰ ਜਾ ਕੇ ਵੋਟਰਾਂ ਦੀ ਵੈਰੀਫਿਕੇਸ਼ਨ ਕੀਤੀ ਜਾ ਰਹੀ ਹੈ ਇਸ ਦੌਰਾਨ ਨਵੀਆਂ ਵੋਟਾਂ, ਕੱਟਣਯੋਗ ਵੋਟਾਂ, ਸੁਧਾਈ ਵਾਲੀਆਂ ਵੋਟਾਂ ਲਈ ਫਾਰਮ ਵੀ ਭਰਵਾਏ ਜਾ ਰਹੇ ਹਨ। ਜੇਕਰ ਕੋਈ ਕਲੋਨੀ/ਮੁਹੱਲਾ ਨਵਾਂ ਹੋਂਦ ਵਿੱਚ ਆਇਆ ਹੈ ਤਾਂ ਬੂਥ ਲੈਵਲ ਅਫਸਰ ਵੱਲੋਂ ਉਸ ਏਰੀਆ ਦੀਆਂ ਵੋਟਾਂ ਵੀ ਬਣਾਈਆਂ ਜਾ ਰਹੀਆਂ ਹਨ। ਸੰਭਾਵੀ ਵੋਟਰ ਜਿਹਨਾਂ ਦੀ ਉਮਰ 17 ਸਾਲ ਹੈ ਅਤੇ ਜੋ ਮਿਤੀ 01.01.2025 ਨੂੰ 18 ਸਾਲ ਦੇ ਹੋਣ ਜਾ ਰਹੇ ਹਨ, ਦਾ ਡਾਟਾ ਵੀ ਬੂਥ ਲੈਵਲ ਅਫਸਰਾਂ ਵੱਲੋਂ ਇਕੱਠਾ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ਿਲ੍ਹੇ ਦੇ ਯੰਗ ਵੋਟਰਾਂ ਨੂੰ ਬੂਥ ਲੈਵਲ ਅਫ਼ਸਰਾਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਤਾਂ ਜੋ ਤਹਿ ਸਮੇਂ ਸੀਮਾਂ ਅਨੁਸਾਰ ਸਰਵੇ ਦਾ ਕੰਮ ਮੁਕੰਮਲ ਹੋ ਸਕੇ ।

ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਾਉਣ ਲਈ ਫ਼ਾਰਮ ਨੰ.6, ਵੋਟ ਕਟਵਾਉਣ ਲਈ ਫ਼ਾਰਮ ਨੰ.7 ਅਤੇ ਕਿਸੇ ਵੀ ਪ੍ਰਕਾਰ ਦੀਦਰੁੱਸਤੀ,ਪਤਾ ਬਦਲਣ, ਡੁਪਲੀਕੇਟ ਸ਼ਨਾਖਤੀ ਕਾਰਡ ਅਤੇ ਪੀ.ਡਬਲਿਓ.ਡੀ.ਮਾਰਕਿੰਗ ਲਈ ਫ਼ਾਰਮ ਨੰ.8 ਭਰਿਆ ਜਾਵੇਗਾ । ਐਨ.ਆਰ.ਆਈ. ਵੋਟਰ ਲਈ ਫਾਰਮ ਨੰ. 6 ਏ ਨਿਰਧਾਰਿਤ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਯੋਗਤਾ ਮਿਤੀ 01.1.2025 ਦੇ ਅਧਾਰ 'ਤੇ 16 ਅਕਤੂਬਰ, 2024 ਨੂੰ ਫੋਟੋ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾਂ ਜ਼ਿਲ੍ਹਾ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵੱਲੋਂ ਕੀਤੀ ਜਾਣੀ ਹੈ। ਉਨ੍ਹਾਂ ਦੱਸਿਆ ਕਿ ਆਮ ਜਨਤਾਂ ਪਾਸੋਂ ਨਵੀਂ ਵੋਟ ਬਣਾਉਣ, ਵੋਟ ਕਟਵਾਉਣ ਜਾਂ ਪਹਿਲਾਂ ਬਣੀ ਵੋਟ ਵਿੱਚ ਸੋਧ ਕਰਵਾਉਣ, ਰਿਹਾਇਸ਼ ਬਦਲਣ ਸਬੰਧੀ ਦਾਅਵੇਂ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣੇ ਹਨ ਤਾਂ ਜੋ ਸਹੀ ਵੋਟਰ ਸੂਚੀ ਤਿਆਰ ਹੋ ਸਕੇ ।

ਇਸ ਤੋਂ ਇਲਾਵਾ ਯੋਗਤਾ ਮਿਤੀ ਦੇ ਅਧਾਰ ਤੇ 17 ਤੋਂ 18 ਸਾਲ ਦੀ ਉਮਰ ਦੇ ਯੋਗ ਬਿਨੈਕਾਰਾਂ ਦੀ ਵੋਟਰ ਰਜਿਸਟ੍ਰੇਸ਼ਨ ਲਈ ਉਹਨਾਂ ਦੇ ਵੇਰਵੇ ਐਡਵਾਂਸ਼ ਵਿੱਚ ਇੱਕਤਰ ਕੀਤੇ ਜਾਣਗੇ। ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਵੈਬਸਾਇਟ VOTER PORTAL ਜਾਂ VOTER HELPLINE Mobile App. ਰਾਹੀਂ ਆਨਲਾਈਨ ਅਪਲਾਈ ਕੀਤਾ ਜਾ ਸਕਦਾ ਹੈ ਅਤੇ ਇਸ ਤੋਂ ਇਲਾਵਾ ਵੋਟਾਂ ਸਬੰਧੀ ਕਿਸੇ ਵੀ ਕਿਸਮ ਦੀ ਔਕੜ ਪੇਸ਼ ਆ ਰਹੀ ਹੈ ਤਾਂ ਹਰ ਤਰ੍ਹਾਂ ਦੀ ਜਾਣਕਾਰੀ ਲੈਣ ਲਈ ਟੋਲ ਫਰੀ ਨੰ.1950 'ਤੇ ਕਾਲ ਕਰਕੇ ਪ੍ਰਾਪਤ ਕੀਤੀ ਜਾ ਸਕਦੀ ਹੈ।

# ਬਲਾਕ ਗਿੱਦੜਬਾਹਾ ਦੇ ਖੇਡ ਮੁਕਾਬਲੇ ਸ਼ਾਨੋਸ਼ੌਕਤ ਨਾਲ ਹੋਏ ਸਮਾਪਤ



**ਸ੍ਰੀ ਮੁਕਤਸਰ ਸਾਹਿਬ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ, ਖੇਡ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ 'ਖੇਡਾਂ ਵਤਨ ਪੰਜਾਬ ਦੀਆਂ 2024 ਸੀਜ਼ਨ -3' ਤਹਿਤ ਬਲਾਕ ਗਿੱਦੜਬਾਹਾ ਵਿਖੇ ਬਲਾਕ ਪੱਧਰੀ ਖੇਡ ਮੁਕਾਬਲੇ ਅੱਜ ਦੂਜੇ ਦਿਨ ਸ਼ਾਨੋਸ਼ੌਕਤ ਨਾਲ ਸਮਾਪਤ ਹੋ ਗਏ ਹਨ, ਇਹ ਜਾਣਕਾਰੀ ਜ਼ਿਲ੍ਹਾ ਖੇਡ ਅਫ਼ਸਰ, ਸ੍ਰੀ ਮੁਕਤਸਰ ਸਾਹਿਬ ਸ਼੍ਰੀਮਤੀ ਅਨਿੰਦਰਵੀਰ ਕੌਰ ਨੇ ਸਾਂਝੀ ਕੀਤੀ।

ਉਨ੍ਹਾਂ ਦੱਸਿਆ ਕਿ ਬਲਾਕ ਗਿੱਦੜਬਾਹਾ ਵਿਖੇ ਦੂਜੇ ਦਿਨ ਉਮਰ ਵਰਗ 21-30, 31-40, 41-50, 51-60, 61-70 ਅਤੇ 70 ਉਮਰ ਵਰਗ ਤੋਂ ਵੱਧ ਉਮਰ ਵਰਗ ਦੇ ਖਿਡਾਰੀ/ਖਿਡਾਰਨਾਂ ਨੇ ਭਾਗ ਲਿਆ। ਬਲਾਕ ਪੱਧਰੀ ਖੇਡਾਂ ਵਿੱਚ ਵਾਲੀਬਾਲ (ਸ਼ੂਟਿੰਗ/ਸਮੇਸ਼ਿੰਗ), ਖੋ-ਖੋ, ਕਬੱਡੀ (ਸਰਕਲ/ ਨੈਸ਼ਨਲ), ਅਥਲੈਟਿਕਸ ਅਤੇ ਫੁੱਟਬਾਲ ਗੇਮ ਦੇ ਖੇਡ ਮੁਕਾਬਲੇ ਕਰਵਾਏ ਗਏ।

ਉਨ੍ਹਾਂ ਦੱਸਿਆ ਕਿ ਗੇਮ ਅਥਲੈਟਿਕਸ ਵਿੱਚ ਉਮਰ ਵਰਗ ਅੰ-14 ਈਵੇਂਟ ਲੰਬੀ ਛਾਲ ਵਿੱਚ ਸਵਾਸਤਿਕ ਗਾਬਾ ਨੇ ਪਹਿਲਾ ਸਥਾਨ, ਹਰਨੂਰ ਸਿੰਘ ਨੇ ਦੂਜਾ ਸਥਾਨ, ਬਵਨੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। 600 ਮੀਟਰ (ਲੜਕੇ) ਈਵੇਂਟ ਵਿੱਚ ਸੁਖਮਨ ਸਿੰਘ ਨੇ ਪਹਿਲਾ ਸਥਾਨ, ਹਰਨੂਰ ਸਿੰਘ ਨੇ ਦੂਜਾ ਅਤੇ ਖੁਸ਼ਪ੍ਰੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਸ਼ਾਟਪੁੱਟ 3 ਕਿਲੋ ਵਿੱਚ ਵਿਜੇਪ੍ਰਤਾਪ ਸਿੰਘ ਨੇ ਪਹਿਲਾ ਸਥਾਨ, ਫਰਮਾਨ ਸਿੰਘ ਨੇ ਦੂਜਾ ਸਥਾਨ ਅਤੇ ਪ੍ਰਿੰਸ ਨੇ ਤੀਜਾ ਸਥਾਨ ਹਾਸਿਲ ਕੀਤਾ।

ਇਸੇ ਤਰ੍ਹਾਂ 1500 ਮੀਟਰ ਰੇਸ ਦੌਰਾਨ ਲੜਕਿਆਂ ਵਿੱਚ ਈਸ਼ੂ ਗੋਇਲ ਨੇ ਪਹਿਲਾ ਸਥਾਨ, ਗੈਵੀ ਅਰੋੜਾ ਨੇ ਦੂਜਾ ਸਥਾਨ ਅਤੇ ਸੁਖਜੀਤ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। 100 ਮੀਟਰ ਰੇਸ ਵਿੱਚ ਜਸ਼ਨਦੀਪ ਸਿੰਘ ਨੇ ਪਹਿਲਾ ਸਥਾਨ, ਹਰਪ੍ਰੀਤ ਸਿੰਘ ਨੇ ਦੂਜਾ ਸਥਾਨ ਅਤੇ ਯਸ਼ਪਾਲ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 200 ਮੀਟਰ ਵਿੱਚ ਗੁਰਜੀਤ ਸਿੰਘ ਨੇ ਪਹਿਲਾ, ਜਸ਼ਨਦੀਪ ਨੇ ਦੂਜਾ ਅਤੇ ਪ੍ਰਭਦੀਪ ਸਿੰਘ ਨੇ ਤੀਜਾ ਸਥਾਨ ਹਾਸਿਲ ਕੀਤਾ। ਵਾਲੀਬਾਲ ਸਮੈਸ਼ਿੰਗ ਅੰ-14 ਅਤੇ ਅੰ-17 ਗਰਲਜ ਵਿੱਚ ਮਾਲਵਾ ਸਕੂਲ ਗਿੱਦੜਬਾਹਾ ਦੀ ਟੀਮ ਨੇ ਪਹਿਲਾ ਸਥਾਨ, ਅੰ-14 ਵਾਲੀਬਾਲ ਸਮੈਸ਼ਿੰਗ ਲੜਕਿਆਂ ਵਿੱਚ ਮਾਲਵਾ ਸਕੂਲ ਗਿੱਦੜਬਾਹਾ ਨੇ ਪਹਿਲਾ ਸਥਾਨ ਅਤੇ ਅੰ-17 ਲੜਕਿਆਂ ਵਿੱਚ ਜੀ.ਐਸ.ਐਸ. ਗੁਰੂਸਰ ਦੀ ਟੀਮ ਨੇ ਪਹਿਲਾ ਸਥਾਨ ਅਤੇ ਮਾਲਵਾ ਸਕੂਲ ਗਿੱਦੜਬਾਹਾ ਦੀ ਟੀਮ ਨੇ ਦੂਜਾ ਸਥਾਨ ਹਾਸਿਲ ਕੀਤਾ।

ਇਸੇ ਤਰ੍ਹਾਂ ਸਰਕਲ ਸਟਾਇਲ ਕਬੱਡੀ ਅੰ-14 ਲੜਕੀਆਂ ਵਿੱਚ ਰੁਖਾਲਾ ਪਿੰਡ ਦੀ ਟੀਮ ਨੇ ਪਹਿਲਾ ਸਥਾਨ ਅਤੇ ਅੰ-17 ਲੜਕੀਆਂ ਵਿੱਚ ਸ.ਸ.ਸ.ਸ ਲਾਲਬਾਈ ਸਕੂਲ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ। ਅੰ-21 ਸਰਕਲ ਸਟਾਇਲ ਕਬੱਡੀ ਵਿੱਚ ਸ.ਸ.ਸ.ਸ ਭੂੰਦੜ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ। ਖੋ-ਖੋ ਅੰ-14 ਲੜਕੇ ਵਿੱਚ ਬੁੱਟਰਸ਼ਰੀਹ ਦੀ ਟੀਮ ਨੇ ਪਹਿਲਾ ਸਥਾਨ, ਭੁੱਟੀਵਾਲਾ ਦੀ ਟੀਮ ਨੇ ਦੂਜਾ ਸਥਾਨ ਅਤੇ ਕੋਟਲੀ ਅਬਲੂ ਦੀ ਟੀਮ ਨੇ ਤੀਜਾ ਸਥਾਨ ਹਾਸਿਲ ਕੀਤਾ। ਖੋ-ਖੋ ਅੰ-14 ਲੜਕੀਆਂ ਵਿੱਚ ਬੁੱਟਰਸ਼ਰੀਹ ਦੀ ਟੀਮ ਨੇ ਪਹਿਲਾ ਸਥਾਨ, ਭਲਾਈਆਣਾ ਦੀ ਟੀਮ ਨੇ ਦੂਜਾ ਸਥਾਨ ਅਤੇ ਰੁਖਾਲਾ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਤਰਸੇਮ ਸਿੰਘ ਜੀ ਵੱਲੋਂ ਸਟੇਜ਼ ਸੈਕਟਰੀ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਖੇਡ ਵਿਭਾਗ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਕੋਚ ਦੀਪੀ ਰਾਣੀ ਜਿਮਨਾਸਟਿਕਸ ਕੋਚ, ਨੀਤੀ ਹਾਕੀ ਕੋਚ, ਕੰਵਲਜੀਤ ਸਿੰਘ ਹੈਂਡਬਾਲ ਕੋਚ, ਰਮਨਦੀਪ ਕੌਰ, ਬਾਕਸਿੰਗ ਕੋਚ, ਗੁਰਸੇਵਕ ਸਿੰਘ, ਕਬੱਡੀ ਕੋਚ, ਨੀਰਜ਼ ਸ਼ਰਮਾਂ, ਕੁਸ਼ਤੀ ਕੋਚ, ਬਲਜੀਤ ਕੌਰ ਹਾਕੀ ਕੋਚ, ਨਵਰੂਪ ਕੌਰ ਹੈਂਡਬਾਲ ਕੋਚ, ਇੰਦਰਪ੍ਰੀਤ ਕੌਰ, ਹਾਕੀ ਕੋਚ, ਵਿਕਰਮਜੀਤ ਸਿੰਘ ਅਥਲੈਟਿਕਸ ਕੋਚ, ਸਿਖਿਆ ਵਿਭਾਗ ਦੇ ਸਮੂਹ ਡੀ.ਪੀ.ਈ/ਪੀ.ਟੀ.ਆਈ, ਸਿਹਤ ਵਿਭਾਗ ਦੀ ਟੀਮ, ਸਕਿਊਰਟੀ ਦੀ ਟੀਮ, ਪਿੰਡ ਪੰਚਾਇਤ ਮੈਂਬਰ ਅਤੇ ਹੋਰ ਕਈ ਪਤਵੰਤੇ ਸੱਜਣ ਹਾਜ਼ਰ ਸਨ।

# ਖੇਡਾ ਵਤਨ ਪੰਜਾਬ ਦੀਆਂ—2024 ਤਹਿਤ 5 ਸਤੰਬਰ ਤੋਂ 8 ਸਤੰਬਰ 2024 ਤੱਕ ਕਰਵਾਈਆਂ ਜਾਣਗੀਆਂ ਬਲਾਕ ਪੱਧਰੀ ਖੇਡਾਂ

**ਫਾਜ਼ਿਲਕਾ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾ ਵਤਨ ਪੰਜਾਬ ਦੀਆਂ—2024 ਤਹਿਤ ਜ਼ਿਲ੍ਹਾ ਫਾਜ਼ਿਲਕਾ ਅੰਦਰ ਬਲਾਕ ਪੱਧਰੀ ਖੇਡਾਂ ਦੇ ਵੇਰਵਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ 5 ਸਤੰਬਰ ਤੋਂ 8 ਸਤੰਬਰ 2024 ਵੱਖ—ਵੱਖ ਸਥਾਨਾਂ *ਤੇ ਕਰਵਾਈਆਂ ਜਾ ਰਹੀਆਂ ਹਨ। ਇਹ ਜਾਣਕਾਰੀ ਜ਼ਿਲ੍ਹਾ ਖੇਡ ਅਫਸਰ ਸ. ਰੁਪਿੰਦਰ ਸਿੰਘ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਬਲਾਕ ਫਾਜ਼ਿਲਕਾ ਵਿਖੇ ਸ਼ਹੀਦ ਭਗਤ ਸਿੰਘ ਬਹੁਮੰਤਵੀ ਖੇਡ ਸਟੇਡੀਅਮ ਫਾਜ਼ਿਲਕਾ ਵਿਖੇ ਐਥਲੈਟਿਕਸ, ਕਬੱਡੀ (ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ), ਵਾਲੀਬਾਲ (ਸੂਟਿੰਗ), ਵਾਲੀਬਾਲ (ਸਮੈਸਿੰਗ), ਫੁੱਟਬਾਲ ਅਤੇ ਖੋਹ ਖੋਹ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ 5 ਸਤੰਬਰ ਨੂੰ ਅੰਡਰ 14 ਤੇ 17 ਦੇ ਕੇਵਲ ਲੜਕੇ, 6 ਸਤੰਬਰ ਨੂੰ ਅੰਡਰ 21 ਤੇ 21 ਤੋਂ 30 ਦੇ ਕੇਵਲ ਲੜਕੇ, 7 ਸਤੰਬਰ ਨੂੰ ਅੰਡਰ 14 ਤੇ 17 ਕੇਵਲ ਲੜਕੀਆਂ ਅਤੇ 8 ਸਤੰਬਰ ਨੂੰ ਅੰਡਰ 21 ਕੇਵਲ ਲੜਕੀਆਂ, 21 ਤੋਂ 30, 31 ਤੋਂ 40 ਲੜਕੇ ਤੇ ਲੜਕੀਆਂ, ਅੰਡਰ 41—50, 51—60, 61—70 ਅਤੇ 70 ਤੋਂ ਵਧੇਰੇ ਪੁਰਸ਼—ਮਹਿਲਾਵਾ ਦੇ ਮੁਕਾਲੇ ਕਰਵਾਏ ਜਾਣਗੇ।ਫਾਜ਼ਿਲਕਾ ਬਲਾਕ ਸਬੰਧੀ ਖੇਡਾਂ ਸਬੰਧੀ ਜਾਣਕਾਰੀ ਲਈ ਪਰਵਿੰਦਰ ਸਿੰਘ 95018 42166 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਇਸੇ ਤਰ੍ਹਾਂ ਬਲਾਕ ਅਰਨੀਵਾਲਾ ਸ਼ੇਖ ਸੁਭਾਨ ਵਿਖੇ ਪਿੰਡ ਡੱਬਵਾਲੀ ਕਲਾਂ ਵਿਖੇ ਐਥਲੈਟਿਕਸ, ਕਬੱਡੀ (ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ), ਵਾਲੀਬਾਲ (ਸੂਟਿੰਗ), ਵਾਲੀਬਾਲ (ਸਮੈਸਿੰਗ), ਫੁੱਟਬਾਲ ਦੇ ਖੇਡ ਮੁਕਾਬਲੇ ਹੋਣਗੇ ਅਤੇ ਖੋਹ ਖੋਹ ਦੇ ਖੇਡ ਮੁਕਾਬਲੇ ਪਿੰਡ ਟਾਹਲੀ ਵਾਲਾ ਬੋਦਲਾ ਵਿਖੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਉਕਤ ਦੋਨੋ ਥਾਵਾਂ *ਤੇ ਸਬੰਧਤ ਖੇਡ ਦੇ 5 ਸਤੰਬਰ ਨੂੰ ਅੰਡਰ 14 ਤੇ 17 ਦੇ ਕੇਵਲ ਲੜਕੇ, 6 ਸਤੰਬਰ ਨੂੰ ਅੰਡਰ 21 ਤੇ 21 ਤੋਂ 30 ਦੇ ਕੇਵਲ ਲੜਕੇ, 7 ਸਤੰਬਰ ਨੂੰ ਅੰਡਰ 14 ਤੇ 17 ਕੇਵਲ ਲੜਕੀਆਂ ਅਤੇ 8 ਸਤੰਬਰ ਨੂੰ ਅੰਡਰ 21 ਕੇਵਲ ਲੜਕੀਆਂ, 21 ਤੋਂ 30, 31 ਤੋਂ 40 ਲੜਕੇ ਤੇ ਲੜਕੀਆਂ, ਅੰਡਰ 41—50, 51—60, 61—70 ਅਤੇ 70 ਤੋਂ ਵਧੇਰੇ ਪੁਰਸ਼—ਮਹਿਲਾਵਾ ਦੇ ਮੁਕਾਲੇ ਕਰਵਾਏ ਜਾਣਗੇ।ਅਰਨੀਵਾਲਾ ਬਲਾਕ ਸਬੰਧੀ ਖੇਡਾਂ ਸਬੰਧੀ ਜਾਣਕਾਰੀ ਲਈ ਬਲਰਾਜ ਸਿੰਘ 99155 32960 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਬਲਾਕ ਅਬੋਹਰ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਅਬੋਹਰ ਵਿਖੇ ਐਥਲੈਟਿਕਸ, ਕਬੱਡੀ (ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ), ਵਾਲੀਬਾਲ (ਸੂਟਿੰਗ), ਵਾਲੀਬਾਲ (ਸਮੈਸਿੰਗ), ਫੁੱਟਬਾਲ ਅਤੇ ਖੋਹ ਖੋਹ ਦੇ ਖੇਡ ਮੁਕਾਬਲੇ ਵਿਖੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 6 ਸਤੰਬਰ ਨੂੰ ਅੰਡਰ 21 ਤੇ 21 ਤੋਂ 30 ਦੇ ਕੇਵਲ ਲੜਕੇ, 7 ਸਤੰਬਰ ਨੂੰ ਅੰਡਰ 14 ਤੇ 17 ਕੇਵਲ ਲੜਕੀਆਂ ਅਤੇ 8 ਸਤੰਬਰ ਨੂੰ ਅੰਡਰ 21 ਕੇਵਲ ਲੜਕੀਆਂ, 21 ਤੋਂ 30, 31 ਤੋਂ 40 ਲੜਕੇ ਤੇ ਲੜਕੀਆਂ, ਅੰਡਰ 41—50, 51—60, 61—70 ਅਤੇ 70 ਤੋਂ ਵਧੇਰੇ ਪੁਰਸ਼—ਮਹਿਲਾਵਾ ਦੇ ਮੁਕਾਲੇ ਕਰਵਾਏ ਜਾਣਗੇ।ਅਬੋਹਰ ਬਲਾਕ ਸਬੰਧੀ ਖੇਡਾਂ ਸਬੰਧੀ ਜਾਣਕਾਰੀ ਲਈ ਗੁਰਫਤਿਹ ਸਿੰਘ 99885 16387 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਬਲਾਕ ਖੂਈਆਂ ਸਰਵਰ ਵਿਖੇ ਖੇਡ ਸਟੇਡੀਅਮ ਪਿੰਡ ਸੱਪਾਂਵਾਲੀ ਵਿਖੇ ਐਥਲੈਟਿਕਸ, ਕਬੱਡੀ (ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ), ਵਾਲੀਬਾਲ (ਸੂਟਿੰਗ), ਵਾਲੀਬਾਲ (ਸਮੈਸਿੰਗ), ਫੁੱਟਬਾਲ ਅਤੇ ਖੋਹ ਖੋਹ ਦੇ ਖੇਡ ਮੁਕਾਬਲੇ ਵਿਖੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ 5 ਸਤੰਬਰ ਨੂੰ ਅੰਡਰ 14 ਤੇ 17 ਵਿਖੇ ਕੇਵਲ ਲੜਕੇ, 6 ਸਤੰਬਰ ਨੂੰ ਅੰਡਰ 21 ਤੇ 21 ਤੋਂ 30 ਦੇ ਕੇਵਲ ਲੜਕੇ, 7 ਸਤੰਬਰ ਨੂੰ ਅੰਡਰ 14 ਤੇ 17 ਕੇਵਲ ਲੜਕੀਆਂ ਅਤੇ 8 ਸਤੰਬਰ ਨੂੰ ਅੰਡਰ 21 ਕੇਵਲ ਲੜਕੀਆਂ, 21 ਤੋਂ 30, 31 ਤੋਂ 40 ਲੜਕੇ ਤੇ ਲੜਕੀਆਂ, ਅੰਡਰ 41—50, 51—60, 61—70 ਅਤੇ 70 ਤੋਂ ਵਧੇਰੇ ਪੁਰਸ਼—ਮਹਿਲਾਵਾ ਦੇ ਮੁਕਾਲੇ ਕਰਵਾਏ ਜਾਣਗੇ।ਅਬੋਹਰ ਬਲਾਕ ਸਬੰਧੀ ਖੇਡਾਂ ਸਬੰਧੀ ਜਾਣਕਾਰੀ ਲਈ ਹਰਪਿੰਦਰ ਸਿੰਘ 97949 00003 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਬਲਾਕ ਜਲਾਲਾਬਾਦ ਵਿਖੇ ਬਹੁਮੰਤਵੀ ਖੇਡ ਸਟੇਡੀਅਮ ਜਲਾਲਾਬਾਦ ਵਿਖੇ ਐਥਲੈਟਿਕਸ, ਕਬੱਡੀ (ਨੈਸ਼ਨਲ ਸਟਾਈਲ ਤੇ ਸਰਕਲ ਸਟਾਈਲ), ਵਾਲੀਬਾਲ (ਸੂਟਿੰਗ), ਵਾਲੀਬਾਲ (ਸਮੈਸਿੰਗ), ਫੁੱਟਬਾਲ ਅਤੇ ਖੋਹ ਖੋਹ ਦੇ ਖੇਡ ਮੁਕਾਬਲੇ ਵਿਖੇ ਕਰਵਾਏ ਜਾਣਗੇ।

ਉਨ੍ਹਾਂ ਦੱਸਿਆ ਕਿ 5 ਸਤੰਬਰ ਨੂੰ ਅੰਡਰ 14 ਤੇ 17 ਕੇਵਲ ਲੜਕੇ, 6 ਸਤੰਬਰ ਨੂੰ ਅੰਡਰ 21 ਤੇ 21 ਤੋਂ 30 ਦੇ ਕੇਵਲ ਲੜਕੇ, 7 ਸਤੰਬਰ ਨੂੰ ਅੰਡਰ 14 ਤੇ 17 ਕੇਵਲ ਲੜਕੀਆਂ ਅਤੇ 8 ਸਤੰਬਰ ਨੂੰ ਅੰਡਰ 21 ਕੇਵਲ ਲੜਕੀਆਂ, 21 ਤੋਂ 30, 31 ਤੋਂ 40 ਲੜਕੇ ਤੇ ਲੜਕੀਆਂ, ਅੰਡਰ 41—50, 51—60, 61—70 ਅਤੇ 70 ਤੋਂ ਵਧੇਰੇ ਪੁਰਸ਼—ਮਹਿਲਾਵਾ ਦੇ ਮੁਕਾਲੇ ਕਰਵਾਏ ਜਾਣਗੇ।ਜਲਾਲਾਬਾਦ ਬਲਾਕ ਸਬੰਧੀ ਖੇਡਾਂ ਸਬੰਧੀ ਜਾਣਕਾਰੀ ਲਈ ਸੁਨੀਲ 70090 27601 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਬਲਾਕ ਪੱਧਰੀ ਮੁਕਾਬਲੇ ਸਥਾਨਕ ਨਹਿਰੂ ਸਟੇਡੀਅਮ ਰੂਪਨਗਰ ਵਿਖੇ ਬੜੀ ਸ਼ਾਨੋਸ਼ੌਕਤ ਨਾਲ ਚਲ ਰਹੇ

**ਰੂਪਨਗਰ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਡਾਂ ਵਤਨ ਪੰਜਾਬ ਦੀਆਂ-2024' (ਸੀਜ਼ਨ-3) ਦੇ ਬਲਾਕ ਪੱਧਰੀ ਮੁਕਾਬਲੇ ਸਥਾਨਕ ਨਹਿਰੂ ਸਟੇਡੀਅਮ ਰੂਪਨਗਰ ਵਿਖੇ ਬੜੀ ਸ਼ਾਨੋਸ਼ੌਕਤ ਨਾਲ ਚਲ ਰਹੇ ਹਨ। ਬਲਾਕ ਪੱਧਰੀ ਮੁਕਾਬਲੇ ਸ਼ੁਰੂਆਤ ਏਡੀਸੀ ਡਿਵਲਪਮੈਂਟ ਸੰਜੀਵ ਕੁਮਾਰ ਵੱਲੋਂ ਕੀਤੀ ਗਈ, ਆਇਆ ਮੌਕੇ ਉਨਾਂ ਕਿਹਾ ਕਿ ਇਹ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਖਿਡਾਰੀਆਂ ਲਈ ਖੇਡ ਸਭਿਆਚਾਰ ਪੈਦਾ ਕਰਨ ਵਾਸਤੇ ਅਹਿਮ ਭੂਮਿਕਾ ਨਿਭਾਉਣਗੀਆਂ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਪੰਜਾਬ ਮੁੜ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਖੇਡਾਂ ਦੇ ਖੇਤਰ ਵਿੱਚ ਚਮਕੇਗਾ।

ਇਸ ਮੌਕੇ ਗਣੇਸ਼ ਚੰਦਰ ਡੀ ਐਨ ਓ ਸ਼ਿਵ ਕੁਮਾਰ ਅਤੇ ਐਡਵੋਕੇਟ ਕੁਲਤਾਰ ਸਿੰਘ ਪ੍ਰਧਾਨ ਰੋਟਰੀ ਕਲੱਬ ਰੂਪਨਗਰ ਨੇ ਵੀ ਖਿਡਾਰੀਆਂ ਨੂੰ ਤਗਮੇ ਪਾ ਕੇ ਆਸ਼ੀਰਵਾਦ ਦਿੱਤੇ। ਇਸ ਮੌਕੇ ਸਾਬਕਾ ਡਿਪਟੀ ਡਾਇਰੈਕਟਰ ਸਪੋਰਟਸ ਸੁਰਜੀਤ ਸਿੰਘ ਸੰਧੂ ਨੇ ਵੀ ਹਾਜ਼ਰੀ ਲਗਵਾਈ ਅਤੇ ਜੇਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਕਰ ਆਸ਼ੀਰਵਾਦ ਦਿੱਤਾ।

ਇਸ ਮੌਕੇ ਅੱਜ ਜਿਲ੍ਹਾ ਖੇਡ ਅਫਸਰ ਜਗਜੀਵਨ ਸਿੰਘ ਨੇ ਖਿਡਾਰੀਆਂ ਨੂੰ ਇਨ੍ਹਾਂ ਖੇਡਾਂ ਲਈ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਆਪਣੇ ਜਮਾਤੀਆਂ ਨੂੰ ਵੀ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਜਿਹੜੇ ਖਿਡਾਰੀ ਕਿਸੇ ਵੀ ਕਾਰਨ ਆਨਲਾਈਨ ਰਜਿਸਟ੍ਰੇਸ਼ਨ ਨਹੀਂ ਕਰਵਾ ਸਕੇ ਪਰ ਉਹ ਖੇਡ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਚਾਹੁੰਦੇ ਹਨ, ਉਹ ਵੀ ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈ ਸਕਦੇ ਹਨ। ਇਸ ਮੌਕੇ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਅਤੇ ਨਸ਼ਿਆਂ ਵਿਰੁੱਧ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਹਰ ਖਿਡਾਰੀ ਨੂੰ ਰੀਫਰੈਸ਼ਮਟ ਤੋ ਇਲਾਵਾ ਦੁਪਿਹਰ ਦਾ ਖਾਣਾ ਵੀ ਦਿੱਤਾ ਜਾਂਦਾ ਹੈ।

ਖੇਡਾਂ ਦਾ ਨਤੀਜਿਆਂ ਦਾ ਐਲਾਨ ਕਰਦੇ ਹੋਏ ਜਿਲ੍ਹਾ ਖੇਡ ਅਫਸਰ ਜਗਜੀਵਨ ਸਿੰਘ ਨੇ ਦੱਸਿਆ ਕਿ ਖੋਖੋ ਅੰਡਰ 17 ਲੜਕੀਆਂ ਦੇ ਮੁਕਾਬਲਿਆਂ ਵਿੱਚ ਸਰਕਾਰੀ ਹਾਈ ਸਕੂਲ ਕੋਟਲਾ ਨਿਹੰਗ ਨੇ ਪਹਿਲਾ ਸਥਾਨ ਗੁਰੂ ਨਾਨਕ ਮਾਡਲ ਸੀਨੀਅਰ ਸੈਕੈਂਡਰੀ ਸਕੂਲ ਲੋਦੀ ਮਾਜਰਾ ਨੇ ਦੂਸਰਾ ਸਥਾਨ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ



ਸਕੂਲ ਰੂਪਨਗਰ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਇਸ ਮੌਕੇ ਜ਼ਿਲ੍ਹਾ ਖੇਡ ਕੁਆਡੀਨੇਟਰ ਸ਼ਰਨਜੀਤ ਕੌਰ ਨੇ ਦੱਸਿਆ ਕਿ 60 ਮੀਟਰ ਦੌੜ ਲੜਕਿਆਂ ਵਿੱਚ ਸ਼ਿਵਕਾਂਤ ਨੇ ਪਹਿਲਾ ਸਥਾਨ ਦਲਜੀਤ ਸਿੰਘ ਨੇ ਦੂਸਰਾ ਸਥਾਨ ਅਤੇ ਸੰਜੀਵ ਕੁਮਾਰ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸੀ ਵਰਗ ਵਿੱਚ ਲੜਕੀਆਂ ਚ ਮਨਰੀਤ ਕੌਰ ਨੇ ਪਹਿਲਾ ਸਥਾਨ ਪਰਨੀਤ ਕੌਰ ਨੇ ਦੂਸਰਾ ਸਥਾਨ ਹਰ ਸਿਮਰਨ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਅੰਡਰ 14 ਲੜਕੀਆਂ ਦੇ ਵਰਗ ਵਿੱਚ 600 ਮੀਟਰ ਦੌੜ ਵਿੱਚ ਜਸ਼ਨਪ੍ਰੀਤ ਸਿੰਘ ਨੇ ਪਹਿਲਾ ਸਥਾਨ ਮੋਹਿਤ ਕੁਮਾਰ ਨੇ ਦੂਸਰਾ ਸਥਾਨ ਰਾਜਵੀਰ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ ਇਸੀ 600 ਮੀਟਰ ਦੌੜ ਵਿੱਚ ਲੜਕੀਆਂ ਵਰਗ ਵਿੱਚ ਗੀਤੀਕਾ ਮਲਹੋਤਰਾ ਨੇ ਪਹਿਲਾ ਸਥਾਨ ਹਰਮਨ ਕੌਰ ਨੇ ਦੂਸਰਾ ਸਥਾਨ ਅਤੇ ਅਨੀਤਾ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਕਬੱਡੀ ਨੈਸ਼ਨਲ ਸਟਾਈਲ ਵਿੱਚ ਅੰਡਰ-17 ਲੜਕਿਆਂ ਵਿੱਚ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਮੀਆਂ ਭਰਨੇ ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਰਸਾ ਨੰਗਲ ਨੇ ਦੂਸਰਾ ਸਥਾਨ ਅਤੇ ਸੇਵਾ ਯੂਥ ਕਲੱਬ ਨੇ ਤੀਸਰਾ ਸਥਾਨ ਹਾਸਿਲ ਕੀਤਾ। ਅੰਡਰ 17 ਲੜਕਿਆਂ ਵਰਗ ਵਿੱਚ 100 ਮੀਟਰ ਦੌੜ ਵਿੱਚ ਰਾਜਵੀਰ ਸਿੰਘ ਨੇ ਪਹਿਲਾ ਸਥਾਨ ਵਿਵੇਕ ਨੇ ਦੂਸਰਾ ਸਥਾਨ ਤਰੁਣ ਨੇ ਤੀਸਰਾ ਸਥਾਨ ਹਾਸਿਲ ਕੀਤਾ ਔਰ ਇਸੀ ਵਰਗ ਵਿੱਚ 100 ਮੀਟਰ ਦੌੜ ਵਿੱਚ ਲੜਕੀਆਂ ਵਿੱਚ ਜਸ਼ਨਪ੍ਰੀਤ ਕੌਰ ਨੇ ਪਹਿਲਾ ਸਥਾਨ ਸਰੀਤਾ ਨੇ ਦੂਸਰਾ ਸਥਾਨ ਸੁਨੈਨਾ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਇਸ ਮੌਕੇ ਜ਼ਿਲ੍ਹਾ ਮੀਡੀਆ ਕੁਆਡੀਨੇਟਰ ਮਨਜਿੰਦਰ ਸਿੰਘ ਚੱਕਲ ਨੇ ਦੱਸਿਆ ਕਿ ਅੰਡਰ 17 ਲੜਕੀਆਂ ਵਰਗ ਵਿੱਚ 800 ਮੀਟਰ ਦੌੜ ਵਿੱਚ ਮਨਵੀਰ ਸਿੰਘ ਨੇ ਪਹਿਲਾ ਸਥਾਨ ਹਰਪ੍ਰੀਤ ਸਿੰਘ ਨੇ ਦੂਸਰਾ ਸਥਾਨ ਅਤੇ ਜਸ਼ਨਪ੍ਰੀਤ ਸਿੰਘ ਨੇ ਤੀਸਰਾ ਸਥਾਨ ਹਾਸਿਲ ਕੀਤਾ ਅਤੇ ਲੜਕੀਆਂ ਵਰਗ ਵਿੱਚ 800 ਮੀਟਰ ਦੌੜ ਵਿੱਚ ਮਾਸੂਮ ਨੇ ਪਹਿਲਾ ਸਥਾਨ ਸੰਤੋਸ਼ ਨੇ ਦੂਸਰਾ ਸਥਾਨ ਅਤੇ ਦਲਜੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ।

ਇਸ ਮੌਕੇ ਪ੍ਰਿੰਸੀਪਲ ਪੂਜਾ ਗੋਇਲ, ਪ੍ਰਿੰਸੀਪਲ ਜਗਜੀਵਨ ਸਿੰਘ, ਇੰਦਰਜੀਤ ਸਿੰਘ ਹਾਕੀ ਕੋਚ, ਹਰਿੰਦਰ ਕੌਰ ਹਾਕੀ ਕੋਚੈ, ਸੁਮਨ ਅਥੈਲੇਟਿਕ ਕੋਚ, ਯਸਪਾਲ ਸਵਿੰਮਿੰਗ ਕੋਚ ਨੋਡਲ ਅਫਸਰ, ਅਵਤਾਰ ਸਿੰਘ ਸੀਨੀਅਰ ਸਹਾਇਕ, ਰਜਿੰਦਰ ਕੁਮਾਰ, ਰੇਖਾ ਰਾਣੀ, ਕੁਲਵਿੰਦਰ ਸਿੰਘ, ਧਰਮਿੰਦਰ ਕੌਰ, ਇੰਦਰਜੀਤ ਕੌਰ, ਰਣਬੀਰ ਸਿੰਘ ਵਿਸ਼ਵ ਪੰਡਿਤ, ਸਰਬਜੀਤ ਕੌਰ, ਅਜੇ ਕੁਮਾਰ, ਲਵਪ੍ਰੀਤ ਸਿੰਘ, ਆਸ਼ਾ, ਜਤਿੰਦਰ ਸਿੰਘ, ਰੁਪਿੰਦਰ ਕੌਰ, ਸਤਿਕਾਰ ਸਿੰਘ, ਮਨਜਿੰਦਰ ਸਿੰਘ, ਗੁਰਜੀਤ ਸਿੰਘ, ਸਿਮਰਨਜੀਤ ਸਿੰਘ, ਰਣਵੀਰ ਕੌਰ, ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਚਰਨਜੀਤ ਸਿੰਘ, ਸਰਬਜੀਤ ਸਿੰਘ, ਰਾਜੇਸ਼ ਕੁਮਾਰ, ਦਵਿੰਦਰ ਸਿੰਘ, ਰੇਨੂ, ਗੁਰਪ੍ਰਤਾਪ ਸਿੰਘ, ਸਤਵਿੰਦਰ ਕੌਰ ਆਦਿ ਹਾਜ਼ਰ ਸਨ।

# ਪੰਜਾਬ 'ਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ 'ਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਅਹਿਮ ਯੋਗਦਾਨ : ਡਾ. ਰਾਜ ਕੁਮਾਰ ਚੱਬੇਵਾਲ



**ਹੁਸ਼ਿਆਰਪੁਰ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਪੰਜਾਬ ਵਿਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਵਿਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਕਰਵਾਏ ਜਾਂਦੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਖੇਡ ਮੁਕਾਬਲਿਆਂ ਨੇ ਪੰਜਾਬ ਦੇ ਨੌਜਵਾਨਾਂ ਨੂੰ ਨਵੀਂ ਸੇਧ ਦਿੱਤੀ ਹੈ। ਉਹ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ ਵਿਖੇ ਬਲਾਕ ਹੁਸ਼ਿਆਰਪੁਰ-2 ਦੇ ਖੇਡ ਮੁਕਾਬਲਿਆਂ ਦਾ ਉਦਘਾਟਨ ਕਰਨ ਮੌਕੇ ਖਿਡਾਰੀਆਂ ਨੂੰ ਸੰਬੋਧਨ ਕਰ ਰਹੇ ਸਨ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ੀ ਸੋਚ ਅਤੇ ਯਤਨਾਂ ਸਦਕਾ ਪੰਜਾਬ ਵਿਚ ਪਿਛਲੇ ਤਿੰਨ ਸਾਲਾਂ ਤੋਂ ਖੇਡਾਂ ਦਾ ਇਕ ਨਵਾਂ ਦੌਰ ਸ਼ੁਰੂ ਹੋਇਆ ਹੈ ਅਤੇ ਹੁਣ ਪੰਜਾਬ ਦਾ ਨੌਜਵਾਨ ਖੇਡਾਂ ਵਿਚ ਆਪਣਾ ਵਿਸ਼ੇਸ਼ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿਚ 1 ਹਜ਼ਾਰ ਖੇਡ ਨਰਸਰੀਆਂ ਬਣਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿਚੋਂ 260 ਖੇਡ ਨਰਸਰੀਆਂ ਜਲਦੀ ਸ਼ੁਰੂ ਹੋ ਜਾਣਗੀਆਂ।ਪਹਿਲੀ ਵਾਰ ਖਿਡਾਰੀਆਂ ਨੂੰ ਖੇਡਾਂ ਦੀ ਤਿਆਰੀ ਲਈ 8 ਤੋਂ 15 ਲੱਖ ਰੁਪਏ ਦਿੱਤੇ ਗਏ ਅਤੇ ਕਰੋੜਾਂ ਰੁਪਏ ਦੇ ਨਕਦ ਇਨਾਮਾਂ ਦੇ ਨਾਲ-ਨਾਲ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਚੰਗੀਆਂ ਨੌਕਰੀਆਂ ਵੀ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਉਲੰਪਿਕਸ ਵਿਚ ਪੰਜਾਬ ਦੇ 19 ਖਿਡਾਰੀਆਂ ਨੇ ਭਾਗ ਲਿਆ ਹੈ, ਜੋ ਕਿ ਸੂਬੇ ਲਈ ਮਾਣ ਵਾਲੀ ਗੱਲ ਹੈ। ਇਸ ਦੌਰਾਨ ਉਨ੍ਹਾਂ ਦੱਸਿਆ ਕਿ ਪਿੰਡ ਦੇ ਸਟੇਡੀਅਮ ਲਈ 15 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ ਤਾਂ ਜੋ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਿਆ ਜਾ ਸਕੇ।

ਇਸ ਮੌਕੇ ਡਾ. ਇਸ਼ਾਂਕ, ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਬਾਜਵਾ, ਸਕੂਲ ਪ੍ਰਿੰਸੀਪਲ ਮਲਕੀਤ ਕੌਰ, ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਪ੍ਰੀਤ ਕੋਹਲੀ, ਜ਼ਿਲ੍ਹਾ ਖੇਡ ਕੋਆਰਡੀਨੇਟਰ ਜਗਜੀਤ ਸਿੰਘ, ਤੈਰਾਕੀ ਕੋਚ ਨਿਤਿਸ਼ ਠਾਕੁਰ, ਅਥਲੈਟਿਕਸ ਕੋਚ ਬਲਬੀਰ ਕੌਰ, ਲੈਕਚਰਾਰ ਪ੍ਰਭਜੋਤ ਸਿੰਘ, ਰਜਨੀਸ਼ ਕੁਮਾਰ ਗੁਲਿਆਨੀ , ਲੈਕਚਰਾਰ ਮੁਨੀਸ਼ ਮੌਦਗਿਲ, ਗੁਰਪ੍ਰੀਤ ਕੌਰ, ਲੈਕਚਰਾਰ ਹਰਿੰਦਰ ਸੈਣੀ, ਰਾਜਾ ਸਿੰਘ ਪੱਟੀ, ਲੈਕਚਰਾਰ ਉਪਿੰਦਰਜੀਤ ਸਿੰਘ, ਅਮਰਜੀਤ ਰਾਏ, ਰੇਖਾ, ਗੁਰਮੀਤ ਸਿੰਘ, ਗੁਰਸੇਵਕ ਸਿੰਘ ਆਦਿ ਹਾਜ਼ਰ ਸਨ।

# ਸੰਤ ਹਰਭਜਨ ਸਿੰਘ ਬਿਰਧ ਆਸ਼ਰਮ ਵਿਖੇ ਲਗਵਾਇਆ ਗਿਆ ਮੈਡੀਕਲ ਕੈਂਪ

**ਸ੍ਰੀ ਅਨੰਦਪੁਰ ਸਾਹਿਬ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੁਆਰਾ ਸਿਹਤ ਵਿਭਾਗ ਨਾਲ ਤਾਲਮੇਲ ਕਰਕੇ ਸੰਤ ਹਰਭਜਨ ਸਿੰਘ ਬਿਰਧ ਆਸ਼ਰਮ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਮੈਡੀਕਲ ਕੈਂਪ ਲਗਵਾਇਆ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਸੀ.ਜੇ.ਐਮ ਕਮ ਸਕੱਤਰ ਜਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਰੂਪਨਗਰ ਸ਼੍ਰੀਮਤੀ ਹਿਮਾਂਸ਼ੀ ਗਲਹੋਤਰਾ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਹਨਾ ਵੱਲੋਂ ਲਗਾਤਾਰ ਬਿਰਧ ਆਸ਼ਰਮ ਦਾ ਦੌਰਾ ਕੀਤਾ ਜਾਂਦਾ ਹੈ, ਉਹਨਾ ਦੇ ਧਿਆਨ ਵਿੱਚ ਆਇਆ ਕਿ ਆਸ਼ਰਮ ਵਿੱਚ ਰਹਿੰਦੇ ਬਜੁਰਗਾਂ ਨੂੰ ਸਿਹਤ ਸਬੰਧੀ ਸਮੱਸਿਆਵਾਂ ਆ ਰਹੀਆਂ



ਹਨ।

ਉਹਨਾ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਸਿਹਤ ਵਿਭਾਗ ਨਾਲ ਮਿਲਕੇ ਮੈਡਕੀਲ ਕੈਂਪ ਲਗਵਾਇਆ ਗਿਆ, ਜਿਸ ਵਿੱਚ ਡਾਕਟਰਾਂ ਦੀ ਟੀਮ ਵੱਲੋਂ ਬਜੁਰਗਾਂ ਦਾ ਫਰੀ ਚੈਕਅੱਪ ਕੀਤਾ ਗਿਆ ਅਤੇ ਉਹਨਾ ਨੂੰ ਜਰੂਰੀ ਦਵਾਈਆਂ ਦਿੱਤੀਆਂ

# ਬਲਾਕ ਗਿੱਦੜਬਾਹਾ ਵਿਖੇ ਖੇਡਾਂ ਵਤਨ ਪੰਜਾਬ ਦੀਆਂ 2024 ਸੀਜ਼ਨ-3 ਤਹਿਤ ਬਲਾਕ ਪੱਧਰੀ ਖੇਡਾਂ ਦਾ ਹੋਇਆ ਆਗਾਜ਼

**ਸ੍ਰੀ ਮੁਕਤਸਰ ਸਾਹਿਬ, 7 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ, ਖੇਡ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2024 ਸੀਜ਼ਨ-3 ਤਹਿਤ ਬਲਾਕ ਗਿੱਦੜਬਾਹਾ ਵਿਖੇ ਬਲਾਕ ਪੱਧਰੀ ਖੇਡ ਮੁਕਾਬਲੇ ਸ਼ੁਰੂ ਕਰਵਾਏ ਗਏ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ, ਸ੍ਰੀ ਮੁਕਤਸਰ ਸਾਹਿਬ ਸ੍ਰੀਮਤੀ ਅਨਿੰਦਰਵੀਰ ਕੌਰ ਨੇ ਦੱਸਿਆ ਕਿ ਬਲਾਕ ਗਿੱਦੜਬਾਹਾ ਵਿਖੇ ਪਹਿਲੇ ਦਿਨ ਅੰ-14, ਅੰ-17 ਅਤੇ ਅੰ-21 ਉਮਰ ਵਰਗ ਦੇ ਖਿਡਾਰੀ/ ਖਿਡਾਰਨਾਂ ਨੇ ਭਾਗ ਲਿਆ।

ਇਸ ਦੌਰਾਨ ਉੱਪ ਮੰਡਲ ਮੈਜਿਸਟ੍ਰੇਟ, ਗਿੱਦੜਬਾਹਾ ਸ਼੍ਰੀ ਜਸਪਾਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਉਨ੍ਹਾਂ ਦੇ ਨਾਲ ਤਹਿਸੀਲਦਾਰ ਸ਼੍ਰੀ ਕਮਲਦੀਪ ਸਿੰਘ ਅਤੇ ਸ਼੍ਰੀ ਅਬੇ ਢਿੱਲੋਂ, ਯੂਥ ਆਗੂ, ਆਮ ਆਦਮੀ ਪਾਰਟੀ ਨੇ ਵਿਸ਼ੇਸ਼ ਮਹਿਮਾਨ ਵੱਜੋਂ ਸ਼ਿਰਕਤ ਕੀਤੀ।ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਵੱਲੋਂ ਮੁੱਖ ਮਹਿਮਨ ਅਤੇ ਵਿਸ਼ੇਸ਼ ਮਹਿਮਾਨ ਜੀ ਦਾ ਇਸ ਪ੍ਰੋਗਰਾਮ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ ਗਿਆ ਅਤੇ ਜੀ ਆਇਆ ਆਖਿਆ। ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਦੀ ਹੌਸਲਾ ਅਫਜਾਈ ਕਰਦੇ ਹੋਏ




ਖਿਡਾਰੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ ਅਤੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੁੜਣ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਕਿਹਾ ਕਿ ਖਿਡਾਰੀ ਖੇਡਾਂ ਵਿੱਚ ਮੈਡਲ ਹਾਸਿਲ ਕਰ ਉੱਚ ਪੱਧਰ ਦੀਆਂ ਨੌਕਰੀਆਂ ਪ੍ਰਾਪਤ ਕਰ ਸਕਦੇ ਹਨ। ਬਲਾਕ ਪੱਧਰੀ ਖੇਡਾਂ ਵਿੱਚ ਵਾਲੀਬਾਲ (ਸ਼ੂਟਿੰਗ/ਸਮੇਸ਼ਿੰਗ), ਖੋ-ਖੋ, ਕਬੱਡੀ (ਸਰਕਲ/ ਨੈਸ਼ਨਲ), ਅਥਲੈਟਿਕਸ, ਅਤੇ ਫੁੱਟਬਾਲ ਗੇਮ ਦੇ ਖੇਡ ਮੁਕਾਬਲੇ ਕਰਵਾਏ ਗਏ।

ਇਸ ਮੌਕੇ ਤਰਸੇਮ ਸਿੰਘ ਵੱਲੋਂ ਸਟੇਜ਼ ਸੈਕਟਰੀ ਦੀ ਭੂਮਿਕਾ ਨਿਭਾਈ ਗਈ। ਇਸ ਤੋਂ ਇਲਾਵਾ ਖੇਡ ਵਿਭਾਗ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਕੋਚ ਦੀਪੀ ਰਾਣੀ ਜਿਮਨਾਸਟਿਕਸ ਕੋਚ, ਨੀਤੀ ਹਾਕੀ ਕੋਚ, ਕੰਵਲਜੀਤ ਸਿੰਘ ਹੈਂਡਬਾਲ ਕੋਚ, ਰਮਨਦੀਪ ਕੌਰ, ਬਾਕਸਿੰਗ ਕੋਚ, ਗੁਰਸੇਵਕ ਸਿੰਘ, ਕਬੱਡੀ ਕੋਚ, ਨੀਰਜ਼ ਸ਼ਰਮਾਂ, ਕੁਸ਼ਤੀ ਕੋਚ, ਬਲਜੀਤ ਕੌਰ ਹਾਕੀ ਕੋਚ, ਨਵਰੂਪ ਕੌਰ ਹੈਂਡਬਾਲ ਕੋਚ, ਇੰਦਰਪ੍ਰੀਤ ਕੌਰ, ਹਾਕੀ ਕੋਚ, ਵਿਕਰਮਜੀਤ ਸਿੰਘ ਅਥਲੈਟਿਕਸ ਕੋਚ, ਸਿੱਖਿਆ ਵਿਭਾਗ ਦੇ ਸਮੂਹ ਡੀ.ਪੀ.ਈ/ਪੀ.ਟੀ.ਆਈ, ਸਿਹਤ ਵਿਭਾਗ ਦੀ ਟੀਮ, ਸਕਿਉਰਟੀ ਦੀ ਟੀਮ, ਪਿੰਡ ਪੰਚਾਇਤ ਮੈਂਬਰ ਅਤੇ ਹੋਰ ਕਈ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬ 'ਚ ਪੈਟਰੋਲ ਪੰਪ 'ਤੇ ਬਾਈਕ ਨੂੰ ਲੱਗੀ ਅੱਗ, ਅਚਾਨਕ ਪੈ ਗਈਆਂ ਭਾਜੜਾਂ

ਫਾਜ਼ਿਲਕਾ 7 ਸਤੰਬਰ। ਫਾਜ਼ਿਲਕਾ ਦੇ ਪੁਰਾਣੇ ਅਬੋਹਰੀ ਅੱਡੇ 'ਤੇ ਸਥਿਤ ਪੈਟਰੋਲ ਪੰਪ 'ਤੇ ਉਸ ਸਮੇਂ ਅਚਾਨਕ ਭਾਜੜਾਂ ਪੈ ਗਈਆਂ, ਜਦੋਂ ਪੈਟਰੋਲ ਭਰਵਾਉਣ ਆਏ ਵਿਅਕਤੀ ਦੀ ਬਾਈਕ ਨੂੰ ਅਚਾਨਕ ਅੱਗ ਲੱਗ ਗਈ। ਅੱਗ ਦੀਆਂ ਲਪਟਾਂ ਦੇਖ ਹਰ ਕਿਸੇ ਦੇ ਸਾਹ ਸੁੱਕ ਗਏ ਪਰ ਮੌਕੇ 'ਤੇ ਮੌਜੂਦ ਸਬਜੀ-ਰੇਹੜੀ ਚਾਲਕਾਂ ਨੇ ਪਾਣੀ ਪਾ ਕੇ ਅੱਗ 'ਤੇ ਕਾਬੂ ਪਾਇਆ, ਜਦੋਂ ਕਿ ਬਾਈਕ ਚਾਲਕ ਨੇ ਦੋਸ਼ ਲਾਇਆ ਕਿ ਪੰਪ ਮੁਲਾਜਮਾਂ ਨੇ ਉਸ ਦੀ ਕੋਈ ਮਦਦ ਨਹੀਂ ਕੀਤੀ। ਦੱਸਿਆ ਜਾ ਰਿਹਾ ਹੈ ਕਿ ਸਪਾਰਕਿੰਗ ਹੋਣ ਕਾਰਨ ਬਾਈਕ ਨੂੰ ਅੱਗ ਲੱਗੀ ਸੀ। ਜਾਣਕਾਰੀ ਦਿੰਦੇ ਹੋਏ ਬਾਈਕ ਦੇ ਮਾਲਕ ਗਗਨਦੀਪ ਨੇ ਦੱਸਿਆ ਕਿ ਉਹ ਆਪਣੀ ਬਾਈਕ 'ਚ ਪੈਟਰੋਲ ਭਰਵਾਉਣ ਲਈ ਪੁਰਾਣੇ ਅਬੋਹਰੀ ਅੱਡੇ ਦੇ ਸਾਹਮਣੇ ਪੈਟਰੋਲ ਪੰਪ 'ਤੇ ਆਇਆ ਸੀ। ਪੈਟਰੋਲ ਭਰਵਾਉਣ ਤੋਂ ਬਾਅਦ ਜਿਵੇਂ ਹੀ ਉਸ ਨੇ ਬਾਈਕ ਸਟਾਰਟ ਕੀਤੀ ਤਾਂ ਬਾਈਕ ਨੂੰ ਅੱਗ ਲੱਗ ਗਈ। ਉਸ ਦਾ ਦੋਸ਼ ਹੈ ਕਿ ਪੰਪ ਦੇ ਮੁਲਾਜਮਾਂ ਨੇ ਉਸ ਦੀ ਮਦਦ ਨਹੀਂ ਕੀਤੀ, ਜਦੋਂ ਕਿ ਮੌਕੇ 'ਤੇ ਮੌਜੂਦ ਬਾਜਾਰ 'ਚ ਸਬਜੀ-ਰੇਹੜੀ ਵਾਲਿਆਂ ਨੇ ਪਾਣੀ ਪਾ ਕੇ ਅੱਗ 'ਤੇ ਕਾਬੂ ਪਾਇਆ। ਜੇਕਰ ਅੱਗ ਭਿਆਨਕ ਹੋ ਜਾਂਦੀ ਤਾਂ ਵੱਡਾ ਹਾਦਸਾ ਹੋ ਸਕਦਾ ਸੀ। ਦੂਜੇ ਪਾਸੇ ਪੈਟਰੋਲ ਪੰਪ ਦੇ ਸੰਚਾਲਕ ਸੰਦੀਪ ਕੁਮਾਰ ਨੇ ਦੱਸਿਆ ਕਿ ਉਕਤ ਵਿਅਕਤੀ ਵਲੋਂ ਬਾਈਕ 'ਚ ਪੈਟਰੋਲ ਭਰਵਾਇਆ ਗਿਆ ਸੀ ਪਰ ਉਹ ਸਟਾਰਟ ਨਹੀਂ ਹੋ ਰਹੀ ਸੀ। ਕਾਫੀ ਸਮੇਂ ਤੱਕ ਉਹ ਆਪਣੀ ਬਾਈਕ ਨੂੰ ਕਿੱਕ ਮਾਰਦਾ ਰਿਹਾ ਪਰ ਬਾਈਕ ਸਟਾਰਟ ਨਹੀਂ ਹੋਈ। ਇਸ ਤੋਂ ਬਾਅਦ ਉਹ ਆਪਣੀ ਬਾਈਕ ਦੇ ਇੰਜਣ ਕੋਲ ਲੱਗੀ ਪੈਟਰੋਲ ਦੀ ਪਾਈਪ ਉਤਾਰ ਕੇ ਉਸ ਨੂੰ ਦੁਬਾਰਾ ਲਾਉਣ ਲੱਗਾ ਤਾਂ ਪਾਈਪ ਤੋਂ ਨਿਕਲਿਆ ਪੈਟਰੋਲ ਬਾਈਕ ਦੇ ਇੰਜਣ 'ਤੇ ਡਿੱਗ ਗਿਆ। ਇਸ ਤਰ੍ਹਾਂ ਇੰਜਣ ਕੋਲ ਸਪਾਰਕਿੰਗ ਹੋਣ ਕਾਰਨ ਬਾਈਕ ਨੂੰ ਅੱਗ ਲੱਗ ਗਈ ਤਾਂ ਉਸ ਨੂੰ ਬਾਈਕ ਦੂਰ ਲਿਜਾਣ ਲਈ ਕਿਹਾ ਅਤੇ ਜਿਵੇਂ ਹੀ ਉਹ ਭੱਜ ਕੇ ਪੈਟਰੋਲ ਪੰਪ ਤੋਂ ਅੱਗ ਬੁਝਾਊ ਯੰਤਰ ਲੈ ਕੇ ਆਏ ਤਾਂ ਨਜਦੀਕੀ ਰੇਹੜੀ ਚਾਲਕਾਂ ਵਲੋਂ ਪਾਣੀ ਪਾ ਕੇ ਅੱਗ ਬੁਝਾ ਦਿੱਤੀ ਗਈ ਸੀ।

# ਭਗਵੰਤ ਮਾਨ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਮੇਸ਼ਾਂ ਵਚਨਬੱਧ : ਕੁਲਵੰਤ ਸਿੰਘ

**ਸਰਦੂਲ ਸਿੰਘ**

ਮੋਹਾਲੀ 7 ਸਤੰਬਰ। ਮੋਹਾਲੀ ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਨੇ ਅੱਜ ਇੱਥੇ ਕਿਸਾਨ ਅੰਦੋਲਨ 'ਚ ਕਿਸਾਨ ਵਿਰੋਧੀ ਬਿੱਲਾਂ ਦਾ ਵਿਰੋਧ ਕਰਨ ਦੌਰਾਨ ਆਪਣੀ ਜਾਨ ਗੁਆਉਣ ਵਾਲੇ ਮ੍ਰਿਤਕ ਕਿਸਾਨਾਂ ਦੇ ਆਸਰਿਤਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਮੇਸ਼ਾਂ ਵਚਨਬੱਧ ਹੈ। ਮੋਹਾਲੀ 'ਚ ਆਯੋਜਿਤ ਇੱਕ ਸੰਖੇਪ ਸਮਾਗਮ ਦੌਰਾਨ ਉਨ੍ਹਾਂ ਕਿਹਾ ਕਿ ਹੁਣ ਤੱਕ ਅਜਿਹੇ ਕੁੱਲ 660 ਮ੍ਰਿਤਕ ਕਿਸਾਨਾਂ ਦੇ ਆਸਰਿਤਾਂ ਨੂੰ ਤਰਸ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ 'ਤੇ ਭਰਤੀ ਕੀਤਾ ਜਾ ਚੁੱਕਾ ਹੈ, ਜਿਨ੍ਹਾਂ ਵਿੱਚੋਂ 453 ਨੂੰ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਨੌਕਰੀਆਂ ਦਿੱਤੀਆਂ ਗਈਆਂ ਹਨ। ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਅੱਜ ਖੇਤੀਬਾੜੀ ਵਿਭਾਗ ਵਿੱਚ 5 ਨਿਯੁਕਤੀਆਂ 'ਚ ਬੇਲਦਾਰ (ਕਲਾਸ 4) ਵਜੋਂ ਨੌਕਰੀਆਂ ਦਿੱਤੀਆਂ ਗਈਆਂ ਹਨ। ਅੱਜ ਜਿਨ੍ਹਾਂ ਪੰਜ ਆਸਰਿਤਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ, ਉਨ੍ਹਾਂ ਵਿੱਚ ਅਸਵਨਦੀਪ ਸਿੰਘ ਪੁੱਤਰ ਨਰਿੰਦਰ ਸਿੰਘ, ਮਹਿੰਦਰ ਸਿੰਘ ਪੁੱਤਰ ਬਹਾਦਰ ਸਿੰਘ, ਮੰਗਾ ਖਾਨ ਪੁੱਤਰ ਹਮੀਦ ਖਾਨ, ਗੁਰਪ੍ਰੀਤ ਸਿੰਘ ਪੁੱਤਰ ਸਰੋਮ ਸਿੰਘ ਅਤੇ



ਹਰਸਪ੍ਰੀਤ ਸਿੰਘ ਪੁੱਤਰ ਗੁਰਮੀਤ ਸਿੰਘ (ਸਾਰੇ ਪਟਿਆਲਾ ਜ਼ਿਲ੍ਹੇ ਨਾਲ ਸਬੰਧਿਤ) ਸ਼ਾਮਿਲ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਕਿਸਾਨਾਂ ਦੀਆਂ ਜ਼ਿਆਦਾਤਰ ਮੰਗਾਂ ਕੇਂਦਰ ਸਰਕਾਰ ਨਾਲ ਸਬੰਧਿਤ ਹਨ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲਗਾਤਾਰ ਕਿਸਾਨਾਂ ਨੂੰ ਮਿਲ ਕੇ ਉਨ੍ਹਾਂ ਦੇ ਮਸਲੇ ਹੱਲ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਖੇਤੀ ਨੂੰ ਪ੍ਰਫੁੱਲਤ ਕਰਨ, ਨਹਿਰੀ ਆਧਾਰਿਤ ਸਿੰਚਾਈ ਦੀ ਸਹੂਲਤ ਦੇਣ ਤੋਂ ਇਲਾਵਾ ਗੰਨੇ ਦੇ ਭਾਅ ਵਿੱਚ ਵਾਧੇ ਲਈ ਲਏ ਗਏ ਫੈਸਲਿਆਂ ਦੀ ਕਿਸਾਨ ਵਰਗ ਵੱਲੋਂ ਭਰਪੂਰ ਸਲਾਘਾ ਕੀਤੀ ਜਾ ਰਹੀ ਹੈ। ਪੰਜਾਬ ਅਪਾਰਟਮੈਂਟਸ ਐਂਡ ਪ੍ਰਾਪਰਟੀ ਰੈਗੂਲੇਸਨ ਐਕਟ 1995 ਦੀ ਧਾਰਾ 20 ਵਿੱਚ 'ਕੋਈ ਇਤਰਾਜ ਨਹੀਂ ਸਰਟੀਫਿਕੇਟ' ਦੀ ਸਰਤ ਨੂੰ ਮੁਆਫ ਕਰਨ ਦਾ ਰਾਹ ਪੱਧਰਾ ਕਰਨ ਲਈ ਕੀਤੀ ਗਈ ਸੋਧ ਨੂੰ ਕਾਨੂੰਨੀ ਮਾਲਕੀ ਦੇ ਦਸਤਾਵੇਜ ਹਾਸਲ ਕਰਨ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦੇ ਹੱਲ ਵੱਲ ਇੱਕ ਇਤਿਹਾਸਕ ਕਦਮ ਕਰਾਰ ਦਿੰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਾਂ ਦੀ ਇਸ ਮੁਸਕਿਲ ਪਿੱਛੇ ਕੁਝ ਲੋਕਾਂ ਦੀ ਮਿਲੀ-ਭੁਗਤ ਸੀ, ਜਿਨ੍ਹਾਂ ਨੇ ਇਨ੍ਹਾਂ ਭੋਲੇ-ਭਾਲੇ ਲੋਕਾਂ ਨੂੰ ਗੈਰ-ਕਾਨੂੰਨੀ ਅਤੇ ਅਣ-ਅਧਿਕਾਰਤ ਕਾਲੋਨੀਆਂ 'ਚ ਪਲਾਟ ਦੇਣ ਦੇ ਨਾਂ 'ਤੇ ਲੁਭਾਇਆ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਗਟਾਈ ਵਚਨਬੱਧਤਾ ਅਨੁਸਾਰ ਰਾਜ ਸਰਕਾਰ ਨੇ ਇਨ੍ਹਾਂ ਭੋਲੇ-ਭਾਲੇ ਲੋਕਾਂ ਨੂੰ ਅਣ-ਅਧਿਕਾਰਤ ਅਤੇ ਗੈਰ-ਕਾਨੂੰਨੀ ਕਲੋਨੀਆਂ ਵਿੱਚ ਪਲਾਟਾਂ ਦੇ ਮਾਲਕ ਬਣਾਉਣ ਲਈ ਪਾਪਰਾ ਐਕਟ 1995 ਦੀ ਧਾਰਾ ਵਿੱਚ ਸੋਧ ਕਰਨ ਲਈ ਇੱਕ ਬਿੱਲ ਪਾਸ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੋਧ ਅਨੁਸਾਰ ਗੈਰ-ਕਾਨੂੰਨੀ ਕਾਲੋਨੀਆਂ ਵਿੱਚ ਲੋਕਾਂ ਵੱਲੋਂ ਹਾਸਲ ਕੀਤੀ 500 ਗਜ ਤੱਕ ਦੀ ਜਾਇਦਾਦ ਬਿਨਾਂ ਕਿਸੇ ਐੱਨ. ਓ. ਸੀ. ਦੀ ਮੰਗ ਕੀਤੇ, ਉਨ੍ਹਾਂ ਦੇ ਨਾਮ ਰਜਿਸਟਰਡ ਕਰ ਦਿੱਤੀ ਜਾਵੇਗੀ, ਬਸਰਤੇ ਵਿਕਰੀ/ ਬਿਆਨੇ/ਪਾਵਰ ਆਫ ਅਟਾਰਨੀ ਦੇ ਦਸਤਾਵੇਜ 30 ਜੁਲਾਈ ਤੋਂ ਪਹਿਲਾਂ ਦੇ ਹੋਣ। ਉਨ੍ਹਾਂ ਕਿਹਾ ਕਿ ਦਸਤਾਵੇਜਾਂ ਦੀ ਰਜਿਸਟ੍ਰੇਸਨ ਦੀ ਆਖਰੀ ਮਿਤੀ 2 ਨਵੰਬਰ ਹੈ। ਇਸੇ ਤਰ੍ਹਾਂ ਭਵਿੱਖ ਵਿੱਚ ਗੈਰ-ਕਾਨੂੰਨੀ ਕਾਲੋਨੀਆਂ ਦੇ ਮਾਫੀਆ ਨੂੰ ਨੱਥ ਪਾਉਣ ਲਈ ਗੈਰ-ਕਾਨੂੰਨੀ ਕਾਲੋਨੀਆਂ ਬਣਾਉਣ ਵਾਲਿਆਂ ਨਾਲ ਸਖਤੀ ਨਾਲ ਨਜਿੱਠਣ ਲਈ 5 ਤੋਂ 10 ਸਾਲ ਤੱਕ ਦੀ ਸਜਾ ਅਤੇ 25 ਲੱਖ ਤੋਂ 5 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲਏ ਗਏ ਇਸ ਫੈਸਲੇ ਨਾਲ ਲੱਖਾਂ ਲੋਕ ਖੁਸ ਹੋਏ ਹਨ, ਜੋ ਇਨ੍ਹਾਂ ਗੈਰ-ਕਾਨੂੰਨੀ ਡਿਵੈਲਪਰਾਂ ਅਤੇ ਭੂ-ਮਾਫੀਆ ਹੱਥੋਂ ਠੱਗੇ ਹੋਏ ਮਹਿਸੂਸ ਕਰ ਰਹੇ ਹਨ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਗੁਰਮੇਲ ਸਿੰਘ ਅਤੇ ਖੇਤੀਬਾੜੀ ਅਫਸਰ ਗੁਰਦਿਆਲ ਕੁਮਾਰ ਵੀ ਹਾਜਰ ਸਨ।

## ਅਕਾਲੀ ਦਲ ਨੇ ਦਰਬਾਰਾ ਸਿੰਘ ਗੁਰੂ ਨੂੰ ਸੌਂਪੀ ਵੱਡੀ ਜਿੰਮੇਵਾਰੀ

ਚੰਡੀਗੜ੍ਹ 7 ਸਤੰਬਰ। ਪਾਰਟੀ ਵਿਚ ਪੈਦਾ ਹੋਏ ਅੰਦਰੂਨੀ ਕਲੇਸ਼ ਦਰਮਿਆਨ ਸ਼੍ਰੋਮਣੀ ਅਕਾਲੀ ਦਲ ਨੇ ਸੀਨੀਅਰ ਆਗੂ ਦਰਬਾਰਾ ਸਿੰਘ ਗੁਰੂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦਾ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ। ਦਰਬਾਰਾ ਸਿੰਘ ਗੁਰੂ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਦੇ ਕੰਮਕਾਜ ਵਿਚ ਉਨ੍ਹਾਂ ਦੀ ਸਹਾਇਤਾ ਕਰਨਗੇ। ਇਹ ਜਾਣਕਾਰੀ ਪਾਰਟੀ ਵੱਲੋਂ ਦਿੱਤੇ ਬਿਆਨ ਵਿਚ ਦਿੱਤੀ ਗਈ। ਦੱਸ ਦਈਏ ਕਿ ਸੁਖਬੀਰ ਬਾਦਲ ਵੱਲੋਂ ਕੁਝ ਦਿਨ ਪਹਿਲਾਂ ਹੀ ਬਲਵਿੰਦਰ



ਸਿੰਘ ਭੂੰਦੜ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਦਰਬਾਰਾ ਸਿੰਘ ਗੁਰੂ ਅਕਾਲੀ ਸਰਕਾਰ ਦੌਰਾਨ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਪ੍ਰਿੰਸੀਪਲ ਸੈਕਟਰੀ ਰਹਿ ਚੁੱਕੇ ਹਨ। 2012 ਵਿਧਾਨ ਸਭਾ ਚੋਣਾਂ ਦੌਰਾਨ ਉਨ੍ਹਾਂ ਨੇ ਬਰਨਾਲਾ ਜ਼ਿਲ੍ਹੇ ਦੇ ਹਲਕਾ ਭਦੌੜ ਤੋਂ ਚੋਣ ਲੜੀ ਸੀ ਪਰ ਉਹ ਕਾਂਗਰਸ ਪਾਰਟੀ ਦੇ ਮੁਹੰਮਦ ਸਦੀਕ ਤੋਂ ਚੋਣ ਹਾਰ ਗਏ ਸਨ। ਇਸ ਤੋਂ ਇਲਾਵਾ 2017 ਵਿਧਾਨ ਸਭਾ ਚੋਣਾਂ ਦੌਰਾਨ ਉਨ੍ਹਾਂ ਨੂੰ ਪਾਰਟੀ ਨੇ ਫਤਹਿਗੜ੍ਹ ਸਾਹਿਬ ਦੇ ਵਿਧਾਨ ਸਭਾ ਹਲਕਾ ਬੱਸੀ ਪਠਾਣਾਂ ਤੋਂ ਚੋਣ ਲੜਾਈ ਸੀ। ਜਦ ਕਿ 2019 ਦੀ ਲੋਕ ਸਭਾ ਚੋਣ ਵੀ ਫਤਹਿਗੜ੍ਹ ਸਾਹਿਬ ਹਲਕੇ ਤੋਂ ਲੜ ਚੁੱਕੇ ਹਨ। ਇਸ ਤੋਂ ਇਲਾਵਾ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਚੱਲ ਰਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਦੇ ਟਰੱਸਟ ਦੇ ਸਕੱਤਰ ਵੀ ਰਹਿ ਚੁੱਕੇ ਹਨ।

## ਹੁਣ ਸਰੋਗੇਸੀ ਰਾਹੀਂ ਬੱਚੇ ਨੂੰ ਜਨਮ ਦੇਣ ਵਾਲੀਆਂ ਔਰਤਾਂ ਨੂੰ ਮਿਲੇਗਾ 10 ਲੱਖ ਦਾ ਬੀਮਾ

ਭੋਪਾਲ 7 ਸਤੰਬਰ। ਮੱਧ ਪ੍ਰਦੇਸ ਸਰਕਾਰ ਨੇ ਔਰਤਾਂ ਲਈ ਸਰੋਗੇਸੀ ਪਾਲਿਸੀ 'ਤੇ ਬੀਮਾ ਸੀਮਾ 10 ਲੱਖ ਰੁਪਏ ਤੱਕ ਵਧਾਉਣ ਦਾ ਫੈਸਲਾ ਕੀਤਾ ਹੈ। ਮੱਧ ਪ੍ਰਦੇਸ 'ਚ ਸਰੋਗੇਸੀ ਰਾਹੀਂ ਬੱਚੇ ਨੂੰ ਜਨਮ ਦੇਣ ਵਾਲੀਆਂ ਔਰਤਾਂ ਨੂੰ ਹੁਣ ਤੱਕ ਸਿਰਫ 2 ਲੱਖ ਰੁਪਏ ਤੱਕ ਦੇ ਬੀਮੇ ਦਾ ਲਾਭ ਮਿਲ ਰਿਹਾ ਹੈ। ਇਸ ਲਈ ਸੂਬਾ ਸਰਕਾਰ ਨੇ ਸੂਬੇ ਵਿਚ ਸਰੋਗੇਸੀ ਪਾਲਿਸੀ ਨੂੰ ਸਵੀਕਾਰ ਕਰਨ ਵਾਲੀਆਂ ਔਰਤਾਂ ਲਈ ਰਾਸੀ 'ਚ 8 ਲੱਖ ਰੁਪਏ ਦਾ ਵਾਧਾ ਕਰਨ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਸੂਬਾ ਸਹਾਇਤਾ ਪ੍ਰਾਪਤ ਪ੍ਰਜਨਨ ਤਕਨਾਲੋਜੀ ਅਤੇ ਸਰੋਗੇਸੀ ਬੋਰਡ ਦੀ ਸਮੀਖਿਆ ਮੀਟਿੰਗ ਦੌਰਾਨ ਲਿਆ ਗਿਆ ਹੈ। ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਨ ਵਾਲੇ ਸਿਹਤ ਮੰਤਰੀ ਰਾਜੇਂਦਰ ਸੁਕਲਾ ਨੇ ਬੋਰਡ ਨੂੰ ਸੂਬੇ ਵਿਚ ਸਰੋਗੇਸੀ ਦੇ ਮਾਮਲਿਆਂ 'ਤੇ ਸਹੀ ਵਿਚਾਰ ਕਰਕੇ ਜਲਦੀ ਫੈਸਲੇ ਲੈਣ ਦੇ ਨਿਰਦੇਸ ਦਿੱਤੇ ਹਨ। ਸਿਹਤ ਵਿਭਾਗ ਦੇ ਇਕ ਅਧਿਕਾਰੀ ਨੇ ਇਸ ਖਬਰ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਸਰੋਗੇਸੀ ਪਾਲਿਸੀ ਅਪਣਾਉਣ ਵਾਲੀਆਂ ਔਰਤਾਂ ਲਈ ਬੀਮਾ ਸੀਮਾ ਵਧਾ ਕੇ 10 ਲੱਖ ਰੁਪਏ ਕਰਨ ਦਾ ਫੈਸਲਾ ਕੀਤਾ ਗਿਆ ਹੈ। ਜਲਦ ਹੀ ਇਸ ਦੀ ਨੋਟੀਫਿ਼ਕੇਸ਼ਨ ਜਾਰੀ ਕਰ ਦਿੱਤੀ ਜਾਵੇਗੀ। ਮੱਧ ਪ੍ਰਦੇਸ਼ ਵਿਚ 126 ਸੰਸਥਾਵਾਂ ਸੂਬਾ ਸਹਾਇਤਾ ਪ੍ਰਾਪਤ ਪ੍ਰਜਨਨ ਤਕਨੀਕ ਅਤੇ ਸਰੋਗੇਸੀ ਐਕਟ 2021 ਤਹਿਤ ਰਜਿਸਟਰਡ ਹਨ। ਮੀਟਿੰਗ ਦੌਰਾਨ ਇਹ ਵੀ ਫੈਸਲਾ ਕੀਤਾ ਗਿਆ ਕਿ ਸੋਨੋਗ੍ਰਾਫੀ ਦੌਰਾਨ ਭਰੇ ਐੱਫ ਫਾਰਮ ਅਗਲੇ 5 ਦਿਨਾਂ ਵਿਚ ਕਿਸੇ ਵੀ ਸਮੇਂ ਅਪਲੋਡ ਕੀਤੇ ਜਾ ਸਕਦੇ ਹਨ, ਨਾ ਕਿ ਉਸੇ ਦਿਨ। ਅਧਿਕਾਰੀਆਂ ਨੂੰ ਨਿਰਦੇਸ਼ ਦਿੱਤਾ ਗਿਆ ਹੈ ਕਿ ਉਹ ਡਿਜੀਟਲ ਫਾਰਮ ਐੱਫ ਨੂੰ ਅਪਲੋਡ ਕਰਨ ਲਈ ਤਕਨੀਕੀ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾਉਣ ਵੱਲ ਧਿਆਨ ਦੇਣ। ਸੋਧ ਨਿਯਮ ਮੁਤਾਬਕ ਜੋੜਾ ਸਰੋਗੇਸੀ ਜਰੀਏ ਇਕ ਬੱਚਾ ਪੈਦਾ ਕਰ ਸਕਦਾ ਹੈ। ਨਵੇਂ ਨਿਯਮ ਨੇ ਇਹ ਵੀ ਸਪੱਸਟ ਕੀਤਾ ਹੈ ਕਿ ਸਰੋਗੇਸੀ ਤੋਂ ਗੁਜਰਨ ਵਾਲੀਆਂ ਸਿੰਗਲ ਔਰਤਾਂ (ਵਿਧਵਾ ਜਾਂ ਤਲਾਕਸੁਦਾ) ਨੂੰ ਸਰੋਗੇਸੀ ਪ੍ਰਕਿਰਿਆਵਾਂ ਦਾ ਲਾਭ ਲੈਣ ਲਈ ਸਵੈ-ਅੰਡੇ ਅਤੇ ਦਾਨੀ ਦੇ ਸੁਕਰਾਣੂ ਦੀ ਵਰਤੋਂ ਕਰਨੀ ਪਵੇਗੀ।

## ਮੂਰਤੀ ਵਿਸਰਜਨ ਕਰਦੇ ਸਮੇਂ ਦਰਿਆ ਬਿਆਸ 'ਚ ਰੁੜ੍ਹੇ 4 ਨੌਜਵਾਨਾਂ 'ਚੋਂ 2 ਦੀਆਂ ਲਾਸਾਂ ਬਰਾਮਦ

ਬਾਬਾ ਬਕਾਲਾ ਸਾਹਿਬ 7 ਸਤੰਬਰ। ਬੀਤੇ ਐਤਵਾਰ ਨੂੰ ਦਰਿਆ ਬਿਆਸ ਵਿਖੇ ਮੂਰਤੀ ਵਿਸਰਜਨ ਕਰਦੇ ਸਮੇਂ ਦਰਿਆ ਦੇ ਪਾਣੀ 'ਚ ਰੁੜ੍ਹੇ 4 ਨੌਜਵਾਨਾਂ ਵਿਚੋਂ ਦੋ ਦੀਆਂ ਲਾਸਾਂ ਬਰਾਮਦ ਹੋਈਆਂ ਹਨ। ਸੂਤਰਾਂ ਅਨੁਸਾਰ ਉਕਤ ਲਾਸ਼ਾਂ ਗੋਇੰਦਵਾਲ ਸਾਹਿਬ ਦੇ ਨੇੜਿਓਂ ਬਰਾਮਦ ਕੀਤੀਆਂ ਗਈਆਂ ਹਨ। ਗੋਤਾਖੋਰਾਂ ਤੇ ਸੇਵਕ ਦਲਾਂ ਦੀ ਮਿਹਨਤ ਨਾਲ 72 ਘੰਟਿਆਂ ਬਾਅਦ ਉਕਤ ਦੋ ਲਾਸ਼ਾਂ ਦੀ ਰਿਕਵਰੀ ਹੋਈ ਹੈ, ਜਦਕਿ ਦੋ ਹੋਰ ਰੁੜ੍ਹੇ ਨੌਜਵਾਨਾਂ ਦੀਆਂ ਲਾਸ਼ਾਂ ਬਾਰੇ ਅਜੇ ਤੱਕ ਕੋਈ ਪਤਾ ਨਹੀਂ ਲੱਗ ਸਕਿਆ। ਜ਼ਿਕਰਯੋਗ ਹੈ ਕਿ ਬੀਤੇ ਦਿਨ ਬਾਅਦ ਦੁਪਹਿਰ ਬਿਆਸ ਦਰਿਆ 'ਚ ਮੂਰਤੀ ਵਿਸਰਜਨ ਕਰਦੇ ਸਮੇਂ 4 ਨੌਜਵਾਨਾਂ ਦੇ ਪਾਣੀ ਦੇ ਤੇਜ਼ ਵਹਾਅ 'ਚ ਰੁੜ੍ਹ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਸੀ। ਮੌਕੇ 'ਤੇ ਪੁੱਜੇ ਐੱਸ.ਡੀ.ਐੱਮ. ਰਵਿੰਦਰ ਸਿੰਘ ਅਰੋੜਾ ਅਤੇ ਥਾਣਾ ਮੁਖੀ ਬਿਆਸ ਹਰਪਾਲ ਸਿੰਘ ਸੋਹੀ ਨੇ ਦੱਸਿਆ ਕਿ ਦੇਰ ਸ਼ਾਮ ਯੂ.ਪੀ. ਨਿਵਾਸੀ ਪਰਿਵਾਰ, ਜੋ ਕਿ ਇਸ ਸਮੇਂ ਜਲੰਧਰ 'ਚ ਰਹਿ ਰਿਹਾ ਹੈ, ਦਰਿਆ ਬਿਆਸ ਵਿਚ ਮੂਰਤੀ ਵਿਸਰਜਨ ਕਰਨ ਲਈ ਆਇਆ ਸੀ। ਮੂਰਤੀ ਵਿਸਰਜਨ ਕਰਦੇ ਸਮੇਂ ਪਰਿਵਾਰ 'ਚੋਂ 4 ਨੌਜਵਾਨ ਪਾਣੀ ਦੇ ਤੇਜ ਵਹਾਅ 'ਚ ਰੁੜ੍ਹ ਗਏ ਸਨ।

## ਪੰਜਾਬ 'ਚ 2.44 ਲੱਖ ਮ੍ਰਿਤਕ ਲੈ ਰਹੇ ਸੀ ਪੈਨਸ਼ਨ !

ਚੰਡੀਗੜ੍ਹ/ਜਲੰਧਰ 7 ਸਤੰਬਰ। ਪੰਜਾਬ 'ਚ ਤਕਰੀਬਨ 2.44 ਲੱਖ ਮ੍ਰਿਤਕ ਪੈਨਸ਼ਨ ਲੈ ਰਹੇ ਸਨ। ਇਹ ਖੁਲਾਸਾ ਸਟੇਟ ਪੈਨਸ਼ਨ ਸਕੀਮ ਦੇ ਲਾਭਪਾਤਰੀਆਂ ਸਬੰਧੀ ਸਮਾਜਿਕ ਸੁਰੱਖਿਆ ਵਿਭਾਗ ਵੱਲੋਂ ਕਰਵਾਏ ਗਏ ਇਕ ਸਰਵੇ 'ਚ ਹੋਇਆ ਹੈ। ਸਰਵੇ ਰਿਪੋਰਟ ਮੁਤਾਬਕ 2.44 ਲੱਖ ਮ੍ਰਿਤਕ ਲਾਭਪਾਤਰੀਆਂ ਦੀ ਸ਼ਨਾਖਤ ਕੀਤੀ ਗਈ ਹੈ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿਭਾਗ ਵੱਲੋਂ ਕਰਵਾਏ ਸਰਵੇ ਦੀ ਰਿਪੋਰਟ ਮੁਤਾਬਕ 2022-23 ਦੌਰਾਨ ਸਟੇਟ ਪੈਨਸ਼ਨ ਸਕੀਮ ਅਧੀਨ ਪੈਨਸ਼ਨ ਲੈ ਰਹੇ 1,22,908 ਲਾਭਪਾਤਰੀ ਮ੍ਰਿਤਕ ਤੇ ਅਯੋਗ ਮਿਲੇ, ਜਿਨ੍ਹਾਂ ਤੋਂ 77.91 ਕਰੋੜ ਰੁਪਏ ਦੀ ਰਿਕਵਰੀ ਕੀਤੀ ਗਈ ਹੈ। ਸਾਲ 2023-24 ਦੌਰਾਨ ਸਟੇਟ ਪੈਨਸ਼ਨ ਸਕੀਮ ਅਧੀਨ ਪੈਨਸ਼ਨ ਲੈ ਰਹੇ 1,07,571 ਲਾਭਪਾਤਰੀ ਮ੍ਰਿਤਕ ਤੇ ਅਯੋਗ ਮਿਲੇ, ਜਿਨ੍ਹਾਂ ਤੋਂ 41.22 ਕਰੋੜ ਰੁਪਏ ਦੀ ਰਿਕਵਰੀ ਕੀਤੀ ਗਈ ਹੈ। ਇਸੇ ਤਰ੍ਹਾਂ 2024-25 ਦੌਰਾਨ ਜੁਲਾਈ ਮਹੀਨੇ ਤੱਕ 14,160 ਲਾਭਪਾਤਰੀਆਂ ਨੂੰ ਪੈਨਸਨ ਸਕੀਮ ਅਧੀਨ ਅਯੋਗ ਮੰਨਿਆ ਗਿਆ ਹੈ। ਸਰਕਾਰ ਵੱਲੋਂ ਇਨ੍ਹਾਂ ਲਾਭਪਾਤਰੀਆਂ ਤੋਂ 26.59 ਕਰੋੜ ਰੁਪਏ ਦੀ ਰਿਕਵਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕੁੱਲ 2,44,639 ਲਾਭਪਾਤਰੀਆਂ ਤੋਂ 145.73 ਕਰੋੜ ਰੁਪਏ ਰਿਕਵਰ ਕੀਤੇ ਗਏ। ਅੰਮ੍ਰਿਤਸਰ ਜ਼ਿਲ੍ਹੇ 'ਚ 17,851 ਲਾਭਪਾਤਰੀਆਂ ਤੋਂ 10.54 ਕਰੋੜ ਰੁਪਏ, ਬਰਨਾਲਾ 'ਚ 6,770 ਲਾਭਪਾਤਰੀਆਂ ਤੋਂ 4.27 ਕਰੋੜ ਰੁਪਏ, ਬਠਿੰਡਾ 'ਚ 19,590 ਲਾਭਪਾਤਰੀਆਂ ਤੋਂ 3.44 ਕਰੋੜ ਰੁਪਏ, ਫਤਿਹਗੜ੍ਹ ਸਾਹਿਬ 'ਚ 5,984 ਲਾਭਪਾਤਰੀਆਂ ਤੋਂ 2.10 ਕਰੋੜ ਰੁਪਏ, ਫਰੀਦਕੋਟ 'ਚੋਂ 6,081 ਲਾਭਪਾਤਰੀਆਂ ਤੋਂ 3.39 ਕਰੋੜ ਰੁਪਏ, ਫਿਰੋਜਪੁਰ 'ਚ 7,024 ਲਾਭਪਾਤਰੀਆਂ ਤੋਂ 7.00 ਕਰੋੜ ਰੁਪਏ, ਫਾਜ਼ਿਲਕਾ 'ਚ 10596 ਲਾਭਪਾਤਰੀਆਂ ਤੋਂ 5.59 ਕਰੋੜ ਰੁਪਏ ਵਸੂਲੇ ਗਏ। ਇਸੇ ਤਰ੍ਹਾਂ ਗੁਰਦਾਸਪੁਰ 'ਚ 13,799 ਲਾਭਪਾਤਰੀਆਂ ਤੋਂ 15.85 ਕਰੋੜ ਰੁਪਏ, ਹੁਸ਼ਿਆਰਪੁਰ 'ਚ 12,317 ਲਾਭਪਾਤਰੀਆਂ ਤੋਂ 7.09 ਕਰੋੜ ਰੁਪਏ, ਜਲੰਧਰ 'ਚ 20,434 ਲਾਭਪਾਤਰੀਆਂ ਤੋਂ 4.40 ਕਰੋੜ ਰੁਪਏ, ਕਪੂਰਥਲਾ 'ਚ 7,729 ਲਾਭਪਾਤਰੀਆਂ ਤੋਂ 4.15 ਕਰੋੜ ਰੁਪਏ,ਮੋਗਾ 'ਚ 10,054 ਲਾਭਪਾਤਰੀਆਂ ਤੋਂ 14.42 ਕਰੋੜ ਰੁਪਏ, ਮਾਨਸਾ 'ਚ 8260 ਲਾਭਪਾਤਰੀਆਂ ਤੋਂ 2.70 ਕਰੋੜ ਰੁਪਏ ਰਿਕਵਰ ਕੀਤੇ ਗਏ ਹਨ। ਇਸੇ ਤਰ੍ਹਾਂ ਐੱਸ. ਬੀ. ਐੱਸ. ਨਗਰ 'ਚ 12,204 ਲਾਭਪਾਤਰੀਆਂ ਤੋਂ 3.65 ਕਰੋੜ ਰੁਪਏ, ਸੰਗਰੂਰ 'ਚ 7,888 ਲਾਭਪਾਤਰੀਆਂ ਤੋਂ 21.46 ਕਰੋੜ ਰੁਪਏ, ਐੱਸ. ਏ. ਐੱਸ. ਨਗਰ 'ਚ 4808 ਲਾਭਪਾਤਰੀਆਂ ਤੋਂ 1.59 ਕਰੋੜ ਰੁਪਏ, ਤਰਨਤਾਰਨ 'ਚ 11,186 ਲਾਭਪਾਤਰੀਆਂ ਤੋਂ 10.06 ਕਰੋੜ ਰੁਪਏ ਦੀ ਰਿਕਵਰੀ ਸ਼ਾਮਲ ਹੈ।

# ਸਿਹਤ ਸੇਵਾਵਾਂ ਪ੍ਰਤੀ ਪਹਿਲੀ ਵਾਰ ਗੰਭੀਰ ਦਿਸੀ ਕੋਈ ਸਰਕਾਰ

**ਏਜੰਸੀਆਂ**

ਜਲੰਧਰ 7 ਸਤੰਬਰ। ਪੰਜਾਬ 'ਚ ਜਦੋਂ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਕਕਾਰ ਨੇ ਸੂਬੇ ਦੀ ਕਮਾਨ ਆਪਣੇ ਹੱਥਾਂ ਵਿਚ ਲਈ ਹੈ, ਸਿਹਤ ਦੇ ਖੇਤਰ ਵਿਚ ਵੀ ਬੇਮਿਸਾਲ ਕਦਮ ਚੁੱਕੇ ਜਾ ਰਹੇ ਹਨ। ਇਸੇ ਲੜੀ ਤਹਿਤ ਭਗਵੰਤ ਸਿੰਘ ਮਾਨ ਸਰਕਾਰ ਨੇ ਪੰਜਾਬ ਦੇ ਲੋਕਾਂ ਲਈ ਸਿਹਤ ਵਿਵਸਥਾ ਨੂੰ ਉੱਤਮ ਬਣਾਉਣ ਤੇ ਜਨ-ਜਨ ਤੱਕ ਸਿਹਤ ਸਹੂਲਤਾਂ ਨੂੰ ਪਹੁੰਚਾਉਣ ਲਈ ਆਮ ਆਦਮੀ ਕਲੀਨਿਕਾਂ ਦੀ ਸੁਰੂਆਤ ਕੀਤੀ ਹੈ। ਪੰਜਾਬ ਦੇ ਆਮ ਆਦਮੀ ਕਲੀਨਿਕਾਂ ਨੂੰ ਲੋਕਾਂ ਨੇ ਖੂਬ ਸਰਾਹਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਹਿਣਾ ਹੈ ਕਿ ਜੇਕਰ ਪੱਕਾ ਇਰਾਦਾ ਕਰ ਲਈਏ ਤਾਂ ਕੋਈ ਵੀ ਕੰਮ ਅਸੰਭਵ ਨਹੀਂ ਹੈ। ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਉਹ ਇਸ ਨੂੰ ਪੂਰਾ ਕਰ ਰਹੀ ਹੈ। ਲੋਕਾਂ ਨੂੰ ਮੁਫਤ ਇਲਾਜ ਮੁਹੱਈਆ ਕਰਵਾਉਣ ਨਾਲ ਉਨ੍ਹਾਂ ਦੇ ਪੈਸੇ ਬਚਣਗੇ ਅਤੇ ਉਨ੍ਹਾਂ ਦੀ ਆਰਥਿਕ ਹਾਲਤ ਮਜਬੂਤ ਹੋਵੇਗਾ, ਜਿਸ ਨਾਲ ਉਹ ਆਪਣੇ ਪੈਸਿਆਂ ਦਾ ਇਸਤੇਮਾਲ ਆਪਣੇ ਪਰਿਵਾਰ ਜਾਂ ਕਾਰੋਬਾਰ 'ਤੇ ਕਰਨਗੇ ਜਾਂ ਆਪਣੀ ਬਚਤ



ਵਧਾਉਣਗੇ, ਜਿਸ ਨਾਲ ਉਨ੍ਹਾਂ ਨੂੰ ਫਾਇਦਾ ਹੋਵੇਗਾ। ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਵਿਚ ਨਵੀਂ ਯੋਜਨਾ ਤਹਿਤ ਪੰਜਾਬ ਸਰਕਾਰ ਇਕ ਪਾਸੇ ਨਵੀਂ ਪਹਿਲ ਸੁਰੂ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ, ਜਿਸ ਤਹਿਤ ਬੀਮਾਰੀਆਂ ਦਾ ਸੁਰੂਆਤ ਵਿਚ ਹੀ ਪਤਾ ਲਾਉਣ ਲਈ ਸਿਹਤ ਟੀਮਾਂ ਵਲੋਂ 3 ਕਰੋੜ ਪੰਜਾਬੀਆਂ ਦੇ ਬਲੱਡ ਪ੍ਰੈਸਰ, ਸ਼ੂਗਰ, ਬਾਡੀ ਮਾਸ ਇੰਡੈਕਸ (ਬੀ. ਐੱਮ. ਆਈ) ਅਤੇ ਬੇਸਿਕ ਮੈਟਾਬੋਲਿਕ ਰੇਟ ਦੀ ਜਾਂਚ ਕੀਤੀ ਜਾਵੇਗੀ। ਪਟਿਆਲਾ ਤੋਂ ਸੁਰੂ ਕੀਤੇ ਜਾਣ ਵਾਲੇ ਇਸ ਪ੍ਰਮੁੱਖ ਪ੍ਰਾਜੈਕਟ ਤਹਿਤ ਪਹਿਲੇ ਪੜਾਅ ਹੇਠ ਲਗਭਗ ਇਕ 1 ਲੱਖ ਲੋਕਾਂ ਦੀ ਜਾਂਚ ਕੀਤੀ ਜਾਵੇਗੀ। ਇਸ ਯੋਜਨਾ ਤਹਿਤ ਇਹ ਪਤਾ ਲਾਇਆ ਜਾਵੇਗਾ ਕਿ ਪੰਜਾਬੀਆਂ ਵਿਚ ਕਿਹੜੀ ਬੀਮਾਰੀ ਦਾ ਔਸਤ ਜ਼ਿਆਦਾ ਪਾਇਆ ਜਾ ਰਿਹਾ ਹੈ ਅਤੇ ਇਸ ਡਾਟਾ ਨੂੰ ਰਿਸਰਚ ਦੇ ਕੰਮਾਂ ਵਿਚ ਇਸਤੇਮਾਲ ਕੀਤਾ ਜਾਵੇਗਾ, ਜਿਸ ਨਾਲ ਲੋਕਾਂ ਦਾ ਲਾਈਫਸਟਾਈਲ ਬਦਲਣ ਨਾਲ ਉਨ੍ਹਾਂ ਨੂੰ ਬੀਮਾਰੀਆਂ ਤੋਂ ਬਚਾਉਣ ਵਿਚ ਮਦਦ ਮਿਲੇਗੀ।


## ਅਪੀਲ

ਦਿੱਲੀ ਦੇ ਪਿਆਰੇ ਨਾਗਰਿਕੋ,

ਭਾਰਤ ਦੇ ਚੋਣ ਆਯੋਗ ਨੇ ਮਤਦਾਤਾ ਸੂਚੀਆਂ ਦੇ ਵਿਸ਼ੇਸ਼ ਸਾਰਾਂਸ਼ ਸੰਸ਼ੋਧਨ (SSR) ਦਾ ਆਯੋਜਨ ਕਰਕੇ 01.01.2025 ਨੂੰ ਅਰਹਕ ਮਿਤਿ ਦੇ ਰੂਪ 'ਚ ਸੰਦਰਭਿਤ ਕਰਦੇ ਹੋਏ ਦਿੱਲੀ ਦੇ ਮਤਦਾਤਾ ਸੂਚੀ ਨੂੰ ਨਵੀਨੀਕਰਨ ਕਰਨ ਦਾ ਆਦੇਸ਼ ਦਿੱਤਾ ਹੈ। SSR ਦੀ ਅਨੁਸੂਚੀ ਇਸ ਪ੍ਰਕਾਰ ਹੈ :

| | |
|---|---|
| ਏਕੀਕ੍ਰਿਤ ਪ੍ਰਾਰੂਪ ਰੋਲ ਦਾ ਪ੍ਰਕਾਸ਼ਨ | 29.10.2024 |
| ਦਾਵਿਆਂ ਅਤੇ ਆਪੱਤੀਆਂ ਪ੍ਰਾਪਤ ਕਰਨ ਦੀ ਅਵਧਿ | 29.10.2024 ਤੋਂ 28.11.2024 |
| ਪ੍ਰਾਪਤ ਦਾਵਿਆਂ ਅਤੇ ਆਪੱਤੀਆਂ ਦਾ ਨਿਪਟਾਨ | 24.12.2024 ਤੱਕ |
| ਮਤਦਾਤਾ ਸੂਚੀ ਦਾ ਅੰਤਿਮ ਪ੍ਰਕਾਸ਼ਨ | 06.01.2025 |

SSR ਦੇ ਲਈ ਸ਼ੁਰੂਆਤੀ ਗਤਿਵਿਧੀਆਂ ਦੇ ਹਿੱਸੇ ਦੇ ਰੂਪ 'ਚ, ਦਿੱਲੀ ਦੇ ਪੂਰੇ ਰਾਸ਼ਟਰੀ ਰਾਜਧਾਨੀ ਖੇਤਰ 'ਚ ਇਕ ਮਹੱਤਵਪੂਰਨ ਅਭਿਆਸ 'ਘਰ-ਘਰ ਸਤਿਆਪਨ' ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਬੂਥ ਲੇਵਲ ਅਧਿਕਾਰੀ (BLO) ਮਤਦਾਤਾ ਵੇਰਵਿਆਂ ਨੂੰ ਸਤਿਆਪਿਤ ਕਰਨ ਅਤੇ ਸੰਬੰਧਿਤ ਫੱਾਰਮ ਭਰਨ 'ਚ ਤੁਹਾਡੀ ਸਹਾਇਤਾ ਕਰਨ ਦੇ ਲਈ ਤੁਹਾਡੇ ਘਰ ਜਾਣਗੇ।

**ਇਸ ਘਰ-ਘਰ ਜਾਕੇ ਸਤਿਆਪਨ ਦੇ ਦੌਰਾਨ ਤੁਸੀਂ ਕੀ ਕਰ ਸਕਦੇ ਹੋ:**

▶ BLO ਵਲੋਂ ਤੁਹਾਡੇ ਘਰ 'ਤੇ ਜਾਣ ਦੇ ਦੌਰਾਨ ਆਪਣੇ ਮੌਜੂਦਾ ਮਤਦਾਤਾ ਵੇਰਵਿਆਂ ਨੂੰ ਸਤਿਆਪਿਤ ਕਰਨ ਅਤੇ ਅਗਰ ਪਤਾ ਨਵੀਨੀਕਰਨ, ਸੁਧਾਰ, ਪ੍ਰਤਿਸਥਾਪਨ ਮਤਦਾਤਾ ਪਹਿਚਾਨ ਪੱਤਰ ਜਾਰੀ ਕਰਨਾ, ਦਿਵਿਆਂਗਜਨਾਂ (PWD) ਨੂੰ ਚਿਨਹਿਤ ਕਰਨਾ, ਮੋਬਾਈਲ ਨੰਬਰ ਲਿੰਕ ਕਰਨਾ ਜਿਵੇਂ ਕਿਸੀ ਸੰਸ਼ੋਧਨ ਦੀ ਜ਼ਰੂਰਤ ਹੋਵੇ, ਤਾਂ ਕ੍ਰਿਪਾ ਫੱਾਰਮ-8 ਭਰੋ।

▶ **ਹੇਠਲਿਖਿਤ ਦੇ ਬਾਰੇ 'ਚ ਸੂਚਿਤ ਕਰੋ :**

ਕ. ਗੈਰ-ਨਾਮਾਂਕਿਤ ਪਾਤਰ ਮਤਦਾਤਾ ਜਿਨ੍ਹਾਂ ਨੇ 01.10.2024 ਤੱਕ 18 ਸਾਲ ਦੀ ਉਮਰ ਪੂਰੀ ਕਰ ਲਈ ਹੋਵੇ, ਤਾਂ ਫੱਾਰਮ-6 ਭਰੇ।

ਖ. ਗੈਰ-ਨਾਮਾਂਕਿਤ ਪਾਤਰ ਮਤਦਾਤਾ ਜੋ 01.01.2025 ਤੱਕ 18 ਸਾਲ ਦੀ ਉਮਰ ਪੂਰੀ ਕਰ ਰਹੇ ਹੋਣ, SSR ਦੇ ਦੌਰਾਨ ਤੁਰੰਤ ਫੱਾਰਮ-6 ਭਰੋ।

ਗ. ਸੰਭਾਵਿਤ ਮਤਦਾਤਾ ਜੋ 02.01.2025 ਤੋਂ 01.10.2025 ਦੇ ਵਿੱਚ 18 ਸਾਲ ਦੀ ਉਮਰ ਪੂਰੀ ਕਰ ਰਹੇ ਹੋਣ, SSR ਦੇ ਦੌਰਾਨ ਫੱਾਰਮ-6 ਭਰਨ। ਇਨ੍ਹਾਂ ਅਗ੍ਰਿਮ ਆਵੇਦਨਾਂ 'ਤੇ ਸੰਬੰਧਿਤ ਤਿਮਾਹੀ 'ਚ ਕਾਰਵਾਈ ਕੀਤੀ ਜਾਵੇਗੀ।

ਘ. ਸਮਾਪਤ/ਸਥਾਈ ਰੂਪ ਤੋਂ ਸਥਾਨਾਂਤਰਿਤ/ਏਕਾਧਿਕ ਪ੍ਰਵਿਸ਼ਟੀਆਂ ਅਤੇ ਨਾਮ ਹਟਾਉਣ ਦੇ ਲਈ ਫੱਾਰਮ-7 'ਚ ਆਵੇਦਨ ਕਰਨ।

ਬੀਐਲਓ ਦੇ ਦੌਰੇ ਦੇ ਦੌਰਾਨ, ਵਿਸ਼ੇਸ਼ ਰੂਪ ਤੋਂ ਗੇਟੇਡ ਸੋਸਾਈਟੀਆਂ ਅਤੇ ਉਚੀਆਂ ਇਮਾਰਤਾਂ 'ਚ ਉਨ੍ਹਾਂ ਨੂੰ ਪ੍ਰਵੇਸ਼ ਦੀ ਅਨੁਮਤੀ ਦੇਕੇ ਤੁਹਾਡਾ ਸਹਿਯੋਗ ਜ਼ਿਆਦਾ ਅਪੇਕਸ਼ਿਤ ਹੈ। ਇਹ ਵੀ ਅਨੁਰੋਧ ਹੈ ਕਿ ਆਪਣੇ ਰਿਕੱਾਰਡ ਨੂੰ ਸਹੀ ਢੰਗ ਤੋਂ ਅਪਡੇਟ ਕਰਨ ਦੇ ਲਈ ਸਟੀਕ ਜਾਣਕਾਰੀ ਪ੍ਰਦਾਨ ਕਰਨ।

ਔਨਲਾਈਨ ਫੱਾਰਮ ਭਰਨ ਦੇ ਲਈ ਵੋਟਰ ਹੇਲਪਲਾਈਨ ਐਪ (VHA) ਡਾਉਨਲੋਡ ਕਰੋ ਜਾਂ www.voters.eci.gov.in 'ਤੇ ਜਾਓ। ਹੋਰ ਸਹਾਇਤਾ ਜਾਂ ਜਾਣਕਾਰੀ ਦੇ ਲਈ, ਤੁਸੀਂ ਵੋਟਰ ਹੇਲਪਲਾਈਨ ਨੰਬਰ 1950 'ਤੇ ਕੱਾਲ ਕਰ ਸਕਦੇ ਹੋ।

ਮੈਂ ਦਿੱਲੀ ਦੇ ਸਾਰੇ ਲੋਕਾਂ ਤੋਂ ਅਪੀਲ ਕਰਦਾ ਹਾਂ ਕਿ ਉਹ ECI ਵਲੋਂ ਚਲਾਏ ਜਾ ਰਹੇ ਘਰ-ਘਰ ਮਤਦਾਤਾ ਸਤਿਆਪਨ ਅਭਿਆਨ ਦਾ ਪੂਰਾ ਲਾਭ ਚੁੱਕਣ ਮਤ BLO ਨੂੰ ਸਹੀ ਜਾਣਕਾਰੀ ਦੇਕੇ ਮਤਦਾਤਾ ਸੂਚੀ ਨੂੰ ਬੇਹਤਰ ਬਨਾਉਣ 'ਚ ਮਦਦ ਕਰਨ।

**ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ**

**ਮਤਦਾਤਾ ਪਹਿਚਾਨ ਪੱਤਰ ਹੋਣਾ ਹੀ ਕਾਫ਼ੀ ਨਹੀਂ ਹੈ।**
**ਵੋਟ ਪਾਉਣ ਦੇ ਲਈ ਨਵੀਨੀਕ੍ਰਿਤ ਮਤਦਾਤਾ ਸੂਚੀ 'ਚ ਨਾਮ ਹੋਣ ਵੀ ਜ਼ਰੂਰੀ ਹੈ।**

DIP/Shabdarth/Display/0019/24-25

www.ceodelhi.gov.in | Follow us on : ceodelhioffice | www.voters.eci.gov.in


# ਵਿਧਾਇਕ ਕੁਲਵੰਤ ਸਿੰਘ ਨੇ ਵਿਧਾਨ ਸਭਾ 'ਚ ਚੁੱਕਿਆ ਸਕਾਲਰਸਿਪ ਦਾ ਮੁੱਦਾ

**ਕਿਸ਼ਨ ਪਾਲ**

ਮੋਹਾਲੀ 7 ਸਤੰਬਰ। ਅੱਜ ਪੰਜਾਬ ਵਿਧਾਨ ਸਭਾ ਦੇ ਸੈਸਨ ਦੇ ਦੌਰਾਨ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਅਨੁਸੂਚਿਤ ਜਾਤੀ ਨਾਲ ਸਬੰਧਿਤ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਲਈ ਸਕਾਲਰਸ਼ਿਪ ਜਲਦ ਜਾਰੀ ਕਰਨ ਦਾ ਮੁੱਦਾ ਚੁੱਕਿਆ। ਵਿਧਾਨ ਸਭਾ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੂੰ ਸੰਬੋਧਿਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਸਮਾਜਿਕ ਨਿਆਂ ਅਧਿਕਾਰ ਅਤੇ ਘੱਟ ਗਿਣਤੀ ਵਿਭਾਗ ਦੇ ਮੰਤਰੀ ਡਾ. ਬਲਜੀਤ ਕੌਰ ਨੂੰ ਇਹ ਸਵਾਲ ਕੀਤਾ ਕਿ 2022-23 ਦਾ ਵਜੀਫਾ, ਜੋ ਪੰਜਾਬ ਸਰਕਾਰ ਵੱਲੋਂ 240 ਕਰੋੜ ਰੁਪਏ ਦੇਣਾ ਸੀ, ਦੇ ਵਿੱਚੋਂ 202 ਕਰੋੜ ਰੁਪਏ ਜਾਰੀ ਕੀਤਾ ਜਾ ਚੁੱਕਿਆ ਹੈ ਅਤੇ ਇਸੇ ਤਰ੍ਹਾਂ ਕੇਂਦਰ ਸਰਕਾਰ ਵੱਲੋਂ 360 ਕਰੋੜ ਰੁਪਏ ਸਕਾਲਰਸ਼ਿਪ ਦੇ ਰੂਪ ਵਿੱਚ ਦੇਣੇ ਸਨ, ਜਿਸ ਦੇ ਵਿੱਚੋਂ 308 ਕਰੋੜ ਰੁਪਏ ਜਾਰੀ ਕੀਤਾ ਹੈ। ਕੇਂਦਰ ਸਰਕਾਰ ਵੱਲ 52 ਕਰੋੜ ਰੁਪਿਆ ਅਜੇ ਵੀ ਇਸ ਦਾ ਬਕਾਇਆ ਹੈ। ਇਸੇ ਤਰ੍ਹਾਂ ਸੈਸਨ 2023 ਦੇ ਵਿੱਚ ਪੰਜਾਬ



ਸਰਕਾਰ ਵੱਲੋਂ ਸਕਾਲਰਸ਼ਿਪ ਦੇ ਲਈ 600 ਕਰੋੜ ਰੁਪਏ ਜਾਰੀ ਕੀਤਾ ਜਾਣਾ ਸੀ, ਜਿਸ ਦੇ ਵਿੱਚੋਂ 303 ਕਰੋੜ ਰੁਪਿਆ ਜਾਰੀ ਕੀਤਾ ਗਿਆ, ਇਸੇ ਤਰ੍ਹਾਂ ਸੈਸਨ 2024-25 ਦੀ ਪੜ੍ਹਾਈ ਸੁਰੂ ਹੋਏ ਨੂੰ 6 ਮਹੀਨੇ ਦੇ ਕਰੀਬ ਸਮਾਂ ਲੰਘ ਚੁੱਕਾ ਹੈ ਪਰ ਸਕਾਲਰਸ਼ਿਪ ਦੇ ਮਾਮਲੇ ਵਿੱਚ ਕੋਈ ਪੈਸਾ ਜਾਰੀ ਨਹੀਂ ਕੀਤਾ ਗਿਆ। ਜਦੋਂ ਬੱਚਿਆਂ ਨੂੰ ਸਕਾਲਰਸ਼ਿਪ ਦੇ ਰੂਪ ਵਿੱਚ ਪੈਸੇ ਹੀ ਨਹੀਂ ਮਿਲਣਗੇ ਤਾਂ ਬੱਚੇ ਕਿਵੇਂ ਪੜ੍ਹਾਈ ਪੂਰੀ ਕਰ ਸਕਣਗੇ। ਇਸ ਦੇ ਚੱਲਦਿਆਂ ਪੂਰੇ ਪਰਿਵਾਰ ਨੂੰ ਮੁਸਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵਿਧਾਇਕ ਕੁਲਵੰਤ ਸਿੰਘ ਵੱਲੋਂ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਸਬੰਧਿਤ ਵਿਭਾਗ ਦੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਸਾਲ 2017 ਤੋਂ 20 ਦੇ ਸੈਸਨ ਵਿੱਚ ਪਿਛਲੀਆਂ ਸਰਕਾਰਾਂ ਨੇ ਜੋ ਅਨੁਸੂਚਿਤ ਜਾਤੀ ਬੱਚਿਆਂ ਨੂੰ ਸਕਾਲਰਸ਼ਿਪ ਦਾ ਲਾਭ ਨਹੀਂ ਦਿੱਤਾ, ਉਨ੍ਹਾਂ ਨੂੰ ਵੀ ਪੰਜਾਬ ਸਰਕਾਰ ਵਲੋਂ ਸਕਾਲਰਸ਼ਿਪ ਯੋਜਨਾ ਵਿੱਚ ਸਾਮਲ ਕੀਤਾ ਗਿਆ ਹੈ ਅਤੇ ਇਸ ਸਬੰਧੀ ਬਕਾਇਆ ਰਾਸੀ ਦੇ ਸਬੰਧ ਵਿੱਚ ਵਿੱਤ ਵਿਭਾਗ ਕੋਲੋਂ ਮੰਗ ਕੀਤੀ ਗਈ ਹੈ ਅਤੇ ਜਲਦੀ ਹੀ ਇਹ ਪੈਸਾ ਜਾਰੀ ਕਰ ਦਿੱਤਾ ਜਾਵੇਗਾ।